5-DEC-PAGE-1.qxd 12/4/2025 11:09 PM Page 1

ਸ਼ੁੱਕਰਵਾਰ, 5 ਦਸੰਬਰ, 2025
20 ਮੱਘਰ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 185

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • FRIDAY, 5 DECEMBER, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਮਜੀਠੀਆ ਦੀ ਜ਼ਮਾਨਤ ਅਰਜ਼ੀ ਰੱਦ

ਚੰਡੀਗੜ੍ਹ : ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਆਮਦਨ ਤੋਂ ਵੱਧ ਜਾਇਦਾਦ ਮਾਮਲੇ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਅਰਜ਼ੀ ਖਾਰਜ ਕਰ ਦਿੱਤੀ ਹੈ। ਪੰਜਾਬ ਵਿਜੀਲੈਂਸ ਬਿਊਰੋ ਨੇ ਮਜੀਠੀਆ ਨੂੰ 25 ਜੂਨ ਨੂੰ 540 ਕਰੋੜ ਰੁਪਏ ਦੀ 'ਡਰੱਗ ਮਨੀ' ਨਾਲ ਜੁੜੇ ਮਨੀ ਲਾਂਡਰਿੰਗ ਕੇਸ ਵਿਚ ਗ੍ਰਿਫ਼ਤਾਰ ਕੀਤਾ ਸੀ। ਵਿਸ਼ੇਸ਼ ਸਰਕਾਰੀ ਵਕੀਲ ਫੈਰੀ ਸੋਫਤ ਨੇ ਇੱਥੇ ਮੀਡੀਆ ਨਾਲ ਗੱਲ ਕਰਦੇ ਹੋਏ ਕਿਹਾ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਜਸਟਿਸ ਤ੍ਰਿਭੁਵਨ ਦਹੀਆ ਦੀ ਕੋਰਟ ਨੇ ਮਜੀਠੀਆ ਦੀ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ। ਇਸ ਤੋਂ ਪਹਿਲਾਂ ਮੁਹਾਲੀ ਦੀ ਇੱਕ ਅਦਾਲਤ ਨੇ ਮਜੀਠੀਆ ਦੀ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ ਸੀ। ਮਜੀਠੀਆ ਇਸ ਵੇਲੇ ਪਟਿਆਲਾ ਦੀ ਨਵੀਂ ਨਾਭਾ ਜੇਲ੍ਹ ਵਿੱਚ ਬੰਦ ਹੈ। ਮਜੀਠੀਆ ਨੇ ਆਪਣੇ ਖਿਲਾਫ਼ ਇਸ ਕੇਸ ਨੂੰ ਸਿਆਸੀ ਬਦਲਾਖੋਰੀ ਦੀ ਕਾਰਵਾਈ ਦੱਸਿਆ ਹੈ।

ਮਜੀਠੀਆ ਖਿਲਾਫ਼ 2021 ਵਿੱਚ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟਰੋਪਿਕ ਸਬਸਟਾਂਸ (ਐੱਨ ਡੀ ਪੀ ਐੱਸ) ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ। ਇਹ ਕਾਰਵਾਈ ਨਸ਼ਾ ਵਿਰੋਧੀ ਵਿਸ਼ੇਸ਼ ਟਾਸਕ ਫੋਰਸ ਦੀ 2018 ਦੀ ਰਿਪੋਰਟ ਦੇ ਅਧਾਰ 'ਤੇ ਕੀਤੀ ਗਈ ਸੀ। ਵਿਜੀਲੈਂਸ ਬਿਊਰੋ ਦਾ ਦਾਅਵਾ ਹੈ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ 540 ਕਰੋੜ ਰੁਪਏ ਤੋਂ ਵੱਧ 'ਡਰੱਗ ਮਨੀ' ਨੂੰ ਕਈ ਤਰੀਕਿਆਂ ਨਾਲ ਚਿੱਟੀ ਕਮਾਈ ਦੇ ਰੂਪ ਵਿੱਚ ਬਦਲਿਆ ਗਿਆ ਸੀ। ਵਿਜੀਲੈਂਸ ਬਿਊਰੋ ਨੇ ਮਜੀਠੀਆ ਵਿਰੁੱਧ 40,000 ਪੰਨਿਆਂ ਦੀ ਚਾਰਜਸ਼ੀਟ ਦਾਇਰ ਕੀਤੀ ਸੀ।

ਅਕਾਲੀ ਦਲ ਲਈ ਵੱਡਾ ਝਟਕਾ : ਧਾਲੀਵਾਲ/ਪੰਨੂ



ਚੰਡੀਗੜ੍ਹ (ਗੁਰਜੀਤ ਬਿੱਲਾ) ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਤੇ ਜਨਰਲ ਸਕੱਤਰ ਬਲਤੇਜ ਪੰਨੂ ਨੇ ਮਜੀਠੀਆ ਦੀ ਜ਼ਮਾਨਤ ਅਰਜ਼ੀ ਖਾਰਜ ਹੋਣ ਨੂੰ ਅਕਾਲੀ ਦਲ ਲਈ ਇੱਕ ਵੱਡਾ ਝਟਕਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੇ 'ਥੋੜ੍ਹੇ ਜਿਹੇ ਬਚੇ ਹੋਏ' ਅਕਾਲੀ ਦਲ ਨੂੰ ਇਹ ਖ਼ਬਰ ਸੁਣ ਕੇ ਜ਼ੋਰਦਾਰ ਝਟਕਾ ਲੱਗਾ ਹੋਵੇਗਾ। ਧਾਲੀਵਾਲ ਨੇ ਜ਼ੋਰ ਦੇ ਕੇ ਕਿਹਾ ਕਿ ਅਦਾਲਤ ਨੇ ਨਾ ਸਿਰਫ਼ ਅਰਜ਼ੀ ਰੱਦ ਕੀਤੀ ਹੈ, ਸਗੋਂ ਇਹ ਟਿੱਪਣੀ ਵੀ ਕੀਤੀ ਹੈ ਕਿ ਪੁਲਸ ਵੱਲੋਂ ਪੇਸ਼ ਕੀਤੇ ਗਏ ਸਬੂਤ ਬੇਹੱਦ ਗੰਭੀਰ ਹਨ।

ਧਾਲੀਵਾਲ ਨੇ ਕਿਹਾ ਕਿ ਅਕਾਲੀ ਦਲ ਦੇ ਆਗੂ ਅਤੇ ਮਜੀਠੀਆ ਦੇ ਸਮਰਥਕ ਲਗਾਤਾਰ ਇਹ ਰੌਲਾ ਪਾ ਰਹੇ ਸਨ ਕਿ ਮਾਨ ਸਰਕਾਰ ਸਿਆਸੀ ਬਦਲਾਖੋਰੀ ਅਤੇ ਧੱਕੇਸ਼ਾਹੀ ਕਰ ਰਹੀ ਹੈ। ਮਾਣਯੋਗ ਹਾਈ ਕੋਰਟ ਨੇ ਸਰਕਾਰ ਦੀ ਕਾਰਵਾਈ 'ਤੇ ਆਪਣੀ ਮੋਹਰ ਲਗਾ ਦਿੱਤੀ ਹੈ ਕਿ ਮਜੀਠੀਆ 'ਤੇ ਲਗਾਏ ਗਏ ਦੋਸ਼ ਬਿਲਕੁਲ ਸਹੀ ਹਨ। ਅਦਾਲਤ ਵਿੱਚ 540 ਕਰੋੜ ਰੁਪਏ ਦੇ ਲੈਣ-ਦੇਣ ਦੇ ਸਬੂਤ ਪੇਸ਼ ਕੀਤੇ ਗਏ ਸਨ। 15 ਦਿਨ ਤੱਕ ਚੱਲੀ ਲੰਮੀ ਬਹਿਸ ਤੋਂ ਬਾਅਦ ਅਦਾਲਤ ਨੇ ਇਹ ਫੈਸਲਾ ਸੁਣਾਇਆ ਹੈ। ਧਾਲੀਵਾਲ ਨੇ ਕਿਹਾ ਕਿ ਅਕਾਲੀਆਂ ਕੋਲ ਬਚਣ ਲਈ ਹਮੇਸ਼ਾ ਇੱਕ ਹੀ ਬਹਾਨਾ ਹੁੰਦਾ ਹੈ ਕਿ • ਬਾਕੀ ਸਫਾ 2 'ਤੇ

ਮੁੱਖ ਮੰਤਰੀ ਵੱਲੋਂ 500 ਕਰੋੜ ਰੁਪਏ ਦਾ ਨਿਵੇਸ਼ ਸੁਰੱਖਿਅਤ

ਟੋਇਟਾ ਦੀ ਸਟੀਲ ਕੰਪਨੀ ਆਈਚੀ ਸਟੀਲ ਕਾਰਪੋਰੇਸ਼ਨ ਨਾਲ ਸਮਝੌਤਾ ਸਹੀਬੱਧ

ਟੋਕੀਓ : ਆਪਣੇ ਜਾਪਾਨ ਦੌਰੇ ਦੇ ਤੀਜੇ ਦਿਨ ਵੀਰਵਾਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਲਈ 500 ਕਰੋੜ ਰੁਪਏ ਦਾ ਨਿਵੇਸ਼ ਸੁਰੱਖਿਅਤ ਕੀਤਾ ਹੈ, ਜਿਸ ਵਿੱਚ ਜਾਪਾਨ ਦੀ ਸਟੀਲ ਕੰਪਨੀ ਆਈਚੀ ਸਟੀਲ ਨੇ ਸੂਬੇ ਵਿੱਚ ਵਰਧਮਾਨ ਸਪੈਸ਼ਲ ਸਟੀਲਜ਼ ਨਾਲ ਆਪਣੇ ਸਹਿਯੋਗ ਨੂੰ ਵਧਾਉਣ ਦੀ ਹਾਮੀ ਭਰੀ ਹੈ। ਆਈਚੀ ਸਟੀਲ ਅਤੇ ਵਰਧਮਾਨ ਸਪੈਸ਼ਲ ਸਟੀਲਜ਼ ਨੇ ਮੁੱਖ ਮੰਤਰੀ ਦੀ ਮੌਜੂਦਗੀ ਵਿੱਚ ਸਮਝੌਤੇ 'ਤੇ ਹਸਤਾਖਰ ਕੀਤੇ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸੂਬੇ ਲਈ ਇੱਕ ਸੁਨਹਿਰੀ ਦਿਨ ਹੈ, ਕਿਉਂਕਿ ਆਈਚੀ ਸਟੀਲ ਕਾਰਪੋਰੇਸ਼ਨ, ਜਿਸ ਨੂੰ ਟੋਇਟਾ ਦੀ ਸਟੀਲ ਆਰਮ ਵਜੋਂ ਜਾਣਿਆ ਜਾਂਦਾ ਹੈ, ਨੇ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਇਸ ਸਮਝੌਤੇ 'ਤੇ ਦਸਤਖਤ ਕੀਤੇ ਹਨ। ਉਨ੍ਹਾ ਕਿਹਾ ਕਿ ਆਈਚੀ ਸਟੀਲ, ਜਿਸ ਦੀ ਪਹਿਲਾਂ ਹੀ ਵਰਧਮਾਨ ਵਿੱਚ ਲਗਭਗ 24.9 ਫੀਸਦੀ ਹਿੱਸੇਦਾਰੀ ਹੈ ਅਤੇ ਮੁੱਖ ਤਕਨਾਲੋਜੀ ਭਾਈਵਾਲ ਵਜੋਂ ਪੰਜਾਬ ਦੇ ਉਦਯੋਗਿਕ ਵਾਤਾਵਰਣ ਵਿੱਚ ਇੱਕ ਮਜ਼ਬੂਤ ਅਤੇ ਵਿਕਸਤ ਹੋ ਰਹੀ ਭਾਰਤ-ਜਾਪਾਨ ਭਾਈਵਾਲੀ ਦੀ ਪ੍ਰਤੀਕ ਹੈ। ਮਾਨ ਨੇ ਕਿਹਾ ਕਿ ਜਾਪਾਨ ਦੀ ਸਿਰਮੌਰ ਸਟੀਲ ਕੰਪਨੀ ਪੰਜਾਬ ਵਿੱਚ ਭਵਿੱਖੀ ਫੈਕਟਰੀ ਕਾਰਜਾਂ ਦਾ ਅਧਿਐਨ ਕਰੇਗੀ, ਜਿਸ ਵਿੱਚ ਲਗਭਗ 500 ਕਰੋੜ ਦੇ ਸੰਭਾਵੀ ਨਿਵੇਸ਼ ਲਈ ਮੁਲਾਂਕਣ ਕਰਨਾ ਸ਼ਾਮਲ • ਬਾਕੀ ਸਫਾ 2 'ਤੇ

ਆਖਰਕਾਰ ਦਿੱਲੀ ਯੂਨੀਵਰਸਿਟੀ ਦੇ ਸਾਬਕਾ ਪ੍ਰੋਫੈਸਰ ਹੈਨੀ ਬਾਬੂ ਨੂੰ ਮਿਲੀ ਜ਼ਮਾਨਤ

ਮੁੰਬਈ : ਬੰਬੇ ਹਾਈ ਕੋਰਟ ਨੇ ਵੀਰਵਾਰ ਨੂੰ ਦਿੱਲੀ ਯੂਨੀਵਰਸਿਟੀ ਦੇ ਸਾਬਕਾ ਪ੍ਰੋਫੈਸਰ ਹੈਨੀ ਬਾਬੂ ਨੂੰ ਬਿਨਾਂ ਮੁਕੱਦਮੇ ਦੇ ਪੰਜ ਸਾਲਾਂ ਤੋਂ ਵੱਧ ਸਮੇਂ ਤੱਕ ਲੰਬੀ ਕੈਦ ਦੇ ਆਧਾਰ 'ਤੇ ਜ਼ਮਾਨਤ ਦੇ ਦਿੱਤੀ। ਜਸਟਿਸ ਏ ਐੱਸ ਗਡਕਰੀ ਅਤੇ ਜਸਟਿਸ ਆਰ ਆਰ ਭੋਸਲੇ ਦੇ ਬੈਂਚ ਨੇ ਹੈਨੀ ਬਾਬੂ, ਜੋ ਇਸ ਸਮੇਂ ਨਵੀਂ ਮੁੰਬਈ ਦੀ ਤਲੋਜਾ ਜੇਲ੍ਹ ਵਿੱਚ ਬੰਦ ਹਨ, ਨੂੰ 1 ਲੱਖ ਰੁਪਏ ਦੇ ਨਿੱਜੀ ਮੁਚੱਲਕੇ ਅਤੇ ਓਨੀ ਹੀ ਰਕਮ ਦੀਆਂ ਜ਼ਮਾਨਤਾਂ ਭਰਨ ਦਾ ਨਿਰਦੇਸ਼ ਦਿੱਤਾ, ਜਦੋਂ ਕਿ ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ ਨੇ ਸੁਪਰੀਮ ਕੋਰਟ ਵਿੱਚ ਅਪੀਲ ਕਰਨ ਲਈ ਜ਼ਮਾਨਤ ਦੇ ਆਦੇਸ਼ 'ਤੇ ਰੋਕ ਲਗਾਉਣ ਦੀ ਮੰਗ ਕੀਤੀ, ਹਾਈ ਕੋਰਟ ਨੇ ਇਸ ਬੇਨਤੀ ਨੂੰ ਖਾਰਜ ਕਰ ਦਿੱਤਾ ਅਤੇ ਕਿਹਾ ਕਿ ਬਾਬੂ ਪੰਜ ਸਾਲਾਂ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਹੈ। ਅਦਾਲਤ ਨੇ ਇਹ ਵੀ ਨੋਟ ਕੀਤਾ ਕਿ ਇਸ ਮਾਮਲੇ ਦੀ ਸੁਣਵਾਈ ਜਲਦੀ ਪੂਰੀ ਹੋਣ ਦੀ ਸੰਭਾਵਨਾ ਨਹੀਂ ਹੈ। ਹੈਨੀ ਬਾਬੂ ਨੇ ਮੁੱਖ ਤੌਰ 'ਤੇ ਬਿਨਾਂ ਮੁਕੱਦਮੇ ਦੇ ਲੰਬੇ ਸਮੇਂ ਤੋਂ ਕੈਦ ਰਹਿਣ ਦੇ ਆਧਾਰ 'ਤੇ ਜ਼ਮਾਨਤ ਦੀ ਮੰਗ ਕੀਤੀ ਸੀ। ਉਨ੍ਹਾਂ ਦੇ ਵਕੀਲ ਯੁਗ ਮੋਹਿਤ ਚੌਧਰੀ ਨੇ ਦਲੀਲ ਦਿੱਤੀ ਸੀ ਕਿ ਅਜੇ ਤੱਕ ਦੋਸ਼ ਤੈਅ ਨਹੀਂ ਕੀਤੇ ਗਏ ਹਨ ਅਤੇ ਉਨ੍ਹਾਂ ਦੀ ਡਿਸਚਾਰਜ ਅਰਜ਼ੀ ਹੇਠਲੀ ਅਦਾਲਤ ਵਿੱਚ ਅਜੇ ਵੀ ਲੰਬਿਤ ਹੈ।

ਐਨ ਆਈ ਏ ਨੇ ਹੈਨੀ ਬਾਬੂ 'ਤੇ ਪਾਬੰਦੀਸ਼ੁਦਾ ਸੀ ਪੀ ਆਈ (ਮਾਓਵਾਦੀ) ਸੰਗਠਨ ਦੇ ਨੇਤਾਵਾਂ ਦੇ ਨਿਰਦੇਸ਼ਾਂ 'ਤੇ ਮਾਓਵਾਦੀ ਗਤੀਵਿਧੀਆਂ ਅਤੇ ਵਿਚਾਰਧਾਰਾ ਨੂੰ ਫੈਲਾਉਣ ਵਿੱਚ ਇੱਕ ਸਹਿ-ਸਾਜ਼ਿਸ਼ਕਾਰ ਹੋਣ ਦਾ ਦੋਸ਼ ਲਗਾਇਆ ਹੈ। ਉਸ ਨੂੰ ਇਸ ਮਾਮਲੇ ਵਿੱਚ ਜੁਲਾਈ 2020 ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ।

ਇੰਡੀਗੋ ਵੱਲੋਂ 300 ਤੋਂ ਵੱਧ ਉਡਾਣਾਂ ਰੱਦ

ਮੁੰਬਈ : ਘਰੇਲੂ ਏਅਰਲਾਈਨ ਇੰਡੀਗੋ ਨੇ ਵੀਰਵਾਰ ਨੂੰ ਤਿੰਨ ਪ੍ਰਮੁੱਖ ਹਵਾਈ ਅੱਡਿਆਂ ਤੋਂ 180 ਤੋਂ ਵੱਧ ਉਡਾਣਾਂ ਰੱਦ ਕਰ ਦਿੱਤੀਆਂ ਹਨ, ਕਿਉਂਕਿ ਕੰਪਨੀ ਗੁਰੂਗ੍ਰਾਮ ਅਧਾਰਤ ਏਅਰਲਾਈਨ ਪਾਇਲਟਾਂ ਲਈ ਨਵੇਂ ਫਲਾਈਟ ਡਿਊਟੀ ਅਤੇ ਆਰਾਮ-ਅਰਸੇ ਦੇ ਨਿਯਮਾਂ ਕਰਕੇ ਆਪਣੀਆਂ ਉਡਾਣਾਂ ਲਈ ਲੋੜੀਂਦਾ ਅਮਲਾ ਯਕੀਨੀ ਬਣਾਉਣ ਵਾਸਤੇ ਸੰਘਰਸ਼ ਕਰ ਰਹੀ ਹੈ। ਇੱਕ ਸੂਤਰ ਨੇ ਦੱਸਿਆ ਕਿ 'ਇੰਡੀਗੋ ਨੇ ਵੀਰਵਾਰ ਨੂੰ ਤਿੰਨ ਹਵਾਈ ਅੱਡਿਆਂ ਮੁੰਬਈ, ਦਿੱਲੀ ਅਤੇ ਬੰਗਲੂਰੂ 'ਤੇ 300 ਤੋਂ ਵੱਧ ਉਡਾਣਾਂ ਰੱਦ ਕਰ ਦਿੱਤੀਆਂ ਹਨ। ਸੂਤਰ ਨੇ ਦੱਸਿਆ ਕਿ ਮੁੰਬਈ ਹਵਾਈ ਅੱਡੇ 'ਤੇ ਰੱਦ ਕੀਤੀਆਂ ਜਾਣ ਵਾਲੀਆਂ ਉਡਾਣਾਂ ਦੀ ਗਿਣਤੀ 86 ਹੈ (41 ਆਗਮਨ ਅਤੇ 45 ਰਵਾਨਗੀ), ਜਦੋਂ ਕਿ ਬੰਗਲੂਰੂ ਵਿਚ 73 ਉਡਾਣਾਂ ਰੱਦ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚੋਂ 41 ਆਗਮਨ ਹਨ। ਇਸ ਤੋਂ ਇਲਾਵਾ ਵੀਰਵਾਰ ਨੂੰ ਦਿੱਲੀ ਹਵਾਈ ਅੱਡੇ 'ਤੇ 33 ਉਡਾਣਾਂ ਰੱਦ ਕੀਤੀਆਂ ਗਈਆਂ ਹਨ ਜਦੋਂ ਕਿ 'ਦਿਨ ਦੇ ਅੰਤ ਤੱਕ ਇਹ ਗਿਣਤੀ ਹੋਰ ਵਧਣ ਦੀ ਉਮੀਦ ਹੈ।

ਹਲਵਾਰਾ ਹਵਾਈ ਅੱਡੇ ਦਾ ਨਾਂਅ ਸ਼ਹੀਦ ਸਰਾਭਾ ਰੱਖਣ ਦਾ ਮਤਾ ਕੇਂਦਰ ਨੇ ਲਟਕਾਇਆ

ਹਲਵਾਰਾ : ਹਲਵਾਰਾ ਅੰਤਰਰਾਸ਼ਟਰੀ ਸਿਵਲ ਹਵਾਈ ਅੱਡੇ ਦਾ ਨਾਮ ਬਦਲ ਕੇ ਸ਼ਹੀਦ ਕਰਤਾਰ ਸਿੰਘ ਸਰਾਭਾ ਅੰਤਰਰਾਸ਼ਟਰੀ ਹਵਾਈ ਅੱਡਾ ਰੱਖਣ ਦਾ ਪੰਜਾਬ ਸਰਕਾਰ ਦਾ ਮਤਾ ਪਿਛਲੇ ਤਿੰਨ ਸਾਲਾਂ ਤੋਂ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਦੇ ਦਫ਼ਤਰਾਂ ਦੀ ਧੂੜ ਫੱਕ ਰਿਹਾ ਹੈ। 22 ਮਾਰਚ 2023 ਨੂੰ ਪੰਜਾਬ ਵਿਧਾਨ ਸਭਾ ਨੇ ਸਰਬਸੰਮਤੀ ਨਾਲ ਇਸ ਮਤੇ ਨੂੰ ਪਾਸ ਕਰਕੇ ਕੇਂਦਰ ਸਰਕਾਰ ਕੋਲ ਪ੍ਰਵਾਨਗੀ ਲਈ ਭੇਜਿਆ ਸੀ। ਰਾਏਕੋਟ ਦੇ ਵਿਧਾਇਕ ਹਾਕਮ ਸਿੰਘ ਠੇਕੇਦਾਰ ਨੇ ਕਿਹਾ ਕਿ ਉਹ ਇਸ ਮਾਮਲੇ 'ਤੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਵੀ ਗੱਲ ਕਰਨਗੇ ਅਤੇ ਕੇਂਦਰ ਸਰਕਾਰ ਦੇ ਮੌਜੂਦਾ ਸਰਦ ਰੁੱਤ ਸੈਸ਼ਨ ਵਿਚ ਆਪ ਦੇ ਸੰਸਦ ਮੈਂਬਰ ਵੀ ਇਸ ਮੁੱਦੇ ਨੂੰ ਉਠਾਉਣਗੇ। ਫਤਿਹਗੜ੍ਹ ਸਾਹਿਬ ਤੋਂ ਕਾਂਗਰਸ ਸਾਂਸਦ ਡਾ. ਅਮਰ ਸਿੰਘ ਨੇ ਇਸ ਮੰਗ ਨੂੰ ਸੰਸਦ ਵਿਚ ਉਠਾਉਣ ਦਾ ਪੂਰਾ ਭਰੋਸਾ ਦਿੱਤਾ ਹੈ। ਮੁੱਖ ਮੰਤਰੀ ਨੇ ਇਸ ਮੰਗ ਸੰਬੰਧੀ 2023 ਤੋਂ ਬਾਅਦ ਕਈ ਵਾਰ ਕੇਂਦਰ ਨੂੰ ਯਾਦ ਪੱਤਰ ਭੇਜੇ ਹਨ, ਜਿਸ 'ਚ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੂੰ ਹਲਵਾਰਾ ਵਿਖੇ ਭਾਰਤੀ ਹਵਾਈ ਫੌਜ ਕੇਂਦਰ ਦੇ ਨਾਲ ਬਣੇ ਕੌਮਾਂਤਰੀ ਸਿਵਲ ਹਵਾਈ ਅੱਡੇ ਦਾ ਨਾਮ 'ਸ਼ਹੀਦ ਕਰਤਾਰ ਸਿੰਘ ਸਰਾਭਾ ਕੌਮਾਂਤਰੀ ਹਵਾਈ ਅੱਡਾ' ਰੱਖਣ ਦੀ ਮੰਗ ਕੀਤੀ ਗਈ ਸੀ। 'ਅਬ ਨਹੀਂ' ਸੰਸਥਾ ਦੀ ਚੇਅਰਮੈਨ ਸਤਵਿੰਦਰ ਕੌਰ ਸੱਤੀ ਸਮੇਤ ਕਈ ਸਮਾਜ ਸੇਵੀ ਜਥੇਬੰਦੀਆਂ ਨੇ ਵੀ ਹਵਾਈ ਅੱਡੇ ਦਾ ਨਾਮ ਸ਼ਹੀਦ ਸਰਾਭਾ ਦੇ ਨਾਮ 'ਤੇ ਰੱਖਣ ਲਈ ਬਹੁਤ ਸੰਘਰਸ਼ ਕੀਤਾ।

ਹਵਾ ਪ੍ਰਦੂਸ਼ਣ ਦੇ ਮੁੱਦੇ 'ਤੇ ਸੰਸਦੀ ਕੰਪਲੈਕਸ 'ਚ ਪ੍ਰਦਰਸ਼ਨ

ਨਵੀਂ ਦਿੱਲੀ : ਸਰਦ ਰੁੱਤ ਇਜਲਾਸ ਦੇ ਚੌਥੇ ਦਿਨ ਵੱਖ-ਵੱਖ ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਵੀਰਵਾਰ ਨੂੰ ਕੌਮੀ ਰਾਜਧਾਨੀ ਵਿੱਚ ਹਵਾ ਪ੍ਰਦੂਸ਼ਣ ਦੇ ਮੁੱਦੇ 'ਤੇ ਸੰਸਦੀ ਕੰਪਲੈਕਸ ਵਿੱਚ ਵਿਰੋਧ ਪ੍ਰਦਰਸ਼ਨ ਕੀਤਾ। ਕਾਂਗਰਸ ਨੇਤਾ ਸੋਨੀਆ ਗਾਂਧੀ ਨੇ ਸਰਕਾਰ ਨੂੰ ਹਵਾ ਪ੍ਰਦੂਸ਼ਣ ਖਿਲਾਫ਼ ਫੈਸਲਾਕੁਨ ਕਾਰਵਾਈ ਕਰਨ ਦੀ ਅਪੀਲ ਕੀਤੀ। ਵੱਖ ਵੱਖ ਪਾਰਟੀਆਂ ਦੇ ਸੰਸਦ ਮੈਂਬਰਾਂ ਜਿਨ੍ਹਾਂ ਹੱਥਾਂ ਵਿਚ ਤਖ਼ਤੀਆਂ ਫੜੀਆਂ ਹੋਈਆਂ ਸਨ, ਨੇ ਸੰਸਦ ਦੇ ਮਕਰ ਦੁਆਰ ਦੇ ਬਾਹਰ ਨਾਅਰੇਬਾਜ਼ੀ ਕੀਤੀ ਅਤੇ ਪ੍ਰਧਾਨ ਮੰਤਰੀ ਨੂੰ ਬਿਆਨਬਾਜ਼ੀ ਬੰਦ ਕਰਨ ਅਤੇ ਕਾਰਵਾਈ ਕਰਨ ਲਈ ਕਿਹਾ। ਕੁਝ ਸੰਸਦ ਮੈਂਬਰਾਂ ਨੇ ਹਵਾ ਪ੍ਰਦੂਸ਼ਣ ਦੀ ਸਮੱਸਿਆ ਨੂੰ ਉਜਾਗਰ ਕਰਨ ਲਈ ਵਿਰੋਧ ਪ੍ਰਦਰਸ਼ਨ ਵਿੱਚ ਮਾਸਕ ਵੀ ਪਹਿਨੇ। ਚੰਡੀਗੜ੍ਹ ਤੋਂ ਲੋਕ ਸਭਾ ਮੈਂਬਰ ਮਨੀਸ਼ ਤਿਵਾੜੀ ਨੇ ਵਧਦੇ ਹਵਾ ਪ੍ਰਦੂਸ਼ਣ ਸੰਕਟ 'ਤੇ ਚਰਚਾ ਕਰਨ ਲਈ ਸਦਨ ਦੀ ਸਾਰੀ ਕਾਰਵਾਈ ਮੁਲਤਵੀ ਕਰਨ ਦਾ ਨੋਟਿਸ ਵੀ ਦਿੱਤਾ।

ਨਿਊ ਜ਼ੀਲੈਂਡ ਪੁਲਸ ਦੀ ਅਜੀਬ ਹਾਲਤ ਬਣੀ

ਆਕਲੈਂਡ : ਨਿਊ ਜ਼ੀਲੈਂਡ ਦੀ ਪੁਲਸ ਨਜ਼ਰ ਰੱਖ ਰਹੀ ਹੈ ਕਿ 32 ਸਾਲਾ ਬੰਦਾ ਕਦੋਂ ਜੰਗਲ-ਪਾਣੀ ਜਾਵੇ ਤੇ ਉਸ ਵੱਲੋਂ ਇੱਥੋਂ ਦੇ ਜਿਊਲਰੀ ਸਟੋਰ ਵਿੱਚੋਂ ਚੁੱਕ ਕੇ ਨਿਗਲਿਆ ਨਾਮੀ ਕੰਪਨੀ ਫੈਬਰਗੇ ਦਾ ਪੈਂਡੈਂਟ ਬਾਹਰ ਨਿਕਲੇ। ਪੈਂਡੈਂਟ ਦੀ ਕੀਮਤ ਕਰੀਬ 19 ਹਜ਼ਾਰ ਡਾਲਰ ਦੱਸੀ ਗਈ ਹੈ। ਬੰਦੇ ਨੇ 28 ਨਵੰਬਰ ਨੂੰ ਪੈਂਡੈਂਟ ਨਿਗਲਿਆ ਸੀ। ਫੈਬਰਗੇ ਐੱਗ (ਅੰਡੇ) ਵਿੱਚ 60 ਹੀਰੇ ਤੇ 18 ਕੈਰੇਟ ਸੋਨੇ ਦਾ ਔਕਟੋਪਸ (ਅਸ਼ਟਭੁਜੀ ਮਾਦਾ ਸਮੁੰਦਰੀ ਜੀਵ) ਹੈ। ਇਹ ਪੈਂਡੈਂਟ ਜੇਮਜ਼ ਬਾਂਡ ਦੀ 1983 ਵਿੱਚ ਆਈ ਸਮੱਗਲਿੰਗ ਨਾਲ ਸੰਬੰਧਤ ਫਿਲਮ ਔਕਟੋਪਸੀ ਤੋਂ ਪ੍ਰਭਾਵਤ ਹੋ ਕੇ ਬਣਾਇਆ ਗਿਆ ਸੀ। ਸਟੋਰ ਮਾਲਕ ਮੁਤਾਬਕ ਇਸ ਦੇ ਸਿਰਫ 50 ਪੀਸ ਹੀ ਬਣਾਏ ਗਏ। ਜੇਮਜ਼ ਬਾਂਡ ਦੀ ਫਿਲਮ ਦੀ ਕਾਫੀ ਸ਼ੂਟਿੰਗ ਉਦੈਪੁਰ ਵਿੱਚ ਹੋਈ ਸੀ।

ਔਰਬਿਟ ਬੱਸ ਸੜ ਕੇ ਸੁਆਹ

ਵੀਰਵਾਰ ਬਾਅਦ ਦੁਪਹਿਰ ਬਠਿੰਡਾ-ਚੰਡੀਗੜ੍ਹ

5-DEC-PAGE-1.qxd 12/4/2025 11:10 PM Page 2

ਦੋਰਾਹਾ ਦੀਆਂ ਤਿੰਨ ਵਿਦਿਆਰਥਣਾਂ ਨੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ

ਦੋਰਾਹਾ (ਹਰਮਿੰਦਰ ਸੇਠ)-ਦੋਰਾਹਾ ਦੀਆਂ ਤਿੰਨ ਵਿਦਿਆਰਥਣਾਂ ਗੀਆ ਕੌਸ਼ਲ ਤੇ ਅਕਸ਼ਦੀਪ ਕੌਰ (ਜਮਾਤ ਪੰਜਵੀਂ) ਅਤੇ ਸਹਿਜਪ੍ਰੀਤ ਕੌਰ (ਜਮਾਤ ਤੀਜੀ) ਨੇ ਪ੍ਰਾਇਮਰੀ ਰਾਜ ਪੱਧਰੀ ਸਕੂਲ ਹਾਕੀ ਟੂਰਨਾਮੈਂਟ ਵਿੱਚ ਬਿਹਤਰੀਨ ਪ੍ਰਦਰਸ਼ਨ ਸਦਕਾ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਰਾਜ ਪੱਧਰੀ ਟੂਰਨਾਮੈਂਟ ਦਾ ਆਯੋਜਨ 1 ਦਸੰਬਰ ਤੋਂ 4 ਦਸੰਬਰ 2025 ਤੱਕ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਰੂਪਨਗਰ ਵਿਖੇ ਕੀਤਾ ਗਿਆ।ਉਨ੍ਹਾਂ ਦੀ ਇਸ ਪ੍ਰਾਪਤੀ ਨੇ ਪੂਰੇ ਸਕੂਲ ਦਾ ਮਾਣ ਵਧਾਇਆ ਹੈ।ਗੁਰੂ ਨਾਨਕ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਤਿੰਨਾਂ ਖਿਡਾਰਨਾਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਛੋਟੀ ਉਮਰ ਵਿੱਚ ਕੀਤੀਆਂ ਪ੍ਰਾਪਤੀਆਂ ਆਉਣ ਵਾਲੇ ਸਮੇਂ ਨੂੰ ਹੋਰ ਵੀ ਉੱਜਵਲ ਬਣਾਉਂਦੀਆਂ ਹਨ।

ਸਪਰਿੰਗ ਫੀਲਡ ਸਕੂਲ ਦੇ ਪ੍ਰਿੰਸੀਪਲ ਸਰਵੋਤਮ ਖਿਤਾਬ ਨਾਲ ਸਨਮਾਨਤ

ਬਾਘਾ ਪੁਰਾਣਾ (ਮਨੀ ਸਿੰਗਲਾ)-ਇਲਾਕੇ ਦੀ ਨਾਮਵਾਰ ਸੰਸਥਾ ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਦੇ ਪ੍ਰਿੰਸੀਪਲ ਮਿਸਟਰ ਬਾਇਜੂ ਵਿਜੇ ਨੂੰ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਤੇ ਐਸੋਸੀਏਸ਼ਨ ਆਫ਼ ਪੰਜਾਬ ਦੀ ਸੰਸਥਾ ਵੱਲੋਂ ਫੈਪ ਨੈਸ਼ਨਲ ਐਵਾਰਡ ਸਮਾਰੋਹ ਵਿੱਚ ਐਵਾਰਡ ਆਫ ਸਕੂਲ ਰੂਪ ਵਿੱਚ ਸਰਵਸ੍ਰੇਸ਼ਟ ਪ੍ਰਿੰਸੀਪਲ ਦਾ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਹ ਐਵਾਰਡ ਸਤਨਾਮ ਸਿੰਘ ਸੰਧੂ ਐੱਮ. ਪੀ. ਰਾਜ ਸਭਾ ਤੇ ਫੈਪ ਦੇ ਪੰਜਾਬ ਪ੍ਰਧਾਨ ਜਗਜੀਤ ਸਿੰਘ ਧੂਰੀ ਵੱਲੋਂ ਦਿੱਤਾ ਗਿਆ।ਇਸ ਮੌਕੇ ਭਾਰਤ ਦੀਆਂ ਉੱਚ ਸ਼ਖਸੀਅਤਾਂ ਹਾਜ਼ਰ ਸਨ। ਇਸ ਸਮਾਗਮ ਵਿੱਚ ਪੰਜਾਬ ਤੇ ਹੋਰ ਸੂਬਿਆਂ ਦੇ ਸਕੂਲਾਂ ਦੇ ਪ੍ਰਤੀਨਿਧੀਆਂ ਨੇ ਵੀ ਹਿੱਸਾ ਲਿਆ। ਸਕੂਲ ਚੇਅਰਮੈਨ ਨਰ ਸਿੰਘ ਬਰਾੜ ਨੇ ਦੱਸਿਆ ਕਿ ਪ੍ਰਿੰਸੀਪਲ ਸਾਹਿਬ ਨੇ ਹਮੇਸ਼ਾ ਹੀ ਜ਼ਿੰਮੇਵਾਰੀ ਤੇ ਸਮਰਪਨ ਭਾਵਨਾ ਨਾਲ ਕੰਮ ਕੀਤਾ ਤੇ ਸਕੂਲ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਲਈ ਮਹੱਤਵਪੂਰਨ ਭੂਮਿਕਾ ਨਿਭਾਈ। ਸਕੂਲ ਬੜੇ ਲੰਮੇ ਸਮੇਂ ਤੋਂ ਇਨ੍ਹਾਂ ਦੀਆਂ ਸੇਵਾਵਾਂ ਲੈ ਰਿਹਾ ਹੈ, ਇਨ੍ਹਾਂ ਦੀ ਯੋਗ ਅਗਵਾਈ ਹੇਠ ਸਕੂਲ ਹੋਰ ਸਫਲਤਾ ਦੀਆਂ ਮੰਜ਼ਿਲਾਂ ਤਹਿ ਕਰੇਗਾ।ਇਹ ਸਨਮਾਨ ਮਿਲਣ 'ਤੇ ਚੇਅਰਮੈਨ ਨਰ ਸਿੰਘ ਬਰਾੜ, ਸਕੂਲ ਕੋਆਰਡੀਨੇਟਰ ਮੈਡਮ ਅਨੁਪਮ ਸ਼ਰਮਾ, ਸਕੂਲ ਅਧਿਆਪਕਾ ਤੇ ਬੱਚਿਆਂ ਨੇ ਪ੍ਰਸੰਸਾ ਕੀਤੀ।

ਮਾਸਟਰ ਪ੍ਰੀਕਸ਼ਤ ਰਤਨ ਨੂੰ ਪ੍ਰਾਈਡ ਆਫ ਇੰਡੀਆ ਐਵਾਰਡ

ਦੋਰਾਹਾ (ਹਰਮਿੰਦਰ ਸੇਠ)-ਮਾਊਂਟ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀ ਪ੍ਰੀਕਸ਼ਤ ਰਤਨ ਨੂੰ ਮਸ਼ਹੂਰ ਪ੍ਰਾਈਡ ਆਫ ਇੰਡੀਆ-ਸਪੋਰਟਸ ਐਚੀਵਮੈਂਟ ਅਵਾਰਡ (ਸਟੂਡੈਂਟ ਕੈਟਾਗਰੀ) ਨਾਲ ਨਿਵਾਜਿਆ ਗਿਆ ਹੈ।ਇਹ ਸਨਮਾਨ ਚੰਡੀਗੜ੍ਹ ਯੂਨੀਵਰਸਿਟੀ ਘੜੂਆਂ 'ਚ ਆਯੋਜਿਤ ਐੱਫ.ਏ.ਪੀ. ਨੈਸ਼ਨਲ ਐਵਾਰਡ 2025 ਸਮਾਰੋਹ ਦੌਰਾਨ ਪ੍ਰਦਾਨ ਕੀਤਾ ਗਿਆ।ਇਹ ਵਿਸ਼ੇਸ਼ ਉਪਲਬਧੀ ਪ੍ਰੀਕਸ਼ਤ ਦੀ ਖੇਡਾਂ ਪ੍ਰਤੀ ਨਿਸ਼ਠਾ, ਸ਼ਾਨਦਾਰ ਪ੍ਰਦਰਸ਼ਨ ਤੇ ਛੋਟੀ ਉਮਰ ਵਿੱਚ ਕੀਤੇ ਕਾਬਿਲ-ਏ-ਤਾਰੀਫ਼ ਯਤਨਾਂ ਦਾ ਪਰਿਚਾਇਕ ਹੈ।ਉਸ ਦੀ ਇਹ ਕਾਮਯਾਬੀ ਹੋਰ ਸਾਰੇ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹੈ, ਜੋ ਖੇਡਾਂ ਤੇ ਜੀਵਨ ਦੇ ਹਰ ਖੇਤਰ ਵਿੱਚ ਅੱਗੇ ਵਧਣ ਦੀ ਇੱਛਾ ਰੱਖਦੇ ਹਨ।ਮਾਊਂਟ ਇੰਟਰਨੈਸ਼ਨਲ ਸਕੂਲ ਪ੍ਰਬੰਧਕੀ ਵੱਲੋਂ ਪ੍ਰੀਕਸ਼ਤ, ਉਸ ਦੇ ਮਾਤਾ-ਪਿਤਾ ਤੇ ਉਸ ਦੇ ਮਾਰਗਦਰਸ਼ਕਾਂ ਨੂੰ ਇਸ ਮਹੱਤਵਪੂਰਨ ਪ੍ਰਾਪਤੀ ਲਈ ਉਸ ਦੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਤੇ ਹਾਰਦਿਕ ਵਧਾਈਆਂ ਦਿੱਤੀਆਂ ਗਈਆਂ ਹਨ।

ਨਗਰ ਸੁਧਾਰ ਸਭਾ ਨਸ਼ਿਆਂ ਵਿਰੁੱਧ ਦਸਤਖ਼ਤੀ ਮੁਹਿੰਮ ਆਰੰਭ ਕੇ ਲੋਕਾਂ ਨੂੰ ਲਾਮਬੰਦ ਕਰੇਗੀ : ਐਡਵੋਕੇਟ ਦਲਿਓ

ਅਗਲੀ ਮੀਟਿੰਗ ਭਲਕੇ ਸੱਦੀ

ਬੁਢਲਾਡਾ (ਅਸ਼ੋਕ ਲਾਕੜਾ)-ਇੱਥੇ ਨਗਰ ਸੁਧਾਰ ਸਭਾ ਬੁਢਲਾਡਾ ਦੀ ਆਗੂ ਟੀਮ ਦੀ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸੰਸਥਾ ਵੱਲੋਂ ਸ਼ਹਿਰ ਵਿੱਚ ਵਿਸ਼ੇਸ਼ ਮੁਹਿੰਮ ਵਿੱਢ ਕੇ ਚਿੱਟੇ, ਮੈਡੀਕਲ ਆਦਿ ਨਸ਼ਿਆਂ ਵਿਰੁੱਧ ਸ਼ਹਿਰਵਾਸੀਆਂ ਦੇ 10 ਹਜ਼ਾਰ ਤੋਂ ਵੱਧ ਦਸਤਖ਼ਤ ਕਰਵਾਏ ਜਾਣਗੇ।ਮੀਟਿੰਗ ਦੀ ਪ੍ਰਧਾਨਗੀ ਸੰਸਥਾ ਦੇ ਸੀਨੀਅਰ ਆਗੂ ਅਵਤਾਰ ਸਿੰਘ ਔਲਖ ਨੇ ਕੀਤੀ।ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਨਗਰ ਸੁਧਾਰ ਸਭਾ ਦੇ ਕੁਆਰਡੀਨੇਟਰ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਨੇ ਦੱਸਿਆ ਕਿ ਸ਼ਹਿਰ ਵਿੱਚ ਚੋਰੀ, ਲੁੱਟ-ਖੋਹ ਤੇ ਗੁੰਡਾਗਰਦੀ ਦੀਆਂ ਘਟਨਾਵਾਂ ਸਰੇਆਮ ਵਾਪਰ ਰਹੀਆਂ ਹਨ, ਪਰ ਪੁਲਸ ਪ੍ਰਸ਼ਾਸਨ ਸਖਤ ਕਦਮ ਚੁੱਕਣ ਬਜਾਏ ਮੂਕ ਦਰਸ਼ਕ ਬਣਿਆ ਬੈਠਾ ਹੈ।ਐਡਵੋਕੇਟ ਦਲਿਓ ਨੇ ਕਿਹਾ ਕਿ ਸ਼ਹਿਰ ਵਿੱਚ ਸੀਵਰੇਜ ਸਿਸਟਮ ਦਾ ਬੁਰਾ ਹਾਲ ਹੈ ਤੇ ਗੰਦੇ ਪਾਣੀ ਦੀ ਲੀਕੇਜ ਹੋ ਰਹੀ ਹੈ।ਪੀਣ ਦੇ ਪਾਣੀ ਵਿੱਚ ਸੀਵਰੇਜ ਦਾ ਗੰਦਾ ਪਾਣੀ ਸਪਲਾਈ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਸ਼ਹਿਰ ਦੀਆਂ ਮੰਗਾਂ ਤੇ ਮਸਲਿਆਂ ਸਬੰਧੀ ਇੱਕ ਮੰਗ ਚਾਰਟਰ ਤਿਆਰ ਕੀਤਾ ਹੈ, ਜਿਸ ਸਬੰਧੀ ਆਉਣ ਵਾਲੇ ਦਿਨਾਂ ਵਿੱਚ ਉੱਚ ਅਧਿਕਾਰੀਆਂ ਨੂੰ ਮਿਲ਼ਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਮੀਟਿੰਗ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਸ਼ਹਿਰ ਵਿੱਚ ਸੁਰੱਖਿਆ ਦੇ ਮੱਦੇਨਜ਼ਰ ਸੀ.ਸੀ.ਟੀ.ਵੀ. ਕੈਮਰੇ ਲਾਏ ਜਾਣ ਤੇ ਸ਼ਹਿਰ ਵਿੱਚ ਵਿਸ਼ੇਸ਼ ਥਾਵਾਂ 'ਤੇ ਰਾਤ ਸਮੇਂ ਪੁਲਸ ਪੋਸਟਾਂ ਸਥਾਪਤ ਕੀਤੀਆਂ ਜਾਣ।ਉਨ੍ਹਾਂ ਦੱਸਿਆ ਕਿ ਸੰਸਥਾ ਦੀ ਅਗਲੀ ਜਨਤਕ ਮੀਟਿੰਗ 6 ਦਸੰਬਰ ਨੂੰ ਸ਼ਾਮ 5 ਵਜੇ ਰਾਮਲੀਲ੍ਹਾ ਗਰਾਊਂਡ ਵਿੱਚ ਬੁਲਾ ਗਈ ਹੈ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰੇਮ ਸਿੰਘ ਦੋਦੜਾ, ਸਤਪਾਲ ਸਿੰਘ ਕਟੌਦੀਆ, ਮਾਸਟਰ ਰਘੁਨਾਥ ਸਿੰਗਲਾ, ਗਗਨ ਦਾਸ ਵੈਰਾਗੀ, ਰਾਜਿੰਦਰ ਸਿੰਘ ਸੋਨੂੰ ਕੋਹਲੀ, ਰਾਮਗੋਪਾਲ ਸ਼ਾਮਲ ਸਨ।

ਚੇਅਰਮੈਨ ਜੱਸੀ ਨੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਸੁਣੀਆਂ

ਨਾਭਾ (ਵਰਿੰਦਰ ਵਰਮਾ)-ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਾਰਜ ਸਾਧਕ ਅਫ਼ਸਰ ਯਾਦਵਿੰਦਰ ਸ਼ਰਮਾ, ਟਰੱਸਟ ਦੇ ਮੈਂਬਰ ਗੁਰਪ੍ਰੀਤ ਸਿੰਘ ਗੋਪੀ ਫੈਜਗੜ੍ਹ ਤੇ ਜੇ ਈ ਸੁਮਨ ਕੁਮਾਰ ਨੂੰ ਨਾਲ ਲੈ ਕੇ ਸਥਾਨਕ ਦੁਲੱਦੀ ਗੇਟ ਵਿਖੇ ਬਣੇ ਹੀਰਾ ਕੰਪਲੈਕਸ ਦਾ ਦੌਰਾ ਕਰਕੇ ਦੁਕਾਨਦਾਰਾਂ ਨੂੰ ਆਈ ਰਹੀਆਂ ਸਮੱਸਿਆਵਾਂ ਸੁਣੀਆਂ ਤੇ ਉਨ੍ਹਾਂ ਨੂੰ ਹੱਲ ਕਰਾਉਣ ਦਾ ਭਰੋਸਾ ਦਿੱਤਾ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਦੁਕਾਨਦਾਰਾਂ ਦੀਆਂ ਸਮੱਸਿਆਂਵਾਂ ਦਾ ਜਲਦੀ ਹੱਲ ਕਰਵਾਇਆ ਜਾਵੇਗਾ ਤੇ ਕਿਸੇ ਵੀ ਦੁਕਾਨਦਾਰ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਮਾਰਕੀਟ ਵਿੱਚ ਖਰਾਬ ਪਈਆਂ ਲਾਈਟਾਂ ਨਵੀਆਂ ਲਗਾਈਆਂ ਜਾ ਰਹੀਆਂ ਹਨ ਤਾਂ ਜੋ ਰਾਤ ਸਮੇਂ ਕਿਸੇ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ।ਇਸ ਮੌਕੇ ਵੱਡੀ ਗਿਣਤੀ ਵਿੱਚ ਦੁਕਾਨਦਾਰ ਮੌਜੂਦ ਸਨ।

ਵਕੀਲ ਭਾਈਚਾਰੇ ਵੱਲੋਂ ਐਡਵੋਕੇਟ ਡੇਅ ਮਨਾਇਆ ਗਿਆ

ਜਲਾਲਾਬਾਦ (ਪਰਮਜੀਤ ਢਾਬਾਂ)-ਭਾਰਤ 'ਚ ਐਡਵੋਕੇਟ ਡੇਅ 3 ਦਸੰਬਰ ਨੂੰ ਮਨਾਇਆ ਜਾਂਦਾ ਹੈ। ਇਹ ਦਿਨ ਡਾ. ਰਾਜੇਂਦਰ ਪ੍ਰਸਾਦ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ, ਜੋ ਭਾਰਤ ਦੇ ਪਹਿਲੇ ਰਾਸ਼ਟਰਪਤੀ ਸਨ ਤੇ ਇਕ ਬਹੁਤ ਹੀ ਮਾਣਯੋਗ ਵਕੀਲ ਤੇ ਆਜ਼ਾਦੀ ਸੰਗਰਾਮੀ ਵੀ ਸਨ।ਇਨ੍ਹਾਂ ਦੀ ਯਾਦ ਵਿੱਚ ਐਡਵੋਕੇਟ ਡੇਅ ਮਨਾਇਆ ਜਾਂਦਾ ਹੈ। ਇਸ ਕੜੀ ਤਹਿਤ ਵਕੀਲ ਭਾਈਚਾਰੇ ਵੱਲੋਂ ਐਡਵੋਕੇਟ ਡੇਅ ਮਨਾਇਆ ਗਿਆ।ਵਕੀਲ ਭਾਈਚਾਰੇ ਵੱਲੋਂ ਇੱਕ-ਦੂਜੇ ਨੂੰ ਐਡਵੋਕੇਟ ਡੇ ਦੀ ਵਧਾਈ ਦਿੱਤੀ ਗਈ।ਐਡਵੋਕੇਟ ਅਮਿਤ ਕੱਕੜ ਤੇ ਐਡਵੋਕੇਟ ਸੂਰਜ ਕਾਠਪਾਲ ਵਲੋਂ ਵਕੀਲ ਭਾਈਚਾਰੇ ਨੂੰ ਸੰਬੋਧਨ ਕੀਤਾ ਗਿਆ ਤੇ ਆਪਣੇ ਸੰਬੋਧਨ ਵਿੱਚ ਪੁੱਹਚੇ ਵਕੀਲ ਭਾਈਚਾਰੇ ਦਾ ਸਵਾਗਤ ਕੀਤਾ ਗਿਆ ਤੇ ਵਕੀਲ ਦਿਵਸ ਦੀ ਵਧਾਈ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਡਾ. ਰਾਜੇਂਦਰ ਪ੍ਰਸਾਦ ਜੀ ਰਾਸ਼ਟਰਪਤੀ ਬਣਨ ਤੋਂ ਪਹਿਲਾਂ ਉਹ ਕਲਕੱਤਾ ਹਾਈਕੋਰਟ ਅਤੇ ਪਟਨਾ ਹਾਈਕੋਰਟ ਵਿੱਚ ਵਕਾਲਤ ਕਰਦੇ ਸਨ।ਉਨ੍ਹਾਂ ਦੀ ਨਿਸ਼ਠਾ, ਇਮਾਨਦਾਰੀ, ਕਾਨੂੰਨੀ ਗਿਆਨ ਤੇ ਨਿਆਂ ਪ੍ਰਤੀ ਸਮਰਪਣ ਨੂੰ ਯਾਦ ਕਰਨ ਲਈ ਇਹ ਦਿਨ ਮਨਾਇਆ ਜਾਂਦਾ ਹੈ।

ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਸਾਲਾਨਾ ਇਨਾਮ ਵੰਡ ਸਮਾਗਮ

ਭੀਖੀ (ਗੁਰਿੰਦਰ ਸਿੰਘ ਔਲਖ)
ਸਰਵਹਿੱਤਕਾਰੀ ਵਿੱਦਿਆ ਮੰਦਰ (ਸੀ.ਬੀ.ਐੱਸ.ਈ.) ਭੀਖੀ ਦਾ ਸਾਲਾਨਾ ਇਨਾਮ ਵੰਡ ਸਮਾਗਮ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਦੇ ਦਿਸ਼ਾ- ਨਿਰਦੇਸ਼ਾਂ ਤੇ ਸੁਯੋਗ ਅਗਵਾਈ ਸਦਕਾ ਨੇਪਰੇ ਚੜ੍ਹਿਆ।ਸਮਾਗਮ ਦੀ ਸ਼ੁਰੂਆਤ ਸ਼ਰਧਾ ਤੇ ਸਤਿਕਾਰ ਦੇ ਮਾਹੌਲ ਵਿੱਚ ਮੁੱਖ ਮਹਿਮਾਨ ਵੱਲੋਂ ਦੀਵਾ ਜਗਾ ਕੇ ਕੀਤੀ ਗਈ।ਇਸ ਤੋਂ ਬਾਅਦ ਵਿਦਿਆਰਥੀਆਂ ਨੇ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਸ਼ਬਦ 'ਹਿੰਦ ਦੀ ਚਾਦਰ ਗੁਰੂ ਤੇਗ ਬਹਾਦਰ ਜੀ' ਰਾਹੀਂ ਸਮਾਗਮ ਦੀ ਰੂਹ ਨੂੰ ਹੋਰ ਵੀ ਪਵਿੱਤਰ ਬਣਾਇਆ।ਸਮਾਗਮ ਦੌਰਾਨ ਸਤਿਕਾਰਯੋਗ ਐੱਸ ਐੱਸ ਪੀ ਮਾਨਸਾ ਸ੍ਰੀ ਭਗੀਰਥ ਸਿੰਘ ਮੀਨਾ (ਆਈ.ਪੀ.ਐੱਸ.) ਨੇ ਮੁੱਖ ਮਹਿਮਾਨ ਤੇ ਵਿੱਦਿਆ ਭਾਰਤੀ ਪੰਜਾਬ ਦੇ ਸੰਗਠਨ ਮੰਤਰੀ ਰਾਜਿੰਦਰ ਕੁਮਾਰ ਨੇ ਪ੍ਰਮੁੱਖ ਵਕਤਾ ਵਜੋਂ ਸ਼ਮੂਲੀਅਤ ਕੀਤੀ।ਇਸ ਮੌਕੇ ਬੱਚਿਆਂ ਨੇ ਗਿੱਧਾ, ਭੰਗੜਾ, ਗੀਤ-ਸੰਗੀਤ, ਨਾਟਕ, ਯੋਗਾ-ਪ੍ਰਦਰਸ਼ਨ, ਸੰਮੀ, ਹਰਿਆਣਵੀ ਨਾਚ, ਅਰਦਾਸ ਕੋਰੀਓਗ੍ਰਾਫੀ, ਸਕਿੱਟ, ਸੈਲਫ-ਡਿਫੈਂਸ ਐਕਟ, ਸੁਰੱਖਿਆ ਬਲਾਂ ਨੂੰ ਸਮਰਪਤ ਸ਼ੂਟਿੰਗ ਕੋਰੀਓਗ੍ਰਾਫੀ, ਮਲਵਈ ਗਿੱਧਾ ਤੇ ਸ਼ਿਸ਼ੂ ਵਾਟਿਕਾ ਦੇ ਨੰਨ੍ਹੇ-ਮੁੰਨੇ ਬੱਚਿਆਂ ਨੇ ਚੰਦਾ ਚਮਕੇ, ਮੇਰੇ ਪਾਪਾ, ਮੋਬਾਇਲ ਫੋਨ ਆਦਿ ਮਨਮੋਹਕ ਤੇ ਸੱਭਿਆਚਾਰਕ ਵੰਨਗੀਆਂ ਪੇਸ਼ ਕਰਕੇ ਪੰਡਾਲ ਵਿੱਚ ਬੈਠੇ ਮਾਪਿਆਂ ਦੇ ਦਿਲ ਜਿੱਤ ਲਏ।

ਮੁੱਖ ਮਹਿਮਾਨ ਵਜੋਂ ਪਹੁੰਚੇ ਐੱਸ. ਐੱਸ. ਪੀ. ਭਾਗੀਰਥ ਸਿੰਘ ਮੀਨਾ ਨੇ ਕਿਹਾ ਕਿ ਸਾਨੂੰ ਬੱਚਿਆਂ ਦੀਆਂ ਅੰਦਰੂਨੀ ਰੁਚੀਆਂ ਨੂੰ ਸਮਝਣਾ ਚਾਹੀਦਾ ਹੈ ਤੇ ਉਨ੍ਹਾਂ ਦੀਆਂ ਇੱਛਾਵਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਤਾਂ ਜੋ ਉਹ ਕੁਰਾਹੇ ਨਾ ਪੈਣ।ਉਨ੍ਹਾਂ ਬੱਚਿਆਂ ਵਿੱਚ ਆਤਮ-ਵਿਸ਼ਵਾਸ ਵਧਾਉਣ ਤੇ ਆਪਣਾ ਗਿਆਨ ਦੂਜਿਆਂ ਨਾਲ ਸਾਂਝਾ ਕਰਨ ਦਾ ਸੁਨੇਹਾ ਵੀ ਦਿੱਤਾ।ਮੁੱਖ ਵਕਤਾ ਸੰਗਠਨ ਮੰਤਰੀ ਰਾਜਿੰਦਰ ਜੀ ਨੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਕਿਹਾ ਕਿ ਬੱਚਿਆਂ ਦਾ ਸਰਵਪੱਖੀ ਵਿਕਾਸ ਸਿਰਫ਼ ਸਿੱਖਿਆ ਨਾਲ ਹੀ ਨਹੀਂ, ਸਗੋਂ ਕਦਰਾਂ-ਕੀਮਤਾਂ ਨਾਲ ਵੀ ਸੰਬੰਧਤ ਹੈ।ਇਸ ਲਈ ਸਾਨੂੰ ਆਪਣੀ ਸੰਸਕ੍ਰਿਤੀ, ਭਾਸ਼ਾ, ਪਹਿਰਾਵੇ ਤੇ ਖਾਣ-ਪੀਣ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਅਤੇ ਆਪਣੇ ਸੱਭਿਆਚਾਰ 'ਤੇ ਮਾਣ ਕਰਨਾ ਚਾਹੀਦਾ ਹੈ।ਉਨ੍ਹਾਂ ਬੱਚਿਆਂ ਦੀਆਂ ਸੱਭਿਆਚਾਰਕ ਪੇਸ਼ਕਾਰੀਆਂ ਦੀ ਪ੍ਰਸੰਸਾ ਕੀਤੀ।ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਵਿੱਦਿਆ ਮੰਦਰ ਦੀ ਉੱਨਤੀ ਦੀ ਸਾਲਾਨਾ ਸਮਾਗਮ ਦੀ ਰਿਪੋਰਟ ਪੜ੍ਹੀ।ਸਮਾਗਮ ਦੌਰਾਨ ਮੁੱਖ ਮਹਿਮਾਨ, ਮੁੱਖ ਵਕਤਾ, ਸਕੂਲ ਪ੍ਰਬੰਧਕ ਕਮੇਟੀ ਤੇ ਸਕੂਲ ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ ਵੱਲੋਂ ਬੀਤੇ ਵਰ੍ਹੇ ਦੇ ਅਕਾਦਮਿਕ, ਜੀਨੀਅਸ, ਨਰਾਇਣ ਪ੍ਰਤਿਭਾ ਖੋਜ ਪ੍ਰੀਖਿਆ, ਖੇਡਾਂ, ਗਣਿਤ-ਵਿਗਿਆਨ ਮੇਲੇ, ਯੁਵਿਕਾ ਭਾਗੀਦਾਰੀ (ਇਸਰੋ) ਤੇ ਕਲਾ-ਸੰਸਕ੍ਰਿਤਕ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ।ਸਕੂਲ ਪ੍ਰਬੰਧਕ ਕਮੇਟੀ, ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਵੱਲੋਂ ਮੁੱਖ ਮਹਿਮਾਨ ਤੇ ਮੁੱਖ ਵਕਤਾ ਅਤੇ ਸਮੂਹ ਸਟਾਫ਼ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਨੇ ਮਾਪਿਆਂ, ਅਧਿਆਪਕਾਂ ਤੇ ਵਿੱਦਿਆ ਮੰਦਰ ਦੀ ਪੂਰੀ ਟੀਮ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਸਹਿਯੋਗ ਨਾਲ ਸਮਾਗਮ ਸਫ਼ਲ ਹੋਇਆ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤਜਿੰਦਰ ਪਾਲ, ਪ੍ਰਬੰਧਕ ਅੰਮ੍ਰਿਤ ਲਾਲ, ਸੀਨੀ. ਵਾਈਸ ਪ੍ਰਧਾਨ ਪ੍ਰਸ਼ੋਤਮ ਮੱਤੀ, ਵਾਈਸ ਪ੍ਰਧ

5 Dec Page 3.qxd 12/4/2025 11:16 PM Page 1

ਗੁਰਦਾਸਪੁਰ ਗ੍ਰਨੇਡ ਹਮਲੇ ਦੇ ਸੰਬੰਧ ਇਕ ਹੋਰ ਗ੍ਰਿਫ਼ਤਾਰ, ਇਕ ਪਿਸਤੌਲ, ਅਪਰਾਧ ਦੌਰਾਨ ਵਰਤਿਆ ਗਿਆ ਮੋਟਰਸਾਈਕਲ ਬਰਾਮਦ

ਗੁਰਦਾਸਪੁਰ (ਜਨਕ ਮਹਾਜਨ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਗੁਰਦਾਸਪੁਰ ਗ੍ਰਨੇਡ ਹਮਲੇ ਦੇ ਸਬੰਧ ਵਿੱਚ ਇੱਕ ਹੋਰ ਸਫਲਤਾ ਦਰਜ ਕਰਦਿਆਂ ਕਾਊਂਟਰ ਇੰਟੈਲੀਜੈਂਸ (ਸੀਆਈ) ਬਠਿੰਡਾ ਨੇ ਗੁਰਦਾਸਪੁਰ ਪੁਲਿਸ ਨਾਲ ਸਾਂਝੀ ਕਾਰਵਾਈ ਤਹਿਤ ਗ੍ਰਨੇਡ ਹਮਲੇ ਵਿੱਚ ਸ਼ਾਮਲ ਇਕ ਹੋਰ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਬੁੱਧਵਾਰ ਨੂੰ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਮੋਹਨ ਸਿੰਘ ਵਾਸੀ ਰਾਮੂਵਾਲ, ਬਠਿੰਡਾ ਵਜੋਂ ਹੋਈ ਹੈ । ਇਹ ਕਾਰਵਾਈ 25 ਨਵੰਬਰ 2025 ਨੂੰ ਸ਼ਾਮ 7.30 ਵਜੇ ਦੇ ਕਰੀਬ ਗੁਰਦਾਸਪੁਰ ਸਿਟੀ ਪੁਲਿਸ ਥਾਣੇ 'ਤੇ ਹੋਏ ਗ੍ਰਨੇਡ ਹਮਲੇ ਦੇ ਸਬੰਧ ਵਿੱਚ ਪੰਜਾਬ ਪੁਲਿਸ ਵਲੋਂ ਚਾਰ ਮੁਲਜ਼ਮਾਂ ਪ੍ਰਦੀਪ ਕੁਮਾਰ, ਗੁਰਦਿੱਤ, ਨਵੀਨ ਚੌਧਰੀ ਅਤੇ ਕੁਸ਼ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ ਸਾਹਮਣੇ ਆਈ ਹੈ। ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇਕ ਪੀ-86 ਹੈਂਡ ਗ੍ਰਨੇਡ ਅਤੇ ਦੋ ਪਿਸਤੌਲ ਬਰਾਮਦ ਕੀਤੇ ਸਨ। ਇਸ ਗ੍ਰਿਫ਼ਤਾਰੀ ਨਾਲ, ਉਕਤ ਮਾਮਲੇ ਵਿੱਚ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਕੁੱਲ ਗਿਣਤੀ ਹੁਣ ਪੰਜ ਹੋ ਗਈ ਹੈ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੋਹਨ ਸਿੰਘ ਪਾਕਿਸਤਾਨ ਦੀ ਆਈ.ਐਸ. ਆਈ. ਵੱਲੋਂ ਹਮਾਇਤ ਪ੍ਰਾਪਤ ਗੈਂਗਸਟਰ ਸ਼ਹਿਜ਼ਾਦ ਭੱਟੀ ਦੇ ਸੰਪਰਕ ਵਿੱਚ ਸੀ। ਡੀਜੀਪੀ ਨੇ ਕਿਹਾ ਕਿ ਮੁਲਜ਼ਮ ਮੋਹਨ ਸਿੰਘ ਨੇ ਸ਼ਹਿਜ਼ਾਦ ਦੇ ਨਿਰਦੇਸ਼ਾਂ 'ਤੇ ਕੰਮ ਕਰਦੇ ਹੋਏ ਪੰਜਾਬ ਰਾਜ ਵਿੱਚ ਦਹਿਸ਼ਤ ਫੈਲਾਉਣ ਦੇ ਇਰਾਦੇ ਨਾਲ ਗ੍ਰਨੇਡ ਹਮਲੇ ਨੂੰ ਅੰਜਾਮ ਦੇਣ ਵਿੱਚ ਅਹਿਮ ਭੂਮਿਕਾ ਨਿਭਾਈ ਸੀ। ਏ.ਆਈ.ਜੀ. (ਸੀਆਈ) ਬਠਿੰਡਾ ਅਵਨੀਤ ਕੌਰ ਸਿੱਧੂ ਨੇ ਕਾਰਵਾਈ ਸੰਬੰਧੀ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਤਕਨੀਕੀ ਅਤੇ ਖੁਫੀਆ ਜਾਣਕਾਰੀ ਦੇ ਆਧਾਰ 'ਤੇ, ਸੀ.ਆਈ. ਬਠਿੰਡਾ ਨੇ ਗੁਰਦਾਸਪੁਰ ਪੁਲਿਸ ਨਾਲ ਗੁਪਤ ਜਾਣਕਾਰੀ ਸਾਂਝੀ ਕੀਤੀ, ਜਿਸ ਦੇ ਆਧਾਰ 'ਤੇ ਦੋਸ਼ੀ ਮੋਹਨ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ। ਸੀਨੀਅਰ ਪੁਲਿਸ ਸੁਪਰਡੈਂਟ (ਐਸਐਸਪੀ) ਗੁਰਦਾਸਪੁਰ ਆਦਿੱਤਿਆ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਮੁਲਜ਼ਮ ਮੋਹਨ ਦੇ ਖੁਲਾਸੇ 'ਤੇ ਪੁਲਿਸ ਟੀਮਾਂ ਨੇ ਇੱਕ 32 ਬੋਰ ਪਿਸਤੌਲ ਸਮੇਤ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਇਸ ਤੋਂ ਇਲਾਵਾ ਪੁਲਿਸ ਨੇ ਇੱਕ ਕਾਲਾ ਸਪਲੈਂਡਰ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ, ਜਿਸਦੀ ਵਰਤੋਂ ਮਾਡਿਊਲ ਵੱਲੋਂ ਅਪਰਾਧ ਨੂੰ ਅੰਜਾਮ ਦੇਣ ਵਿੱਚ ਕੀਤੀ ਗਈ ਸੀ। ਇਸ ਸਬੰਧ ਵਿੱਚ, ਐਫਆਈਆਰ ਨੰਬਰ 289 ਮਿਤੀ 26/11/2025 ਅਧੀਨ ਬੀਐਨਐਸ ਦੀ ਧਾਰਾ 109, 324(4) ਅਤੇ ਬੀਐਨਐਸ ਦੀ ਧਾਰਾ 111 ਅਤੇ ਵਿਸਫੋਟਕ ਪਦਾਰਥ ਐਕਟ ਦੀ ਧਾਰਾ 3,4, ਅਤੇ 5 ਤਹਿਤ ਪੁਲਿਸ ਸਟੇਸ਼ਨ ਸਿਟੀ ਗੁਰਦਾਸਪੁਰ ਵਿਖੇ ਪਹਿਲਾਂ ਹੀ ਕੇਸ ਦਰਜ ਕੀਤਾ ਜਾ ਚੁੱਕਾ ਹੈ।

ਸ਼ੈਰੀ ਕਲਸੀ ਦੀ ਅਗਵਾਈ 'ਚ ਬਟਾਲਾ ਸ਼ਹਿਰ ਦੀ ਵਿਕਾਸ ਪੱਖੋਂ ਬਦਲੀ ਨੁਹਾਰ : ਚੇਅਰਮੈਨ ਮਾਨਿਕ ਮਹਿਤਾ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਵਲੋਂ ਬਟਾਲਾ ਸ਼ਹਿਰ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੂਰ ਕਰਨ ਦੇ ਨਾਲ ਵਿਕਾਸ ਕਾਰਜ

ਤੇਜ਼ੀ ਨਾਲ ਕਰਵਾਏ ਜਾ ਰਹੇ ਹਨ।ਇਹ ਪ੍ਰਗਟਾਵਾ ਚੇਅਰਮੈਨ ਮਾਨਿਕ ਮਹਿਤਾ ਨੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਲਾਂ ਸੁਣਨ ਉਪਰੰਤ ਕੀਤਾ।ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕਾਰਜਾਂ ਕਰਵਾਏ ਗਏ ਹਨ ਅਤੇ ਕਈ ਵਿਕਾਸ ਕੰਮ ਚੱਲ ਰਹੇ ਹਨ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਕਰੋੜਾਂ ਰੁਪਏ ਦੀ ਲਾਗਤ ਨਾਲ ਸ਼ਹਿਰ ਵਿੱਚ ਲਾਈਟਾਂ ਲਗਾਈਆਂ ਜਾ ਰਹੀਆਂ ਹਨ, ਜਿਸ ਨਾਲ ਦੁਕਾਨਦਾਰਾਂ ਅਤੇ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਉਨ੍ਹਾਂ ਦੱਸਿਆ ਕਿ ਇਤਿਹਾਸਕ ਅਤੇ ਧਾਰਮਿਕ ਸ਼ਹਿਰ ਬਟਾਲਾ ਨੂੰ ਹੋਰ ਖੂਬਸੂਰਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਵਿਕਾਸ ਕੰਮ ਤੇਜ਼ ਗਤੀ ਨਾਲ ਚੱਲ ਰਹੇ ਹਨ।ਉਨ੍ਹਾਂ ਅੱਗੇ ਦੱਸਿਆ ਕਿ ਪਿਛਲੇ ਦਿਨੀਂ ਬਟਾਲਾ ਵਿਖੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸਹੂਲਤਾਂ ਦੇਣ ਦੇ ਮੰਤਵ ਨਾਲ ਨਵੇਂ ਤਹਿਸੀਲ ਕੰਪਲੈਕਸ ਦਾ ਉਦਘਾਟਨ ਕੀਤਾ ਗਿਆ। ਸ਼ਹਿਰ ਅੰਦਰ ਚੌਕਾਂ ਨੂੰ ਚੌੜਾ ਕਰਕੇ ਖੂਬਸੂਰਤ ਬਣਾਇਆ ਗਿਆ ਹੈ। ਸ਼ਹਿਰ ਦੀ ਲਾਇਬ੍ਰੇਰੀ ਦੀ ਇਮਾਰਤ ਦਾ ਨਵੀਨੀਕਰਨ ਕੀਤਾ ਗਿਆ ਹੈ। ਸਕੂਲ ਆਫ ਐਮੀਨੈਂਸ ਦੀ ਉਸਾਰੀ ਕਰਵਾਈ ਗਈ ਹੈ। ਸ਼ਹਿਰ ਅੰਦਰ ਆਵਾਜਾਈ ਨੂੰ ਸੁਖਾਲਾ ਬਣਾਉਣ ਲਈ ਯਤਨ ਕੀਤੇ ਗਏ ਹਨ।

ਅਵਾਂਖਾ 'ਚ 'ਆਪ' ਦੇ ਦੋ ਪ੍ਰਮੁੱਖ ਆਗੂ ਵੱਡੀ ਗਿਣਤੀ 'ਚ ਸਾਥੀਆਂ ਸਮੇਤ ਕਾਂਗਰਸ 'ਚ ਹੋਏ ਸ਼ਾਮਲ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਤੋਂ ਪਹਿਲਾਂ ਸੱਤਾਧਾਰੀ ਪਾਰਟੀ ਨੂੰ ਜ਼ੋਰਦਾਰ ਝਟਕਾ ਦਿੰਦਿਆਂ ਵਿਧਾਇਕਾ ਅਰੁਣਾ ਚੌਧਰੀ ਨੇ ਪਿੰਡ ਅਵਾਂਖਾ ਵਿੱਚ 'ਆਪ' ਦਾ ਝੰਡਾ ਚੁੱਕਣ ਵਾਲੇ ਦੋ ਪ੍ਰਮੁੱਖ ਆਗੂਆਂ ਪ੍ਰਦੀਪ ਠਾਕੁਰ ਨੀਟੂ ਅਤੇ ਰਾਜ ਕੁਮਾਰ ਅਵਾਂਖਾ ਨੂੰ ਵੱਡੀ ਗਿਣਤੀ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਕੀਤਾ ਹੈ। ਇਹ ਦੋਨੋਂ ਆਗੂ 'ਆਪ' ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੇ 'ਰਾਈਟ ਹੈਂਡ' ਵਜੋਂ ਜਾਣੇ ਜਾਂਦੇ ਸਨ ਅਤੇ ਦੀਨਾਨਗਰ ਹਲਕੇ ਦੇ ਸਭ ਤੋਂ ਵੱਡੇ ਪਿੰਡ ਅਵਾਂਖਾ ਵਿੱਚ ਇਨ੍ਹਾਂ

ਆਗੂਆਂ ਦੀ ਬਦੌਲਤ ਹੀ ਆਮ ਆਦਮੀ ਪਾਰਟੀ ਕੁਝ ਹੱਦ ਤੱਕ ਸਟੈਂਡ ਕਰਦੀ ਨਜ਼ਰ ਆਉਂਦੀ ਸੀ। ਇਸ ਮੌਕੇ ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਤਮਾਮ ਵਰਕਰਾਂ ਦਾ ਕਾਂਗਰਸ ਪਾਰਟੀ ਵਿੱਚ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਪਾਰਟੀ ਅੰਦਰ ਪੂਰਾ ਮਾਣ ਸਨਮਾਨ ਦੇਣ ਦਾ ਭਰੋਸਾ ਦਿੱਤਾ। ਅਸ਼ੋਕ ਚੌਧਰੀ ਨੇ ਕਿਹਾ ਕਿ ਅੱਜ ਇਹ ਸਾਫ਼ ਹੋ ਗਿਆ ਹੈ ਕਿ 'ਆਪ' ਪਾਰਟੀ ਅੰਦਰ ਮਾਯੂਸੀ ਦੇ ਆਲਮ ਵਿੱਚ ਦਿਨ ਕੱਟ ਰਹੇ ਵਰਕਰ ਹੁਣ ਕਾਂਗਰਸ ਪਾਰਟੀ ਵੱਲ ਪਰਤ ਰਹੇ ਹਨ। ਉਨ੍ਹਾਂ ਕਿਹਾ ਕਿ ਦੀਨਾਨਗਰ ਅੰਦਰ ਜਿੱਥੇ ਹਲਕਾ ਇੰਚਾਰਜ ਦੀਆਂ ਨੀਤੀਆਂ ਵਰਕਰ ਵਿਰੋਧੀ ਹਨ ਉੱਥੇ ਆਮ ਆਦਮੀ ਪਾਰਟੀ ਵੀ ਲੋਕਾਂ ਦੀਆਂ ਉਮੀਦਾਂ 'ਤੇ ਖ਼ਰੀ ਨਾ ਉੱਤਰਣ ਕਾਰਨ ਲੋਕ ਮਨਾਂ ਤੋਂ ਉੱਤਰਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਆਪਣੇ ਵਰਕਰਾਂ ਦੀ ਕਦਰ ਕਰਦੀ ਹੈ, ਇਸੇ ਲਈ ਆਏ ਦਿਨ ਵੱਖ ਵੱਖ ਪਾਰਟੀਆਂ ਦੇ ਲੋਕ ਉਨ੍ਹਾਂ ਨਾਲ ਜੁੜ ਰਹੇ ਹਨ। 'ਆਪ' ਨੂੰ ਅਲਵਿਦਾ ਆਖਣ ਵਾਲੇ ਪ੍ਰਦੀਪ ਠਾਕੁਰ ਨੀਟੂ ਨੇ ਦੱਸਿਆ ਕਿ ਉਨ੍ਹਾਂ ਨੇ ਬਤੌਰ ਬਲਾਕ ਪ੍ਰਧਾਨ 'ਆਪ' ਪਾਰਟੀ ਲਈ ਕਰੜੀ ਮੇਹਨਤ ਕੀਤੀ ਅਤੇ ਪਾਰਟੀ ਨੂੰ ਸਟੈਂਡ ਕਰਨ 'ਚ ਅਹਿਮ ਭੂਮਿਕਾ ਨਿਭਾਈ ਪਰ ਪਾਰਟੀ ਅੰਦਰ ਕਿਸੇ ਵੀ ਪੁਰਾਣੇ ਵਰਕਰ ਦੀ ਕਦਰ ਨਹੀਂ ਹੋਈ।

ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਗਲਾਂ 'ਚ ਸੰਗਲੀਆਂ ਪਾ ਕੇ ਪੈਰੋਲ ਰੱਦ ਕਰਨ ਦੇ ਵਿਰੋਧ ਵਿੱਚ ਰੋਸ ਮਾਰਚ ਤੇ ਧਰਨਾ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਪੰਜਾਬ ਸਰਕਾਰ ਵੱਲੋਂ ਪੈਰੋਲ ਰੱਦ ਕਰ ਦਿੱਤੇ ਜਾਣ ਦੇ ਵਿਰੋਧ ਵਿੱਚ ਰਣਜੀਤ ਐਵਨਿਊ ਤੋਂ ਅੰਮ੍ਰਿਤਸਰ ਡੀ ਸੀ ਦਫ਼ਤਰ ਤੱਕ ਗਲਾਂ ਵਿੱਚ ਸੰਗਲੀਆਂ ਪਾ ਕੇ ਅਤੇ ਪੱਗਾਂ 'ਤੇ ਕਾਲੇ ਰੀਬਨ ਬੰਨ੍ਹ ਕੇ ਵਿਸ਼ਾਲ ਰੋਸ ਮਾਰਚ ਕੀਤਾ ਗਿਆ ਅਤੇ ਧਰਨਾ ਲਗਾਇਆ ਗਿਆ, ਜਿਸ ਦੀ ਅਗਵਾਈ ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਵੱਲੋਂ ਕੀਤੀ ਗਈ। ਡੀ ਸੀ ਦਫ਼ਤਰ ਦੇ ਬਾਹਰ ਦਿੱਤੇ ਗਏ ਧਰਨੇ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਮੁੱਚੀ ਲੀਡਰਸ਼ਿਪ, ਕਿਸਾਨ ਜਥੇਬੰਦੀਆਂ, ਸਿੱਖ ਜਥੇਬੰਦੀਆਂ ਅਤੇ ਸੈਕੜੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਧਰਨੇ ਦੌਰਾਨ ਪੰਜਾਬ ਸਰਕਾਰ ਦੀ ਰਾਜਨੀਤਿਕ ਧੱਕੇਸ਼ਾਹੀ ਤੇ ਪੈਰੋਲ ਰੱਦ ਕਰਨ ਦੇ ਫ਼ੈਸਲੇ ਦਾ ਤਿੱਖਾ ਵਿਰੋਧ ਕੀਤਾ ਗਿਆ ਅਤੇ ਡੀ ਸੀ ਅੰਮ੍ਰਿਤਸਰ ਨੂੰ ਦਿੱਤੇ

ਮੰਗ ਪੱਤਰ ਦੇ ਰਾਹੀਂ ਭਾਰਤ ਦੇ ਰਾਸ਼ਟਰਪਤੀ, ਸਪੀਕਰ ਲੋਕ ਸਭਾ ਅਤੇ ਪੰਜਾਬ ਦੇ ਗਵਰਨਰ ਤੋਂ ਤੁਰੰਤ ਦਖ਼ਲ ਦੇ ਕੇ ਨਿਆਂ ਦੀ ਮੰਗ ਕੀਤੀ ਗਈ। ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਖ਼ਾਲਸਾ, ਜੋ ਪਿਛਲੇ ਦੋ ਸਾਲ ਤੋਂ ਵੱਧ ਸਮੇਂ ਤੋਂ ਡਿਬਰੂਗੜ੍ਹ ਜੇਲ ਵਿੱਚ ਨਜ਼ਰਬੰਦ ਹਨ, ਨੂੰ ਭਾਰੀ ਬਹੁਮਤ ਨਾਲ ਜਿੱਤਣ ਦੇ ਬਾਵਜੂਦ ਨਾ ਤਾਂ ਰਿਹਾਅ ਕੀਤਾ ਜਾ ਰਿਹਾ ਹੈ ਅਤੇ ਨਾ ਹੀ ਬਤੌਰ ਮੈਂਬਰ ਪਾਰਲੀਮੈਂਟ ਸੰਸਦ ਵਿੱਚ ਬੋਲਣ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ। ਨਾਜਾਇਜ਼ ਤੌਰ 'ਤੇ ਪਹਿਲਾਂ ਐਨ ਐਸ ਏ ਲਗਾ ਕੇ ਉਹਨਾਂ ਨੂੰ ਪੰਜਾਬ ਤੋਂ ਦੂਰ ਭੇਜਿਆ ਗਿਆ, ਫਿਰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਤਿੰਨ ਵਾਰ ਲਗਾਤਾਰ ਐਨ ਐਸ ਏ ਵਧਾ ਕੇ ਰਾਜਨੀਤਿਕ ਬਦਲਾਖੋਰੀ ਨੂੰ ਕਾਨੂੰਨੀ ਜਾਮਾ ਪਾਇਆ ਗਿਆ। ਇਸ ਮੌਕੇ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਇਕ ਚੁਣੇ ਹੋਏ ਨੁਮਾਇੰਦੇ ਨੂੰ ਸੰਸਦ ਵਿੱਚ ਨਾ ਬੋਲਣ ਦੇਣਾ ਲੋਕਤੰਤਰਿਕ ਅਧਿਕਾਰਾਂ ਦਾ ਘਾਣ ਹੈ ਅਤੇ ਅੱਜ ਦਾ ਰੋਸ ਮਾਰਚ ਅਤੇ ਧਰਨਾ ਪੰਜਾਬ ਸਰਕਾਰ ਨੂੰ ਸੂਚਿਤ ਕਰਨ ਲਈ ਹੈ ਕਿ ਲੋਕਾਂ ਦੀ ਆਵਾਜ਼ ਨੂੰ ਨਾ ਤਾਂ ਦਬਾਇਆ ਜਾ ਸਕਦਾ ਹੈ ਅਤੇ ਨਾ ਹੀ ਮਿਟਾਇਆ ਜਾ ਸਕਦਾ ਹੈ ਅਤੇ ਇਹ ਸੰਘਰਸ਼ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਰਿਹਾਈ ਅਤੇ ਸੰਵਿਧਾਨਿਕ ਹੱਕਾਂ ਦੀ ਬਹਾਲੀ ਤੱਕ ਜਾਰੀ ਰਹੇਗਾ।

'ਆਪ' ਵੱਲੋਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਦਾਖਲ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਹਲਕਾ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਦੇ ਦਿਸ਼ਾ ਨਿਰਦੇਸ਼ਾਂ ਹੇਠ ਆਪ ਵੱਲੋਂ ਅੱਜ ਬਲਾਕ ਡੇਰਾ ਬਾਬਾ ਨਾਨਕ ਬਲਾਕ ਕਲਾਨੌਰ ਵਿਖੇ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ।ਉਨ੍ਹਾਂ ਕਿਹਾ ਕਿ ਹਲਕਾ ਡੇਰਾ ਬਾਬਾ ਨਾਨਕ 'ਚ ਬਲਾਕ

ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਪਾਰਦਰਸ਼ੀ ਢੰਗ ਨਾਲ ਹੋਣਗੀਆਂ ਤੇ ਇਹ ਚੋਣਾਂ ਆਮ ਆਦਮੀ ਪਾਰਟੀ ਪੰਚਾਇਤ ਚੋਣਾਂ ਅਤੇ ਡੇਰਾ ਬਾਬਾ ਨਾਨਕ ਨਗਰ ਕੌਂਸਲਿੰਗ ਚੋਣਾਂ ਦੀ ਤਰਜ਼ ਤੇ ਬਿਨਾਂ ਕਿਸੇ ਭੇਦਭਾਵ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਹਲਕਾ ਡੇਰਾ ਬਾਬਾ ਨਾਨਕ 'ਚ ਕਰਵਾਏ ਗਏ ਵਿਕਾਸ ਕਾਰਜਾਂ ਲੋਕ ਭਲਾਈ ਦੇ ਕਰਵਾਏ ਗਏ ਕੰਮਾਂ ਤੇ ਅਧਾਰ ਤੇ ਲੜੀਆਂ ਜਾਣਗੀਆਂ। ਪਾਰਟੀ ਹਾਈਕਮਾਨ ਕਮਾਨ ਵੱਲੋਂ ਉਮੀਦਵਾਰਾਂ ਦੀ ਜਾਰੀ ਕੀਤੀ ਗਈ ਸੂਚੀ ਸਵਾਗਤ ਕਰਦੇ ਹਾਂ ਅਤੇ ਪਾਰਟੀ ਹਾਈਕਮਾਨ ਨੂੰ ਵਿਸ਼ਵਾਸ ਦਿਵਾਉਂਦੇ ਹਾਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੀ ਸੀਟਾਂ ਜਿੱਤ ਕੇ ਪਾਰਟੀ ਦੀ ਝੋਲੀ ਚ ਪਾਈਆਂ ਜਾਣਗੀਆਂ।ਇਸ ਮੌਕੇ ਸੀਨੀ: ਆਪ ਆਗੂ ਜਸਬੀਰ ਸਿੰਘ ਕਾਹਲੋਂ, ਆਮ ਆਦਮੀ ਪਾਰਟੀ ਹਲਕਾ ਸੰਗਠਨ ਇੰਚਾਰਜ ਜਤਿੰਦਰ ਸਿੰਘ ਹੈਪੀ ਡੇਹਰੀਵਾਲ, ਬਲਵਿੰਦਰ ਸਿੰਘ ਹਰੂਵਾਲ, ਸਤਨਾਮ ਸਿੰਘ ਸਰਪੰਚ ਟਰਪੱਲਾ, ਸਿੰਘ ਸਰਪੰਚ ਪੱਬਾਂਰਾਲੀ ਖੁਰਦ, ਦਿਲਬਾਗ ਸਿੰਘ ਸਰਪੰਚ ਪੱਬਾਂਵਾਲੀ ਕਲਾਂ, ਰਾਮਜੀਤ ਸਿੰਘ ਸਰਪੰਚ ਕੋਟ ਮੌਲਵੀ, ਸੁਖਦੀਪ ਸਿੰਘ ਸਰਪੰਚ ਹਕੀਮਬੇਗ, ਮਹਿੰਦਰ ਸਿੰਘ ਸਿੰਘ ਸਰਪੰਚ ਨਿਕੋਸਰਾ, ਸਰਦੂਲ ਮਸੀਹ ਸਰਪੰਚ ਮਲਮੂਹਾ, ਬਲਜੀਤ ਸਿੰਘ ਸਰਪੰਚ ਬਾਂਗੋਵਾਣੀ, ਚਰਨਜੀਤ ਸਿੰਘ ਹਲਕਾ ਕੋਆਰਡੀਨੇਟਰ ਆਮ ਆਦਮੀ ਪਾਰਟੀ ਐਸ ਸੀ ਵਿੰਗ,ਰਵਿੰਦਰ ਸਿੰਘ, ਰਣਧੀਰ ਸਿੰਘ ਸਰਪੰਚ ਉਦੋਵਾਲੀ ਕਲਾਂ,ਗੁਰਦਿਆਲ ਸਿੰਘ ਅਤੇ ਆਪ ਆਗੂ ਹਾਜ਼ਰ ਸਨ।

ਲੋਕ ਸੇਵਾ ਦਲ ਵ

ਨਵਾਂ ਜ਼ਮਾਨਾ
ਸ਼ੁੱਕਰਵਾਰ, 5 ਦਸੰਬਰ 2025

ਚੀਫ ਜਸਟਿਸ ਦੀ ਭਾਵਨਾ ਤੇ ਹਕੀਕਤ

ਦੇਸ਼ ਦੇ ਚੀਫ ਜਸਟਿਸ ਦਾ ਇਹ ਕਹਿਣਾ ਕਿ ਉਹ ਸਭ ਤੋਂ ਗਰੀਬ ਤੇ ਕਤਾਰ ਦੇ ਅਖੀਰ ਵਿੱਚ ਖੜ੍ਹੇ ਵਿਅਕਤੀ ਲਈ ਅੱਧੀ ਰਾਤ ਤੱਕ ਅਦਾਲਤ ਵਿੱਚ ਬੈਠ ਸਕਦੇ ਹਨ, ਸੁਣਨ ਵਿੱਚ ਧਰਵਾਸ ਦੇਣ ਵਾਲਾ ਲਗਦਾ ਹੈ, ਪਰ ਜਦ ਇਸ ਵਿਚਾਰ ਨੂੰ ਨਿਆਂਇਕ ਢਾਂਚੇ ਦੀ ਪੂਰੀ ਯਾਤਰਾ ਵਿੱਚ ਰੱਖ ਕੇ ਦੇਖਿਆ ਜਾਵੇ ਤਾਂ ਕਈ ਅਜਿਹੇ ਪਹਿਲੂ ਸਾਹਮਣੇ ਆਉਂਦੇ ਹਨ, ਜਿਹੜੇ ਇਸ ਜਜ਼ਬਾਤੀ ਐਲਾਨ ਦੀ ਪ੍ਰਭਾਵਸ਼ੀਲਤਾ 'ਤੇ ਬੁਨਿਆਦੀ ਸੁਆਲ ਖੜ੍ਹੇ ਕਰ ਦਿੰਦੇ ਹਨ। ਨਿਆਂਇਕ ਪ੍ਰਕਿਰਿਆ ਦੀ ਸ਼ੁਰੂਆਤ ਟਰਾਇਲ ਕੋਰਟ ਤੋਂ ਹੁੰਦੀ ਹੈ, ਜਿੱਥੇ ਗਰੀਬ ਵਿਅਕਤੀ ਦੇ ਮੁਕੱਦਮੇ ਸਾਲਾਂ-ਬੱਧੀ ਪੈਂਡਿੰਗ ਰਹਿੰਦੇ ਹਨ। ਇਸ ਮੁਢਲੇ ਪੜਾਅ 'ਤੇ ਹੀ ਉਸ ਦੀ ਆਰਥਕ ਸਮਰੱਥਾ, ਸਮਾਜੀ ਸਥਿਤੀ ਤੇ ਕਾਨੂੰਨੀ ਵਸੀਲਿਆਂ ਦੀ ਕਮੀ ਉਸ ਨੂੰ ਕਮਜ਼ੋਰ ਕਰ ਦਿੰਦੀ ਹੈ। ਜੇ ਕਿਸੇ ਤਰ੍ਹਾਂ ਵਰ੍ਹਿਆਂ ਦੀ ਉਡੀਕ ਤੋਂ ਬਾਅਦ ਮਾਮਲਾ ਅੱਗੇ ਵਧਦਾ ਵੀ ਹੈ ਤਾਂ ਹਾਈ ਕੋਰਟ ਵਿੱਚ ਵਧੇਰੇ ਖਰਚ ਤੇ ਪੇਚੀਦਾ ਪ੍ਰਕਿਰਿਆ ਉਡੀਕ ਹੋਰ ਲੰਮੀ ਕਰ ਦਿੰਦੀ ਹੈ। ਬੰਦਾ ਹਤਾਸ਼ ਹੋ ਕੇ ਨਿਆਂ ਦੀ ਰਾਹ ਵਿੱਚ ਹੀ ਟੁੱਟਣ ਲਗਦਾ ਹੈ। ਇਸ ਦੇ ਬਾਅਦ ਸੁਪਰੀਮ ਕੋਰਟ ਤੱਕ ਪੁੱਜਣ ਦੀ ਸੰਭਾਵਨਾ ਤਾਂ ਉਂਜ ਹੀ ਬਹੁਤ ਸੀਮਤ ਹੈ, ਕਿਉਂਕਿ ਇਹ ਆਰਥਕ ਤੌਰ 'ਤੇ ਕਮਜ਼ੋਰ ਲੋਕਾਂ ਦੀ ਪਹੁੰਚ ਤੋਂ ਲਗਭਗ ਦੂਰ ਹੋ ਚੁੱਕੀ ਹੈ। ਮਾਹਰ ਵਕੀਲਾਂ ਦੀ ਫੀਸ, ਲੰਮੀਆਂ ਤਰੀਕਾਂ, ਤਕਨੀਕੀ ਕਾਰਵਾਈਆਂ ਤੇ ਅਪੀਲ ਦੀ ਮਹਿੰਗੀ ਪ੍ਰਕਿਰਤੀ ਕਾਰਨ ਉਹੀ ਲੋਕ ਸੁਪਰੀਮ ਕੋਰਟ ਤੱਕ ਪੁੱਜਦੇ ਹਨ, ਜਿਨ੍ਹਾਂ ਕੋਲ ਚੋਖੇ ਸਾਧਨ ਹੁੰਦੇ ਹਨ।

ਅਜਿਹੇ ਵਿੱਚ ਸਹਿਜੇ ਹੀ ਸੁਆਲ ਉੱਠਦਾ ਹੈ ਕਿ ਅੱਧੀ ਰਾਤ ਤੱਕ ਅਦਾਲਤਾਂ ਖੁੱਲ੍ਹਣ ਦਾ ਲਾਭ ਅਸਲ ਵਿੱਚ ਕਿਸ ਵਰਗ ਨੂੰ ਹੋਵੇਗਾ। ਵੀਹ-ਵੀਹ ਸਾਲ ਚੱਲਣ ਵਾਲੇ ਟਰਾਇਲ, ਫਿਰ ਅਪੀਲ, ਫਿਰ ਸਪੈਸ਼ਲ ਲੀਵ ਪਟੀਸ਼ਨ ਸਭ ਤੋਂ ਗਰੀਬ ਵਿਅਕਤੀ ਨੂੰ ਨਿਆਂ ਉਪਲੱਬਧ ਕਰਾਉਣ ਤੋਂ ਪਹਿਲਾਂ ਹੀ ਉਸ ਦੀ ਸਹਿਣ ਸ਼ਕਤੀ ਖਤਮ ਕਰ ਦਿੰਦੇ ਹਨ। ਨਿਆਂ ਵਿੱਚ ਦੇਰੀ ਉਸ ਲਈ ਸਭ ਤੋਂ ਵੱਡੀ ਸਜ਼ਾ ਬਣ ਜਾਂਦੀ ਹੈ। ਇਸ ਲਈ ਦੇਰ ਰਾਤ ਤੱਕ ਅਦਾਲਤ ਖੋਲ੍ਹ ਦੇਣ ਨਾਲ ਨਿਆਂ ਆਸਾਨ ਨਹੀਂ ਹੁੰਦਾ, ਕਿਉਂਕਿ ਆਸਾਨ ਨਿਆਂ ਦਾ ਸੁਆਲ ਅਦਾਲਤ ਦੇ ਸਮੇਂ ਨਾਲੋਂ ਵੱਧ ਪੂਰੀ ਪ੍ਰਣਾਲੀ ਦੀ ਸੰਰਚਨਾ ਨਾਲ ਜੁੜਿਆ ਹੈ। ਜੇ ਕਤਾਰ ਦੇ ਅਖੀਰ ਵਿੱਚ ਖੜ੍ਹੇ ਵਿਅਕਤੀ ਨੂੰ ਨਿਆਂ ਪਹੁੰਚਾਉਣਾ ਉਦੇਸ਼ ਹੈ ਤਾਂ ਸਭ ਤੋਂ ਪਹਿਲਾਂ ਪੈਂਡਿੰਗ ਮੁਕੱਦਮਿਆਂ ਨੂੰ ਘਟਾਉਣਾ, ਟਰਾਇਲ ਦੀ ਰਫਤਾਰ ਤੇਜ਼ ਕਰਨਾ, ਕਾਨੂੰਨੀ ਸਹਾਇਤਾ ਨੂੰ ਪ੍ਰਭਾਵੀ ਤੇ ਵਿਹਾਰਕ ਬਣਾਉਣਾ ਅਤੇ ਨਿਆਂਇਕ ਪ੍ਰਕਿਰਿਆਵਾਂ ਨੂੰ ਸਰਲ ਤੇ ਸਸਤਾ ਬਣਾਉਣਾ ਜ਼ਰੂਰੀ ਹੈ। ਇਨ੍ਹਾਂ ਬੁਨਿਆਦੀ ਸੁਧਾਰਾਂ ਦੇ ਬਿਨਾਂ ਸਿਰਫ ਪ੍ਰਤੀਕਾਤਮਕ ਕਦਮ ਅਸਲੀ ਨਿਆਂ ਨਹੀਂ ਦੇਣਗੇ। ਜੇ ਕੋਈ ਸਰਵੇਖਣ ਇਹ ਦਿਖਾ ਦੇਵੇ ਕਿ ਸੁਪਰੀਮ ਕੋਰਟ ਵਿੱਚ ਆਉਣ ਵਾਲੇ ਮਾਮਲਿਆਂ 'ਚ ਆਰਥਕ ਤੌਰ 'ਤੇ ਕਮਜ਼ੋਰ ਵਰਗ ਦਾ ਪ੍ਰਤੀਸ਼ਤ ਕਿੰਨਾ ਹੈ ਤਾਂ ਸਪੱਸ਼ਟ ਹੋ ਜਾਵੇਗਾ ਕਿ ਨਿਆਂਇਕ ਢਾਂਚਾ ਕਿਸ ਨੂੰ ਵੱਧ ਮੌਕੇ ਦਿੰਦਾ ਹੈ ਅਤੇ ਕੌਣ ਸਭ ਤੋਂ ਅਖੀਰ ਵਿੱਚ ਛੁੱਟ ਜਾਂਦਾ ਹੈ। ਇਹ ਸਰਵੇਖਣ ਸਾਬਤ ਕਰ ਦੇਵੇਗਾ ਕਿ ਰਾਤ ਵਿੱਚ ਅਦਾਲਤਾਂ ਖੁੱਲ੍ਹਣ ਦਾ ਲਾਭ ਕਿਸ ਨੂੰ ਪੁੱਜੇਗਾ ਤੇ ਕਿਸ ਨੂੰ ਨਹੀਂ। ਚੀਫ ਜਸਟਿਸ ਦੀ ਭਾਵਨਾ ਜਿੰਨੀ ਸੰਵੇਦਨਸ਼ੀਲ ਲਗਦੀ ਹੈ, ਹਕੀਕਤ ਓਨੀ ਹੀ ਵੱਖਰੀ ਹੈ। ਜਦੋਂ ਤੱਕ ਨਿਆਂਇਕ ਢਾਂਚਾ ਗਰੀਬ ਦੇ ਅਨੁਕੂਲ ਨਹੀਂ ਬਣਦਾ, ਉਦੋਂ ਤੱਕ ਅਦਾਲਤਾਂ ਦਾ ਦੇਰ ਰਾਤ ਖੁੱਲ੍ਹਣਾ ਵੀ ਉਸੇ ਵਰਗ ਲਈ ਫਾਇਦੇਮੰਦ ਹੋਵੇਗਾ, ਜਿਸ ਕੋਲ ਚੋਖੇ ਵਸੀਲੇ ਹਨ, ਜਦਕਿ ਜਿਨ੍ਹਾਂ ਨੂੰ ਅਸਲ ਵਿੱਚ ਨਿਆਂ ਦੀ ਲੋੜ ਹੈ, ਉਹ ਤਾਂ ਕਤਾਰ ਦੇ ਅੰਤ ਵਿੱਚ ਖੜ੍ਹੇ ਨਜ਼ਰ ਆਉਣਗੇ।

ਜਾਗਦੀਆਂ ਜ਼ਮੀਰਾਂ ਨਾਲ ਸੱਚ ਦੇ ਰਾਹ 'ਤੇ ਚਲਦਿਆਂ

ਗੁਰਚਰਨ ਸਿੰਘ ਨੂਰਪੁਰ

ਰਸੂਲ ਹਮਜ਼ਾਤੋਵ ਆਪਣੀ ਜਗਤ ਪ੍ਰਸਿੱਧ ਕਿਤਾਬ 'ਮੇਰਾ ਦਾਗਿਸਤਾਨ' ਵਿੱਚ ਝੂਠ ਅਤੇ ਸੱਚ ਦੀ ਵਾਰਤਾਲਾਪ ਨੂੰ ਬਿਆਨ ਕਰਦਿਆਂ ਲਿਖਦਾ ਹੈ ਕਿ ਇੱਕ ਦਿਨ 'ਝੂਠ' 'ਸੱਚ' ਨੂੰ ਆਖਣ ਲੱਗਾ, "ਵੇਖ, ਮੇਰਾ ਥਾਂ-ਥਾਂ 'ਤੇ ਸਤਿਕਾਰ ਹੈ, ਲੱਖਾਂ ਲੋਕ ਮੇਰੇ ਨਾਲ ਹਨ। ਮੇਰੀ ਹੋਂਦ ਨਾਲ ਲੋਕ ਆਪਣੇ ਆਪ ਨੂੰ ਸਰੱਖਿਅਤ ਮਹਿਸੂਸ ਕਰਦੇ ਹਨ। ਸਿਰਫ ਕੁਝ ਕੁ ਦਲੇਰ ਆਦਮੀ ਹੀ ਮੇਰਾ ਵਿਰੋਧ ਕਰਨ ਦੀ ਹਿੰਮਤ ਰੱਖਦੇ ਹਨ, ਪਰ ਉਹਨਾਂ ਦੀ ਗਿਣਤੀ ਬਹੁਤੀ ਨਹੀਂ।"

ਜਵਾਬ ਵਿੱਚ ਸੱਚ ਨੇ ਝੂਠ ਨੂੰ ਕਿਹਾ, "ਹਾਂ, ਸੱਚ ਬੋਲਣ ਵਾਲੇ ਬਹੁਤ ਥੋੜ੍ਹੇ ਹਨ ਅਤੇ ਇਹ ਉਹ ਲੋਕ ਹਨ, ਜਿਹਨਾਂ ਨੂੰ ਕਵੀ ਆਪਣੇ ਸਭ ਤੋਂ ਚੰਗੇ ਗੀਤ ਸਮਰਪਿਤ ਕਰਦੇ ਹਨ।"

ਸਮੇਂ ਦੇ ਹਰ ਦੌਰ ਵਿੱਚ ਮੋਟੇ ਤੌਰ 'ਤੇ ਤਿੰਨ ਕਿਸਮ ਦੇ ਲੋਕ ਪੈਦਾ ਹੁੰਦੇ ਰਹੇ ਹਨ।

ਇੱਕ ਆਪਣੀ ਵਿਚਾਰਧਾਰਾ ਨੂੰ ਦੂਜਿਆਂ 'ਤੇ ਜ਼ਬਰਦਸਤੀ ਠੋਸਣ ਵਾਲੇ। ਦੂਜੇ ਚੁੱਪ ਰਹਿਣ ਵਾਲੇ, ਤੀਜੇ ਸੱਚ ਨੂੰ ਸੱਚ ਤੇ ਝੂਠ ਨੂੰ ਝੂਠ ਕਹਿਣ ਵਾਲੇ। ਇਹਨਾਂ 'ਚੋਂ ਤੀਜੀ ਕਿਸਮ ਦੇ ਲੋਕਾਂ ਦੀ ਗਿਣਤੀ ਹਰ ਯੁੱਗ ਵਿੱਚ ਬੜੀ ਸੀਮਤ ਰਹੀ ਹੈ। ਜਿਹਨਾਂ ਨੇ ਡੰਕੇ ਦੀ ਚੋਟ 'ਤੇ ਸੱਚ ਨੂੰ ਸੱਚ ਤੇ ਝੂਠ ਨੂੰ ਝੂਠ ਕਹਿਣ ਦੀ ਜੁਅਰਤ ਕੀਤੀ। ਸੱਚ ਕਹਿਣ, ਸੁਣਨ ਅਤੇ ਲਿਖਣ ਵਾਲੇ ਜਾਗੀ ਹੋਈ ਜ਼ਮੀਰ ਵਾਲੇ ਲੋਕ ਹੁੰਦੇ ਹਨ। ਇਹ ਉਹ ਲੋਕ ਹੁੰਦੇ ਹਨ, ਜੋ ਲਕੀਰ ਦੇ ਫਕੀਰ ਨਹੀਂ ਬਣਦੇ।

ਭਗਤ ਸਿੰਘ ਨੇ ਕਿਹਾ ਸੀ, "ਗੁਲਾਮੀ ਦੀ ਲੰਮੀ ਉਮਰ ਭੋਗਣ ਨਾਲੋਂ ਆਜ਼ਾਦੀ ਲਈ ਅਣਖ ਦੀ ਮੌਤ ਮਰ ਜਾਣਾ ਕਿਤੇ ਬਿਹਤਰ ਹੈ।" ਸਦੀਆਂ ਤੋਂ ਹੱਕ-ਸੱਚ 'ਤੇ ਪਹਿਰਾ ਦੇਣ ਵਾਲੇ ਲੋਕਾਂ ਨੂੰ ਇਸ ਦੀ ਭਾਰੀ ਕੀਮਤ ਚੁਕਾਉਣੀ ਪੈਂਦੀ ਰਹੀ ਹੈ, ਪਰ ਸੱਚ ਬੋਲਿਆ ਜਾਂਦਾ ਰਿਹਾ ਹੈ, ਬੋਲਿਆ ਜਾਂਦਾ ਰਹੇਗਾ। ਸੱਚ ਨੂੰ ਦਬਾਇਆ ਨਹੀਂ ਜਾ ਸਕਦਾ, ਕਿਉਂਕਿ ਜਿੱਥੇ ਹਨੇਰਾ ਹੋਵੇ, ਉੱਥੇ ਚਾਨਣ ਦੇ ਛਿੱਟੇ ਦੇਣ ਵਾਲੇ ਵੀ ਜੰਮ ਪੈਂਦੇ ਹਨ। ਜਿੱਥੇ ਜ਼ੁਲਮ ਹੈ, ਉੱਥੇ ਜ਼ੁਲਮ ਨਾਲ ਲੋਹਾ ਲੈਣ ਵਾਲੇ ਵੀ ਪੈਦਾ ਹੁੰਦੇ ਹਨ। ਦੁਨੀਆਂ ਭਰ ਦਾ ਇਤਿਹਾਸ ਕਰਾਮਾਤਾਂ ਜਾਂ ਚਮਤਕਾਰਾਂ ਦਾ ਇਤਿਹਾਸ ਨਹੀਂ, ਸਗੋਂ ਮਨੁੱਖੀ ਜੱਦੋਜਹਿਦ ਦਾ ਇਤਿਹਾਸ ਹੈ।

ਜਿੱਥੇ ਸੱਚਾਈ 'ਤੇ ਪਹਿਰਾ ਦੇਣ ਵਾਲੇ ਲੇਖਕ, ਵਿਦਵਾਨ, ਫਿਲਾਸਫਰ ਦੁਨੀਆ ਨੂੰ ਜਾਗਰੂਕ ਕਰਦੇ ਆਏ ਹਨ, ਉੱਥੇ ਹੱਕ-ਸੱਚ ਲਈ ਲੜਨ ਵਲਿਆਂ ਦਾ ਦੀ ਲੰਮਾ ਇਤਿਹਾਸ ਹੈ। ਇੱਕ ਸੌੜੀ ਅਤੇ ਅਮਾਨਵੀ ਸੋਚ ਲਈ ਹਿਟਲਰ ਵਰਗਾ ਤਾਨਾਸ਼ਾਹ ਹਜ਼ਾਰਾਂ ਬੇਕਸੂਰ ਲੋਕਾਂ ਨੂੰ ਮੌਤ ਦੇ ਘਾਟ ਉਤਾਰ ਦਿੰਦਾ ਹੈ। ਚੰਗੇਜ਼ ਖਾਂ, ਮੁਸੋਲਿਨੀ ਵਰਗੇ ਲੋਕ ਤਾਕਤ ਦੇ ਹੰਕਾਰ ਨਾਲ ਲੱਖਾਂ ਲੋਕਾਂ ਦੇ ਕਤਲ ਕਰਕੇ ਨਾਇਕ ਬਣਨ ਦੀ ਕੋਸ਼ਿਸ਼ ਕਰਦੇ ਹਨ, ਪਰ ਇਤਿਹਾਸ ਅਜਿਹੇ ਤਾਨਾਸ਼ਾਹਾਂ ਨੂੰ ਕਦੇ ਮਾਫ ਨਹੀਂ ਕਰਦਾ। ਹਰ ਦੌਰ ਵਿੱਚ ਪਰਖ-ਪੜਚੋਲ ਕਰਨ ਵਾਲੇ ਦਾਨਿਸ਼ਵਰ ਵੀ ਪੈਦਾ ਹੁੰਦੇ ਹਨ, ਜੋ ਗੰਧਲੇ ਪਾਣੀਆਂ ਨੂੰ ਨਿਤਾਰ ਕੇ ਲੋਕਾਂ ਨੂੰ ਸੱਚ ਦੇ ਰੂਬਰੂ ਕਰਦੇ ਹਨ।

ਜਿੱਥੇ ਇਸ ਦੁਨੀਆ ਵਿੱਚ ਵੱਡੇ-ਵੱਡੇ ਹਕੂਮਤਾਂ ਦੇ ਨਸ਼ੇ ਵਿੱਚ ਟੁੰਨ ਜਾਬਰ ਲੋਕ ਪੈਦਾ ਹੋਏ, ਉੱਥੇ ਇਹਨਾਂ ਨੂੰ ਇੱਟ ਦਾ ਜਵਾਬ ਪੱਥਰ ਨਾਲ ਦੇਣ ਵਾਲੇ ਲੋਕ ਨਾਇਕ ਵੀ ਮਾਵਾਂ ਨੇ ਪੈਦਾ ਕੀਤੇ। ਜਿੱਥੇ ਬਾਬਰ ਆਪਣੀ ਤਾਕਤ ਦੇ ਜ਼ੋਰ ਲੋਕਾਂ 'ਤੇ ਕਹਿਰ ਢਾਹੁੰਦਾ ਹੈ, ਉੱਥੇ ਬਾਬਾ ਗੁਰੂ ਨਾਨਕ ਦੇਵ ਜੀ ਉਸ ਨੂੰ ਸ਼ਰੇਆਮ ਸੱਚੀਆਂ ਅਤੇ ਖਰੀਆਂ ਕਹਿੰਦੇ ਹਨ। ਜਿੱਥੇ ਵਜੀਦ ਖਾਨ ਜਬਰ-ਜ਼ੁਲਮ ਦੀ ਅੱਤ ਕਰਦਾ ਹੈ, ਉਥੇ ਗੁਰੂ ਸਾਹਿਬ ਦਾ ਥਾਪੜਾ ਲੈ ਕੇ ਬੰਦਾ ਸਿੰਘ ਬਹਾਦਰ ਵੀ ਉਸ ਨਾਲ ਲੋਹਾ ਲੈਣ ਲਈ ਮੈਦਾਨ-ਏ-ਜੰਗ ਵਿੱਚ ਨਿਰਤਦਾ ਹੈ। ਜ਼ਕਰੀਆ ਖਾਨ, ਮੀਰ ਮੰਨੂ, ਅਬਦਾਲੀ, ਤੈਮੂਰ ਅਤੇ ਜਨਰਲ ਡਾਇਰ ਜਿਹੇ ਲੋਕਾਂ ਨੇ ਹਕੂਮਤਾਂ ਦੇ ਨਸ਼ੇ ਵਿੱਚ ਟੁੰਨ ਹੋ ਕੇ ਆਮ ਲੋਕਾਂ 'ਤੇ ਆਪਣੀ ਧੌਂਸ ਜਮਾਉਣ ਦੀ ਕੋਸ਼ਿਸ਼ ਕੀਤੀ, ਪਰ ਭਗਤ ਸਿੰਘ ਅਤੇ ਊਧਮ ਸਿੰਘ ਜਿਹੇ ਲੋਕਨਾਇਕ ਵੀ ਇਸੇ ਧਰਤੀ 'ਤੇ ਪੈਦਾ ਹੋਏ, ਜਿਹਨਾਂ ਜ਼ੁਲਮ ਦੇ ਖਿਲਾਫ ਡਟਣ ਦਾ ਸੰਕਲਪ ਲਿਆ। ਹਨੇਰਗਰਦੀ ਦਾ ਗੁਬਾਰ ਅੰਬਰ 'ਤੇ ਹਮੇਸ਼ਾ ਨਹੀਂ ਬਣਿਆ ਰਹਿਣਾ ਹੁੰਦਾ, ਦੇਰ-ਸਵੇਰ ਸੱਚ ਦਾ ਸੂਰਜ ਜ਼ਰੂਰ ਚੜ੍ਹਦਾ ਹੈ।

ਸਮਾਜ ਵਿੱਚ ਜਦੋਂ ਚਾਰ-ਚੁਫੇਰੇ ਹਨੇਰੇ ਦਾ ਗੁਬਾਰ ਚੜ੍ਹਿਆ ਹੋਵੇ ਤਾਂ ਸੱਚ ਬੋਲਣਾ ਹੋਰ ਵੀ ਔਖਾ ਅਤੇ ਦਲੇਰੀ ਭਰਿਆ ਕਾਰਜ ਹੋ ਨਿਬੜਦਾ ਹੈ। ਕਿਹਾ ਜਾਂਦਾ ਹੈ ਕਿ ਸੱਚ ਬੋਲਣ ਵਾਲੇ ਦੇ ਕੋਈ ਕੋਲ ਨਹੀਂ ਖੜਦਾ। ਦੁਨੀਆ ਦੀ ਬਹੁਗਿਣਤੀ ਸੱਚ ਬੋਲਣ ਵਾਲਿਆਂ ਦਾ ਵਿਰੋਧ ਕਰਦੀ ਆਈ ਹੈ। ਅੱਜ ਵੀ ਵਿਗਿਆਨਕ ਸੋਚ ਰੱਖਣ ਵਾਲੇ ਲੇਖਕਾਂ, ਪੱਤਰਕਾਰਾਂ ਆਦਿ ਨੂੰ ਰੂੜ੍ਹੀਵਾਦੀ ਸੋਚ ਰੱਖਣ ਵਾਲੇ ਲੋਕਾਂ ਦੇ ਵਿਰੋਧ ਦਾ ਸਾਹਮਣਾ ਕਰਨਾ ਪੈਂਦਾ ਹੈ।

'ਜੀਵ ਵਿਕਾਸ' ਦੀ ਖੋਜ ਕਰਕੇ ਦੁਨੀਆ ਨੂੰ ਹਿਲਾ ਕੇ ਰੱਖ ਦੇਣ ਵਾਲੇ ਮਹਾਨ ਜੀਵ ਵਿਗਿਆਨੀ ਚਾਰਲਸ ਡਾਰਵਿਨ ਨੂੰ ਲੋਕ ਪਾਗਲ ਸਮਝਦੇ ਰਹੇ। ਲਗਾਤਾਰ ਵੀਹ ਸਾਲ ਖੋਜ ਕਰਕੇ ਡਾਰਵਿਨ ਨੇ ਪਹਿਲੀ ਵਾਰ ਦੁਨੀਆ ਨੂੰ ਦੱਸਿਆ ਕਿ ਇਸ ਧਰਤੀ 'ਤੇ ਪੇੜ ਪੌਦੇ, ਬਨਸਪਤੀ, ਜੀਵ-ਜੰਤੂ ਅਤੇ ਮਨੁੱਖ ਹੋਂਦ ਵਿੱਚ ਕਿਵੇਂ ਆਏ। ਡਾਰਵਿਨ ਨੂੰ ਉਸ ਸਮੇਂ ਦੇ ਕੱਟੜਵਾਦੀ ਧਾਰਮਕ ਲੋਕਾਂ ਦੇ ਸਖਤ ਵਿਰੋਧ ਦਾ ਸਾਹਮਣਾ ਕਰਨਾ ਪਿਆ। ਉਸ ਦੀਆਂ ਲਿਖਤਾਂ ਨੂੰ ਗਲੀਆਂ, ਬਜ਼ਾਰਾਂ ਵਿੱਚ ਸਾੜਿਆ ਗਿਆ। ਅੱਜ ਉਸੇ ਡਾਰਵਿਨ ਦਾ ਸਿਧਾਂਤ ਦੁਨੀਆ ਭਰ ਦੇ ਬੱਚੇ ਸਲੇਬਸਾਂ ਵਿੱਚ ਪੜ੍ਹਦੇ ਹਨ। ਜੀਵਨ ਦੀ ਉਤਪਤੀ ਸੰਬੰਧੀ ਅੱਜ ਉਸ ਦੀ ਖੋਜ ਨੂੰ ਸਰਬ ਉਤਮ ਮੰਨਿਆ ਜਾਂਦਾ ਹੈ।

ਸੁਪਨਿਆਂ ਦੇ ਵਿਸ਼ਲੇਸ਼ਕ ਮਹਾਨ ਮਨੋਵਿਗਿਆਨੀ ਡਾ. ਸਿਗਮੰਡ ਫਰਾਇਡ ਨੇ ਆਪਣੀ ਖੋਜ ਰਾਹੀਂ ਮਨ ਦੀਆਂ ਪਰਤਾਂ ਦੇ ਗੁੱਝੇ ਭੇਤ ਨਸ਼ਰ ਕਰਕੇ ਡਾਕਟਰੀ ਮਨੋਵਿਗਿਆਨ ਦਾ ਮੁੱਢ ਬੰਨ੍ਹਿਆ, ਜਿਸ ਨਾਲ ਮਨੁੱਖ ਦੇ ਬਹੁਤ ਸਾਰੇ ਮਨੋਰੋਗਾਂ ਨੂੰ ਸਮਝ ਕੇ ਉਸ ਦਾ ਇਲਾਜ ਕਰਨ ਵਿੱਚ ਮਦਦ ਮਿਲ ਸਕੀ, ਪਰ ਸਮੇਂ ਦੇ ਅਖੌਤੀ ਰੂੜ੍ਹੀਵਾਦੀ ਸੋਚ ਰੱਖਣ ਵਾਲਿਆਂ ਨੇ ਕਿਹਾ ਕਿ ਇਸ ਨੇ ਰੱਬ, ਧਰਮ ਅਤੇ ਧਾਰਮਿਕ ਗ੍ਰੰਥਾਂ ਦੀਆਂ ਧਾਰਨਾਵਾਂ ਨੂੰ ਚੁਣੌਤੀ ਦਿੱਤੀ ਹੈ। ਉਸ ਦਾ ਦੁਨੀਆ ਭਰ ਵਿੱਚ ਡਟ ਕੇ ਵਿਰੋਧ ਹੋਇਆ। ਉਸ ਦੀਆਂ ਲਿਖਤਾਂ ਨੂੰ ਵੀ ਗਲੀਆਂ, ਚੌਰਾਹਿਆਂ ਵਿੱਚ ਸਾੜਿਆ ਗਿਆ, ਪਰ ਅੱਜ ਦੁਨੀਆ ਭਰ ਦੇ ਡਾਕਟਰ ਅਤੇ ਮਨੋਵਿਸ਼ਲੇਸ਼ਕ ਡਾ. ਫਰਾਇਡ ਨੂੰ ਅਜੋਕੇ ਮਨੁੱਖੀ ਮਨੋਵਿਗਿਆਨ ਦਾ ਪਿਤਾਮਾ ਮੰਨਦੇ ਹਨ।

ਇਸੇ ਤਰ੍ਹਾਂ ਜਿਊਨਾਰਦੋ ਬਰੂਨੋ ਅਤੇ ਗਲੈਲੀਓ ਜਿਹੇ ਮਹਾਨ ਵਿਗਿਆਨੀਆਂ ਨੂੰ ਘੋਰ ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ। ਸੱਚ ਬੋਲਣ ਵਾਲਿਆਂ ਦਾ ਪਹਿਲਾਂ ਕੁਝ ਸਾਲ ਵਿਰੋਧ ਹੁੰਦਾ ਹੈ, ਫਿਰ ਕੁਝ ਸੋਚ-ਵਿਚਾਰ ਕੀਤੀ ਜਾਂਦੀ ਹੈ, ਕੁਝ ਲੋਕ ਉਸ ਰਾਹ 'ਤੇ ਚਲਦੇ ਹਨ ਤੇ ਫਿਰ ਹੌਲੀ-ਹੌਲੀ ਉਸ ਸਿਧਾਂਤ ਨੂੰ ਪ੍ਰਵਾਨਤ ਕਰ ਲਿਆ ਜਾਂਦਾ ਹੈ।

ਸਮੇ ਦੇ ਬਦਲਣ ਨਾਲ ਝੂਠ ਬੋਲਣ ਦੇ ਢੰਗ-ਤਰੀਕੇ ਵੀ ਬਦਲ ਰਹੇ ਹਨ। ਅਜੋਕੇ ਵਿਗਿਆਨਕ ਯੁੱਗ ਵਿੱਚ ਝੂਠ ਬੋਲਣ ਲਈ ਵਿਗਿਆਨਕ ਤਕਨੀਕਾਂ ਦੀ ਮਦਦ ਲਈ ਜਾਂਦੀ ਹੈ। ਮਨੁੱਖ ਦੇ ਵਿਕਾਸ ਕਰਨ ਦੇ ਨਾਲ-ਨਾਲ ਠੱਗੀਆਂ ਮਾਰਨ ਦੇ ਢੰਗ-ਤਰੀਕੇ ਵੀ ਬੜੀ ਤੇਜ਼ੀ ਨਾਲ ਵਿਕਸਤ ਹੋ ਰਹੇ ਹਨ। ਝੂਠ-ਫਰੇਬ ਨਾਲ ਇਕੱਠੇ +ਕੀਤੇ ਧਨ ਸੰਬੰਧੀ ਨਮੋਸ਼ੀ ਦੀ ਥਾਂ ਮਾਣ ਕੀਤਾ ਜਾਣ ਲੱਗਿਆ ਹੈ। ਕੁਝ ਝੂਠ ਜੋ ਸਦੀਆਂ ਪਹਿਲਾਂ ਸੱਚ ਪ੍ਰਤੀਤ ਹੁੰਦੇ ਸਨ, ਅੱਜ ਉਹਨਾਂ ਦਾ ਪਤਾ ਲੱਗ ਜਾਣ 'ਤੇ ਕਿ ਉਹ ਝੂਠ ਸਨ, ਬਹੁ-ਗਿਣਤੀ ਉਹਨਾਂ ਨੂੰ ਅੱਜ ਵੀ ਸੱਚ ਮੰਨ ਰਹੀ ਹੈ। ਦੁਨੀਆ ਭਰ ਵਿੱਚ ਜਿੱਥੇ ਜਿੱਥੇ ਰੱਬ, ਮਜ਼ਹਬ, ਪਾਠ ਪੂਜਾ ਆਦਿ ਦਾ ਬੋਲ-ਬਾਲਾ ਵਧੇਰੇ ਰਿਹਾ ਹੈ, ਉੱਥੇ ਝੂਠ, ਅਨਿਆਂ, ਰਿਸ਼ਵਤਖੋਰੀ ਅਤੇ ਭ੍ਰਿਸ਼ਟਾਚਾਰ ਵੀ ਸਿਖਰ 'ਤੇ ਹੈ। ਸਦੀਆਂ ਤੋਂ ਛਾਤਰ ਦਿਮਾਗ ਲੋਕ ਧਰਮਾਂ, ਮਜ਼੍ਹਬਾਂ ਅਤੇ ਰਾਜਨੀਤੀ ਦੇ ਨਾਂਅ 'ਤੇ ਝੂਠ ਬੋਲ ਕੇ ਲੋਕਾਈ ਨੂੰ ਗੁੰਮਰਾਹ ਕਰਦੇ ਆਏ ਹਨ।

ਇਤਿਹਾਸ ਦੱਸਦਾ ਹੈ ਕਿ ਧਰਤੀ ਦੇ ਜਿਹੜੇ-ਜਿਹੜੇ ਖਿੱਤਿਆਂ ਵਿੱਚ ਲੋਕ ਰੂੜ੍ਹੀਵਾਦੀ ਧਾਰਨਾਵਾਂ ਨੂੰ ਤਿਆਗ ਕੇ ਵਿਗਿਆਨਕ ਸੋਚ ਦੇ ਧਾਰਨੀ ਬਣਦੇ ਹਨ, ਉਹਨਾਂ ਖਿੱਤਿਆਂ ਵਿੱਚ ਲੋਕ ਵਿਕਾਸ ਕਰਦੇ ਹਨ। ਇਹ ਸਮਾਜਿਕ, ਸਰੀਰਕ ਅਤੇ ਮਾਨਸਿਕ ਤੌਰ 'ਤੇ ਵਧੇਰੇ ਤੰਦਰੁਸਤ ਅਤੇ ਸਿਹਤਮੰਦ ਬਣਦੇ ਹਨ। ਇਸ ਦੇ ਉਲਟ ਦੁਨੀਆ ਦੇ ਜਿਹੜੇ ਖਿੱਤਿਆਂ ਵਿੱਚ ਲੋਕਾਂ ਨੂੰ ਫਿਰਕਾਪ੍ਰਸਤੀ, ਧਰਮਾਂ-ਮਜ਼ਹਬਾਂ ਦੇ ਨਾਂਅ 'ਤੇ ਲੜਾਇਆ, ਮਰਵਾਇਆ ਜਾਂਦਾ ਹੈ, ਉੱਥੇ ਲੋਕਾਂ ਦਾ ਜੀਵਨ ਪੱਧਰ ਹੋਰ ਨਿੱਘਰ ਜਾਂਦਾ ਹੈ। ਸਹੀ ਅਰਥਾਂ ਵਿੱਚ ਆਪਣਾ ਵਿਕਾਸ ਕਰਨ ਲਈ ਇਹ ਬੜਾ ਜ਼ਰੂਰੀ ਹੈ ਕਿ ਅ

5-DEC-PAGE-5.qxd 12/4/2025 11:14 PM Page 1

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਵੱਲੋਂ ਆਖਰੀ ਦਿਨ ਰੋਸ ਮਾਰਚ ਤੇ ਐੱਸ ਡੀ ਐੱਮ ਦਫਤਰ ਅੱਗੇ ਧਰਨਾ

ਮੁੱਖ ਮੰਤਰੀ ਪੰਜਾਬ ਸਰਕਾਰ ਦੇ ਨਾਂਅ ਦਿੱਤਾ ਮੰਗ-ਪੱਤਰ

ਜਲਾਲਾਬਾਦ (ਜੀਤ ਕੁਮਾਰ)-ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਪਲੇਟਫਾਰਮ ਤੋਂ 2 ਦਸੰਬਰ ਤੋਂ 4 ਦਸੰਬਰ 2025 ਤੱਕ ਲਗਾਤਾਰ 3 ਰੋਜ਼ਾ ਦਿਨ-ਰਾਤ ਸੰਘਰਸ਼ ਦੇ ਤਹਿਤ ਪੰਜਾਬ ਭਰ ਵਿੱਚ ਦਿੱਤੇ ਜਾ ਰਹੇ ਧਰਨਿਆਂ ਦੇ ਅੱਜ ਆਖਰੀ ਦਿਨ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਕਮੇਟੀ ਦੇ ਫੈਸਲੇ ਤਹਿਤ ਵਿਭਾਗੀ ਦਫਤਰ ਗੁੰਮਾਨੀਵਾਲਾ (ਜਲਾਲਾਬਾਦ) ਤੇ ਪਾਵਰਕਾਮ ਐਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਬਿਜਲੀ ਵਿਭਾਗ ਦੇ ਐਕਸੀਅਨ ਦਫਤਰ ਅੱਗੇ ਧਰਨੇ ਦਿੱਤੇ ਗਏ। ਇਨ੍ਹਾਂ ਧਰਨਿਆਂ ਦੇ ਦੌਰਾਨ ਜਲ ਸਪਲਾਈ ਦੇ ਠੇਕਾ ਕਾਮਿਆਂ ਤੇ ਬਿਜਲੀ ਵਿਭਾਗ ਦੇ ਠੇਕਾ ਕਾਮਿਆਂ ਵੱਲੋਂ ਮੋਟਰਸਾਈਕਲ ਰਾਹੀਂ ਮਾਰਚ ਕਰਦੇ ਹੋਏ ਤਹਿਸੀਲ ਕੰਪਲੈਕਸ ਐੱਸ.ਡੀ.ਐੱਮ. ਦਫਤਰ ਜਲਾਲਾਬਾਦ ਪੁੱਜੇ, ਜਿੱਥੇ ਰੋਹ ਭਰਪੂਰ ਧਰਨਾ ਦਿੱਤਾ ਗਿਆ ਤੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।

ਇਸ ਸਬੰਧੀ ਇਥੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਸਰਕਲ ਸਕੱਤਰ ਜਸਵਿੰਦਰ ਸਿੰਘ ਚੱਕ ਜਾਨੀਸਰ, ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਜ਼ਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ, ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ, ਦਫਤਰੀ ਸਟਾਫ ਤੋਂ ਸੁਖਚੈਨ ਸਿੰਘ ਸੋਢੀ,ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਡਵੀਜ਼ਨ ਪ੍ਰਧਾਨ ਨਰਿੰਦਰ ਸਿੰਘ, ਸਰਕਲ ਸਕੱਤਰ ਛਿੰਦਰ ਸਿੰਘ, ਰਵੀ ਭਾਰਤੀ, ਪ੍ਰਿੰਸ ਮੱਕੜ ਨੇ ਦੱਸਿਆ ਕਿ ਮੋਰਚੇ ਦੇ ਫੈਸਲੇ ਤਹਿਤ ਲਗਾਤਾਰ 3 ਦਿਨ ਵਿਭਾਗੀ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਕਰਨ ਉਪਰੰਤ ਇਥੇ ਰੋਸ ਮਾਰਚ ਕਰਦੇ ਹੋਏ ਐੱਸ.ਡੀ.ਐੱਮ. ਦਫਤਰ ਜਲਾਲਾਬਾਦ ਰਾਹੀ ਪੰਜਾਬ ਸਰਕਾਰ ਨੂੰ ਮੰਗ ਪੱਤਰ ਸੌਂਪਾ ਗਿਆ ਅਤੇ ਮੰਗ ਕੀਤੀ ਗਈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਨਾਲ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੀ ਸੂਬਾਈ ਲੀਡਰਸ਼ਿਪ ਦੇ ਨਾਲ ਪੈਨਲ ਮੀਟਿੰਗ ਕਰਕੇ ਆਪਸੀ ਵਿਚਾਰ-ਵਟਾਂਦਰਾ ਕਰਨ ਉਪਰੰਤ ਇਸ ਮੰਗ-ਪੱਤਰ ਵਿੱਚ ਦਰਜ ਹੱਕੀ ਤੇ ਜਾਇਜ਼ ਮੰਗਾਂ ਜਿਵੇਂ ਕਿ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ 'ਚ ਸੇਵਾਵਾਂ ਨਿਭਾਅ ਰਹੇ ਇਨਲਿਸਟਮੈਂਟ, ਆਊਟਸੋਰਸ, ਠੇਕੇਦਾਰਾਂ, ਕੰਪਨੀਆਂ, ਸੁਸਾਇਟੀਆਂ, ਡੈਲੀਵੇਜ਼ ਆਦਿ ਕੈਟਾਗਿਰੀਆਂ ਅਧੀਨ ਸੇਵਾਵਾਂ ਦੇ ਰਹੇ ਸਮੂਹ ਠੇਕਾ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਤਜਰਬੇ ਦੇ ਅਧਾਰ 'ਤੇ ਸਬੰਧਤ ਵਿਭਾਗਾਂ ਵਿੱਚ ਮਰਜ ਕਰਕੇ ਰੈਗੂਲਰ ਕਰਕੇ ਪੱਕਾ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ, ਸਰਕਾਰੀ ਵਿਭਾਗਾਂ ਦੇ ਨਿੱਜੀਕਰਨ/ ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਨੂੰ ਰੱਦ ਕਰਕੇ ਸਰਕਾਰ ਵੱਲੋਂ ਇਨ੍ਹਾਂ ਵਿਭਾਗਾਂ ਦਾ ਕੰਮ ਖੁਦ ਚਲਾਉਣ ਦਾ ਫੈਸਲਾ ਲਿਆ ਜਾਵੇ। ਰਿਟਾਇਰਮੈਂਟ ਉਪਰੰਤ ਸਮੂਹ ਠੇਕਾ ਮੁਲਾਜ਼ਮਾਂ ਲਈ ਪੈਨਸ਼ਨ ਅਤੇ ਗਰੈਚੁਟੀ ਦੇ ਲਾਭ ਦੀ ਅਦਾਇਗੀ ਕੀਤੀ ਜਾਵੇ। ਇਸ ਵਿਉਂਤਬੰਦੀ ਨੂੰ ਲਾਗੂ ਕਰਨ ਦੇ ਸਮੇਂ ਤੱਕ ਹਰ ਰਿਟਾਇਰੀ ਮੁਲਾਜ਼ਮ ਨੂੰ 50 ਲੱਖ ਰੁਪਏ ਦੀ ਅਦਾਇਗੀ ਦੇ ਨਾਲ ਨਾਲ ਪਰਿਵਾਰ ਦੇ ਇੱਕ ਜੀਅ ਲਈ ਨੌਕਰੀ ਦਾ ਪ੍ਰਬੰਧ ਕੀਤਾ ਜਾਵੇ। ਇੰਨਲਿਸਟਮੈਂਟ ਠੇਕਾ ਅਧਾਰਤ ਵਰਕਰਾਂ ਨੂੰ ਈ.ਪੀ.ਐੱਫ. ਤੇ ਈ.ਐੱਸ.ਆਈ. ਸਕੀਮ ਅਧੀਨ ਲਿਆਂਦਾ ਜਾਵੇ ਆਦਿ। ਅੰਤ ਵਿੱਚ ਪ੍ਰਦਰਸ਼ਨਕਾਰੀਆਂ ਵੱਲੋਂ ਐਲਾਨ ਕੀਤਾ ਗਿਆ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਉਪਰੋਕਤ ਮੰਗਾਂ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਸੂਬਾਈ ਕਮੇਟੀ ਵੱਲੋਂ ਉਲੀਕੇ ਜਾਣ ਵਾਲੇ ਤਿੱਖੇ ਸੰਘਰਸ਼ ਪ੍ਰੋਗਰਾਮਾਂ ਨੂੰ ਲਾਗੂ ਕੀਤੇ ਜਾਣਗੇ।

ਫ਼ੀਸ ਨਾ ਭਰਨ ਤੋਂ ਦੁਖੀ ਵਿਦਿਆਰਥਣ ਵੱਲੋਂ ਖ਼ੁਦਕੁਸ਼ੀ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਪਿੰਡ ਠੀਕਰੀਵਾਲਾ (ਬਰਨਾਲਾ) ਨਾਲ ਸੰਬੰਧਤ ਇੱਕ ਮਜ਼ਦੂਰ ਪਰਵਾਰ ਦੀ ਹੋਣਹਾਰ 23 ਸਾਲਾ ਵਿਦਿਆਰਥਣ ਵੱਲੋਂ ਕਾਲਜ ਦੀ ਫ਼ੀਸ ਨਾ ਭਰ ਸਕਣ ਦੀ ਪ੍ਰੇਸ਼ਾਨੀ ਦੇ ਚੱਲਦਿਆਂ ਖ਼ੁਦਕੁਸ਼ੀ ਦੀ ਦਰਦਨਾਕ ਖ਼ਬਰ ਸਾਹਮਣੇ ਆਈ ਹੈ।ਇਸ ਘਟਨਾ ਨਾਲ ਇਲਾਕੇ 'ਚ ਸੋਗ ਦੀ ਲਹਿਰ ਹੈ।ਐਸ.ਐੱਚ.ਓ. ਜਗਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਵਿਦਿਆਰਥਣ ਦੀ ਪਛਾਣ ਰਮਨਦੀਪ ਕੌਰ ਪੁੱਤਰੀ ਭੋਲਾ ਸਿੰਘ ਵਾਸੀ ਠੀਕਰੀਵਾਲਾ ਵਜੋਂ ਹੋਈ ਹੈ। ਰਮਨਦੀਪ ਕੌਰ ਬਰਨਾਲਾ ਦੇ ਯੂਨੀਵਰਸਿਟੀ ਕਾਲਜ ਵਿਖੇ ਬੀ.ਏ. ਫਾਈਨਲ ਦੀ ਵਿਦਿਆਰਥਣ ਸੀ ਤੇ ਕੁੱਝ ਹੀ ਦਿਨਾਂ ਵਿੱਚ ਉਸ ਦੀਆਂ ਪ੍ਰੀਖਿਆਵਾਂ ਸ਼ੁਰੂ ਹੋਣੀਆਂ ਸਨ।ਪਰਵਾਰਕ ਮੈਂਬਰਾਂ ਦੇ ਦੱਸਣ ਅਨੁਸਾਰ ਪ੍ਰੀਖਿਆ ਵਿੱਚ ਬੈਠਣ ਲਈ ਉਸ ਨੂੰ ਕਾਲਜ ਦੀ ਫੀਸ ਜਮ੍ਹਾਂ ਕਰਾਉਣੀ ਜ਼ਰੂਰੀ ਸੀ।ਰਮਨਦੀਪ ਨੇ ਆਪਣੇ ਮਾਤਾ-ਪਿਤਾ ਤੋਂ ਫ਼ੀਸ ਲਈ ਪੈਸੇ ਮੰਗੇ, ਪਰ ਪਰਵਾਰ ਦੀ ਆਰਥਿਕ ਹਾਲਤ ਕਮਜ਼ੋਰ ਹੋਣ ਕਾਰਨ ਉਹ ਫੀਸ ਦਾ ਪ੍ਰਬੰਧ ਨਹੀਂ ਕਰ ਸਕੇ।ਪਰਵਾਰ ਮੁਤਾਬਕ ਕਾਲਜ ਮੁਖੀ ਵੱਲੋਂ ਉਸ 'ਤੇ ਫੀਸ ਭਰਨ ਦਾ ਲਗਾਤਾਰ ਦਬਾਅ ਪਾਇਆ ਜਾ ਰਿਹਾ ਸੀ, ਜਿਸ ਕਾਰਨ ਉਹ ਕਾਫੀ ਪ੍ਰੇਸ਼ਾਨ ਸੀ। ਆਪਣੇ ਮਾੜੇ ਆਰਥਿਕ ਹਾਲਾਤਾਂ ਤੇ ਕਾਲਜ ਦੇ ਦਬਾਅ ਤੋਂ ਦੁਖੀ ਹੋ ਕੇ ਉਸ ਨੇ ਫਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ।ਮ੍ਰਿਤਕਾ ਦੀ ਮਾਂ, ਰਾਣੀ ਕੌਰ, ਭਾਜਪਾ ਦੀ ਸਰਗਰਮ ਆਗੂ ਹੈ। ਇਸ ਦੁਖਦਾਈ ਘਟਨਾ ਦਾ ਪਤਾ ਲੱਗਣ 'ਤੇ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਕੇਵਲ ਸਿੰਘ ਢਿੱਲੋਂ, ਸਾਬਕਾ ਵਿਧਾਇਕਾ ਬੀਬੀ ਹਰਚੰਦ ਕੌਰ ਘਨੌਰੀ ਨੇ ਪਿੰਡ ਠੀਕਰੀਵਾਲ ਪਹੁੰਚ ਕੇ 'ਆਪ' ਸਰਕਾਰ 'ਤੇ ਸਿੱਧੇ ਸਵਾਲ ਚੁੱਕੇ।ਉਨ੍ਹਾਂ ਕਿਹਾ ਕਿ ਸਰਕਾਰ ਸੂਬੇ ਵਿੱਚ ਸਿਹਤ ਤੇ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪਰ ਅਸਲੀਅਤ ਇਸ ਤੋਂ ਕੋਹਾਂ ਦੂਰ ਹੈ।ਉਨ੍ਹਾਂ ਸਰਕਾਰ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਵਿੱਚ ਬੁਰੀ ਤਰ੍ਹਾਂ ਅਸਫ਼ਲ ਕਰਾਰ ਦਿੱਤਾ ਤੇ ਪਰਿਵਾਰ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਇਹ ਘਟਨਾ ਸੂਬੇ ਦੀ ਸਿੱਖਿਆ ਪ੍ਰਣਾਲੀ ਤੇ ਗ਼ਰੀਬ ਪਰਵਾਰਾਂ ਦੀਆਂ ਮਜਬੂਰੀਆਂ 'ਤੇ ਇੱਕ ਵੱਡਾ ਸਵਾਲ ਖੜ੍ਹਾ ਕਰਦੀ ਹੈ।

ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ; ਨਿਰੀਖਕ ਵੱਲੋਂ ਨੋਮੀਨੇਸ਼ਨ ਸੈਂਟਰਾਂ ਦਾ ਜਾਇਜ਼ਾ

ਬਿਨਾਂ ਡਰ-ਭੈਅ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਈਆਂ ਜਾਣ ਚੋਣਾਂ : ਪੋਪਲੀ

ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ)

ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹੇ 'ਚ ਨਿਯੁਕਤ ਕੀਤੇ ਚੋਣ ਨਰੀਖਕ ਸ੍ਰੀ ਰਾਕੇਸ਼ ਕੁਮਾਰ ਪੋਪਲੀ ਨੇ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਦੀਆਂ 14 ਦਸੰਬਰ ਨੂੰ ਪੈਣ ਵਾਲੀਆਂ ਵੋਟਾਂ ਸਬੰਧੀ ਨੋਮੀਨੇਸ਼ਨ ਸੈਂਟਰਾਂ ਦਾ ਦੌਰਾ ਕਰਕੇ ਜਿੱਥੇ ਜਾਇਜ਼ਾ ਲਿਆ, ਉੱਥੇ ਹੀ ਉਨ੍ਹਾਂ ਸਮੂਹ ਰਿਟਰਨਿੰਗ ਅਫਸਰਾਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ।ਇਸ ਮੌਕੇ ਚੋਣ ਨਰੀਖਕ ਰਾਕੇਸ਼ ਕੁਮਾਰ ਪੋਪਲੀ ਨੇ ਰਿਟਰਨਿੰਗ ਅਫਸਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਚੋਣਾਂ ਨੂੰ ਬਿਨਾਂ ਡਰ ਭੈਅ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਉਣਾ ਯਕੀਨੀ ਬਣਾਇਆ ਜਾਵੇ।ਦੌਰੇ ਦੌਰਾਨ ਚੋਣ ਨਿਰੀਖਕ ਨੇ ਨੋਮੀਨੇਸ਼ਨ ਪ੍ਰਕਿਰਿਆ, ਸੁਰੱਖਿਆ ਪ੍ਰਬੰਧਾਂ, ਚੋਣ ਸਮੱਗਰੀ ਤੇ ਵੀਡੀਓਗਰਾਫੀ ਆਦਿ ਸੁਵਿਧਾਵਾਂ ਦੀ ਵੀ ਸਮੀਖਿਆ ਕੀਤੀ ਗਈ।ਇਸ ਦੌਰਾਨ ਉਨ੍ਹਾਂ ਨੋਮੀਨੇਸ਼ਨ ਦਾਖ਼ਲ ਕਰਵਾਉਣ ਆਏ ਉਮੀਦਵਾਰਾਂ ਨਾਲ ਗੱਲਬਾਤ ਵੀ ਕੀਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਲੋਕਤੰਤਰ ਦੀ ਰੀੜ੍ਹ ਦੀ ਹੱਡੀ ਹੈ ਅਤੇ ਇਸ ਨੂੰ ਇਮਾਨਦਾਰੀ ਤੇ ਨਿਰਪੱਖਤਾ ਨਾਲ ਸੰਗਠਿਤ ਕਰਨਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਇਸ ਮੌਕੇ ਚੋਣ ਨਰੀਖਕ ਨੇ ਰਿਟਰਨਿੰਗ ਅਫਸਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਚੋਣਾਂ ਨੂੰ ਸਫਲਤਾਪੂਰਵਕ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਸਾਰੇ ਪ੍ਰਬੰਧ ਮੁਕੰਮਲ ਕਰਨੇ ਯਕੀਨੀ ਬਣਾਏ ਜਾਣ।ਇਸ ਮੌਕੇ ਉਨ੍ਹਾਂ ਕਿਹਾ ਕਿ ਦਾਖਲ ਹੋਏ ਨਾਮਜ਼ਦਗੀ ਪੱਤਰਾਂ ਦੀ

ਪੜਤਾਲ ਨਿਯਮਾਂ ਅਨੁਸਾਰ ਤੇ ਸ਼ਾਂਤੀਪੂਰਵਕ ਢੰਗ ਨਾਲ ਪੂਰੀ ਕੀਤੀ ਜਾਵੇ।ਇਸ ਮੌਕੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਸਬੰਧੀ ਚੋਣ ਨਰੀਖਕ ਨਾਲ 98156-64124 ਜਾਂ 95927-16353 'ਤੇ ਸੰਪਰਕ ਕੀਤਾ ਜਾ ਸਕਦਾ ਹੈ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਵੋਟਰਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ 14 ਦਸੰਬਰ ਨੂੰ ਪੈਣ ਵਾਲੀਆਂ ਵੋਟਾਂ 'ਚ ਵੱਧ ਤੋਂ ਵੱਧ ਸ਼ਾਮੂਲੀਅਤ ਕਰਕੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ।

ਕਾਤਰਾਂ

ਓਵਰਲੋਡ ਟਰੱਕ ਪਲਟਿਆ; ਇੱਕ ਦੀ ਮੌਤ, ਦੋ ਜ਼ਖਮੀ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪਟਿਆਲਾ ਤੋਂ ਸਮਾਣਾ-ਪਾਤੜਾਂ ਰੋਡ 'ਤੇ ਸਥਿਤ ਪਿੰਡ ਕਕਰਾਲਾ ਦੇ ਨੇੜੇ ਇੱਕ ਓਵਰਲੋਡ ਟਰੱਕ ਬੇਕਾਬੂ ਹੋ ਕੇ ਪਲਟ ਗਿਆ।ਇਸ ਟਰੱਕ ਦੀ ਲਪੇਟ ਵਿੱਚ ਦੋ ਗੱਡੀਆਂ ਆ ਗਈਆਂ, ਜਿਸ ਵਿੱਚ 60 ਸਾਲ ਦੇ ਇੱਕ ਵਿਅਕਤੀ ਦੀ ਮੌਤ ਹੋ ਗਈ ਜਦੋਂ ਕਿ ਦੋ ਲੋਕਾਂ ਦੇ ਜ਼ਖਮੀ ਹੋਣ ਦੀ ਖ਼ਬਰ ਹੈ। ਇਹ ਹਾਦਸਾ ਬੀਤੀ ਰਾਤ ਵਾਪਰਿਆ ਅਤੇ ਘਟਨਾ ਦਾ ਕਾਰਨ ਟਰੱਕ ਦੇ ਪਹੀਏ ਟੁੱਟਣਾ ਦੱਸਿਆ ਜਾ ਰਿਹਾ ਹੈ। ਪੁਲਸ ਨੇ ਇਸ ਮਾਮਲੇ ਵਿੱਚ ਮ੍ਰਿਤਕ ਦੀ ਲਾਸ਼ ਕਬਜ਼ੇ ਵਿੱਚ ਲੈਣ ਤੋਂ ਬਾਅਦ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਮ੍ਰਿਤਕ ਪਾਤੜਾਂ ਦੇ ਨੇੜੇ ਪਿੰਡ ਦੁਗਾਲ ਦਾ ਰਹਿਣ ਵਾਲਾ ਹੈ।

ਔਰਤ ਦੀ ਇਤਰਾਜ਼ਯੋਗ ਵੀਡੀਓ ਬਣਾਉਣ ਦੇ ਦੋਸ਼ ਹੇਠ ਇੱਕ ਗ੍ਰਿਫ਼ਤਾਰ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਇੱਕ ਔਰਤ ਦੀ ਇਤਰਾਜ਼ਯੋਗ ਵੀਡੀਓ ਬਣਾ ਕੇ ਉਸਨੂੰ ਵਾਇਰਲ ਕਰ ਦੇਣ ਦੇ ਦੋਸ਼ ਹੇਠ ਖਮਾਣੋਂ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਇੱਕ ਮਹਿਲਾ ਨੇ ਦੋਸ਼ ਲਾਏ ਸਨ ਕਿ ਉਸਦੀ ਮਰਜ਼ੀ ਤੋਂ ਬਗੈਰ ਬਹਾਦਰ ਸਿੰਘ ਨੇ ਉਸਦੇ ਸਰੀਰ ਨੂੰ ਛੂਹਿਆ ਤੇ ਉਸਦੀ ਇਤਰਾਜ਼ਯੋਗ ਵੀਡੀਓ ਬਣਾ ਲਈ ਤੇ ਵੀਡੀਓ ਨੂੰ ਵਾਇਰਲ ਕਰ ਦਿੱਤਾ।ਸ਼ਿਕਾਇਤ ਕਰਤਾ ਦੇ ਬਿਆਨਾਂ 'ਤੇ ਬੀ.ਐਨ.ਐਸ. ਅਤੇ ਆਈ.ਟੀ. ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦਰਜ ਕੀਤੇ ਗਏ ਮੁਕੱਦਮੇ ਵਿੱਚ ਬਹਾਦਰ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਖਮਾਣੋਂ ਦੀ ਪੁਲਿਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

ਚੋਰੀ ਦੇ ਮੋਟਰਸਾਈਕਲ ਸਮੇਤ ਦੋ ਕਾਬੂ

ਬੱਧਨੀ ਕਲਾਂ (ਲਵਲੀ ਕੁਮਾਰ)-ਹਿੰਮਤਪੁਰਾ ਤੋਂ ਮੱਝੂਕੇ ਰੋਡ ਉੱਪਰ ਕੀਤੀ ਨਾਕਾਬੰਦੀ ਦੌਰਾਨ ਇੱਕ ਬਿਨਾਂ ਨੰਬਰੀ ਮੋਟਰਸਾਈਕਲ ਸਪਲੈਂਡਰ 'ਤੇ ਦੋ ਨੌਜਵਾਨ ਸਵਾਰ ਹੋ ਕੇ ਪਿੰਡ ਮੱਝੂਕੇ ਸਾਈਡ ਤੋਂ ਆਉਂਦੇ ਦਿਖਾਈ ਦਿੱਤੇ, ਜਿਨ੍ਹਾਂ ਨੇ ਪੁਲਸ ਪਾਰਟੀ ਦੇ ਲੱਗੇ ਨਾਕੇ ਨੂੰ ਦੇਖ ਕੇ ਇੱਕਦਮ ਪਿੱਛੇ ਨੂੰ ਮੁੜਨ ਦੀ ਕੋਸ਼ਿਸ਼ ਕੀਤੀ ਤਾਂ ਮੋਟਰਸਾਈਕਲ ਅਚਾਨਕ ਸਲਿੱਪ ਹੋਣ ਕਾਰਨ ਡਿੱਗ ਪਿਆ, ਜਿਸ 'ਤੇ ਸਹਾਇਕ ਥਾਣੇਦਾਰ ਜਸਵੰਤ ਸਿੰਘ ਸਰਾਂ ਏ ਐੱਸ ਆਈ ਲਖਵਿੰਦਰ ਸਿੰਘ ਤੇ ਸਮੁੱਚੀ ਟੀਮ ਨੇ ਸ਼ੱਕ ਦੀ ਇਤਲਾਹ 'ਤੇ ਉਕਤ ਨੌਜਵਾਨਾਂ ਨੂੰ ਸਮੇਤ ਮੋਟਰਸਾਈਕਲ ਕਾਬੂ ਕਰ ਲਿਆ। ਉਨ੍ਹਾਂ ਵਿੱਚੋਂ ਇੱਕ ਨੇ ਆਪਣਾ ਨਾਮ ਜਗਰਾਜ ਸਿੰਘ ਵਾਸੀ ਗੋਸਪੁਰਾ ਜ਼ਿਲ੍ਹਾ ਬਠਿੰਡਾ ਤੇ ਦੂਸਰੇ ਵਿਅਕਤੀ ਨੇ ਲਵਜੀਤ ਸਿੰਘ ਉਰਫ਼ ਲੱਭੀ ਪਿੰਡ ਮਾਛੀਕੇ ਦੱਸਿਆ। ਸਹਾਇਕ ਥਾਣੇਦਾਰ ਜਸਵੰਤ ਸਿੰਘ ਸਰਾਂ, ਏ ਐੱਸ ਆਈ ਲਖਵਿੰਦਰ ਸਿੰਘ ਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਉਕਤ ਨੌਜਵਾਨਾਂ ਤੋਂ ਸਖ਼ਤੀ ਨਾਲ ਪੁੱਛਗਿੱਛ ਕੀਤੀ ਗਈ ਤਾਂ, ਉਨ੍ਹਾਂ ਦੱਸਿਆ ਕਿ ਇਹ ਮੋਟਰਸਾਈਕਲ ਚੋਰੀ ਦਾ ਹੈ, ਜਿਸ 'ਤੇ ਪੁਲਸ ਨੇ ਮੋਟਰਸਾਈਕਲ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਇਨ੍ਹਾਂ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਹੈ।

ਨਸ਼ੇੜੀ ਪੁੱਤ ਨੇ ਮਾਂ ਦਾ ਗਲਾ ਦਬਾ ਕੇ ਮੌਤ ਦੇ ਘਾਟ ਉਤਾਰਿਆ, ਪੁਲਸ ਵੱਲੋਂ ਮਾਮਲਾ ਦਰਜ

**ਫਿਰੋਜ਼ਪ

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਅੰਤਰ ਰਾਸ਼ਟਰੀ ਦਿਵਿਆਂਗ ਦਿਵਸ ਮਨਾਇਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ ਨਗਰ (ਮੋਹਾਲੀ) ਦੇ ਕਾਰਜਕਾਰੀ ਚੇਅਰਮੈਨ ਤੇ ਸੁਮੀਤ ਮਲਹੋਤਰਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫ਼ਿਰੋਜ਼ਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਵੱਲੋਂ ਅੱਜ ਅੰਤਰਰਾਸ਼ਟਰੀ ਦਿਵਿਆਂਗ ਦਿਵਸ ਮਨਾਇਆ ਗਿਆ। ਇਸ ਮੌਕੇ ਮੈਡਮ ਅਨੁਰਾਧਾ, ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਵੱਲੋਂ ਮੁਸਕਾਨ ਸਪੈਸ਼ਲ ਸਕੂਲ, ਫ਼ਿਰੋਜ਼ਪੁਰ ਕੈਂਟ ਵਿਚ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਸਪੈਸ਼ਲ ਬੱਚਿਆਂ ਵੱਲੋਂ ਵੱਖ-ਵੱਖ ਗਤੀਵਿਧੀਆਂ ਜਿਵੇਂ ਖੇਡ ਮੁਕਾਬਲੇ, ਭੰਗੜਾ, ਗਿੱਧਾ ਤੇ ਹੋਰ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਮਨਜੀਤ ਸਿੰਘ ਸੁਪਰਡੈਂਟ ਕੰਟੋਨਮੈਂਟ ਤੇ ਪਾਰੁਲ ਇੰਚਾਰਜ ਸਪੈਸ਼ਲ ਸਕੂਲ ਫ਼ਿਰੋਜ਼ਪੁਰ ਵੀ ਹਾਜ਼ਰ ਸਨ। ਜੱਜ ਸਾਹਿਬ ਨੇ ਸਕੂਲ ਦੇ ਸਪੈਸ਼ਲ ਬੱਚਿਆਂ ਵੱਲੋਂ ਕੀਤੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ। ਇਸ ਤੋਂ ਇਲਾਵਾ ਇਸ ਦਿਵਸ ਨੂੰ ਮਨਾਉਂਦੇ ਹੋਏ ਏ.ਡੀ.ਆਰ. ਸੈਂਟਰ ਵਿੱਚ ਪੈਨਲ ਐਡਵੋਕੇਟਜ਼ ਤੇ ਪੈਰਾ ਲੀਗਲ ਵਲੰਟੀਅਰਾਂ ਦਾ ਵੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਦੇ ਨਾਲ ਹੀ ਭਗਤ ਪੂਰਨ ਸਿੰਘ ਸਕੂਲ ਗੁੰਗੇ ਤੇ ਬੋਲਿਆਂ, ਕਟੋਰਾ ਦੇ ਬੱਚਿਆਂ ਵੱਲੋਂ ਵੀ ਇਸ ਦਿਵਸ ਨੂੰ ਮਨਾਉਂਦੇ ਹੋਏ ਵੱਖ-ਵੱਖ ਗਤੀਵਿਧੀਆਂ ਕੀਤੀਆਂ।

ਡਿਸਕਵਰੀ ਸਕੂਲ ਦਾ ਸਾਲਾਨਾ ਖੇਡ ਮੇਲਾ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸੀ.ਬੀ.ਐੱਸ.ਈ. ਤੋਂ ਮਾਨਤਾ ਪ੍ਰਾਪਤ ਸਰਾਫ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿਖੇ ਦੋ ਦਿਨਾ ਸਾਲਾਨਾ ਖੇਡ ਮੇਲਾ 'ਖੇਲ ਉਤਸਵ 2025-26' ਬਹੁਤ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਖੇਡ ਮੇਲੇ ਵਿੱਚ ਮਿਸ ਗੀਤਾ ਰਾਣੀ ਧਾਲੀਵਾਲ ਐੱਸ.ਡੀ.ਜੇ.ਐੱਮ. ਸਿਵਿਲ ਜੱਜ ਸੀਨੀਆਰ ਡਵੀਜ਼ਨ ਫੂਲ ?, ਸੁਨੀਲ ਫੋਗਾਟ ਐੱਸ.ਡੀ.ਐੱਮ. ਰਾਮਪੁਰਾ ਫੂਲ ਤੇ ਜਸਵੀਰ ਸਿੰਘ ਗਿੱਲ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਬਠਿੰਡਾ ਮੁੱਖ ਮਹਿਮਾਨ ਵਜੋਂ ਅਤੇ ਮਾਨਵ ਨਾਗਪਾਲ ਤੇ ਮਨੋਜ ਗਰਗ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ?ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਮੁੱਖ ਮਹਿਮਾਨ, ਸਕੂਲ ਪ੍ਰਬੰਧਨ ਤੇ ਸਕੂਲ ਪ੍ਰਿੰਸੀਪਲ ਦਾ ਸਵਾਗਤ ਸਕੂਲ ਬੈਂਡ ਦੀਆਂ ਸੁਰੀਲੀਆਂ ਧੁਨਾਂ ਨਾਲ ਕੀਤਾ ਗਿਆ। ?ਦੋਵੇਂ ਦਿਨ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਮਾਰਚ-ਪਾਸਟ ਤੇ ਉਲੰਪਿਕ ਮਸ਼ਾਲ ਨਾਲ ਕੀਤੀ ਗਈ। ਖੇਡਾਂ ਦਾ ਆਰੰਭ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਇਆ, ਜਿਸ ਤੋਂ ਬਾਅਦ ਖਿਡਾਰੀਆਂ ਦੁਆਰਾ 'ਖੇਡ ਕੋਡ ਸਹੁੰ' ਚੁੱਕੀ ਗਈ। ?ਵਿਦਿਆਰਥੀਆਂ ਨੇ ਜੀ.ਡੀ.ਐੱਸ. ਔਥਮ ਦੀ ਇੱਕ ਭਾਵਪੂਰਨ ਪੇਸ਼ਕਾਰੀ ਦਿੱਤੀ। ?ਸਕੂਲ ਦੀ ਏ. ਐੱਮ. ਮਿਸ ਨੰਦਿਨੀ ਗਰਗ ਨੇ ਮਹਿਮਾਨਾਂ ਦਾ ਸਵਾਗਤ ਕੀਤਾ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਕਾਵਿਆ ਅਸੀਜਾ ਨੇ ਸਕੂਲ ਰਿਪੋਰਟ ਪੇਸ਼ ਕੀਤੀ, ਜਿਸ ਵਿੱਚ ਸਕੂਲ ਦੇ ਸਾਲ ਭਰ ਦੇ ਪ੍ਰਦਰਸ਼ਨ ਦੇ ਵੱਖ-ਵੱਖ ਪਹਿਲੂਆਂ ਨੂੰ ਉਜਾਗਰ ਕੀਤਾ ਗਿਆ।ਇਸ ਮੌਕੇ ਡੱਕ ਦੌੜ, ਖਰਗੋਸ਼ ਦੌੜ, ਬਿੱਲੀ ਦੌੜ, ਤਿਤਲੀ ਦੌੜ, ਡੱਡੂ ਦੌੜ, ਹਰਡਲ ਦੌੜ, ਬੋਰੀ ਦੌੜ, ਹੁਲਾ-ਹੂਪ ਦੌੜ, ਰੁਕਾਵਟ ਦੌੜ, ਗੁਬਾਰਾ ਦੌੜ, 30, 50, 200, 400, 800, 1500 ਮੀਟਰ ਦੌੜ, ਕੋਨ ਨਾਲ ਬੈਕ ਦੌੜ, ਰੀਲੇਅ ਦੌੜ ਆਦਿ ਮੁਕਾਬਲੇ ਕਰਵਾਏ ਗਏ। ?ਜੇਤੂ ਖਿਡਾਰੀਆਂ ਨੂੰ ਮੁੱਖ ਮਹਿਮਾਨਾਂ, ਸਕੂਲ ਪ੍ਰਬੰਧਨ ਤੇ ਪ੍ਰਿੰਸੀਪਲ ਵੱਲੋਂ ਇਨਾਮ ਵੰਡੇ ਗਏ। ਅੰਤ ਵਿੱਚ ਬੱਚਿਆਂ ਦੇ ਗਿੱਧੇ ਤੇ ਭੰਗੜੇ ਦੇ ਪ੍ਰਦਰਸ਼ਨ ਨੇ ਪ੍ਰੋਗਰਾਮ ਨੂੰ ਹੋਰ ਖੁਸ਼ਨੁਮਾ ਬਣਾ ਦਿੱਤਾ। ਸਾਰੇ ਮਹਿਮਾਨਾਂ ਦਾ ਸਮਾਗਮ ਵਿੱਚ ਸ਼ਾਮਲ ਹੋਣ ਤੇ ਬੱਚਿਆਂ ਨੂੰ ਉਤਸ਼ਾਹਤ ਕਰਨ ਲਈ ਧੰਨਵਾਦ ਕੀਤਾ ਗਿਆ।

ਪ੍ਰਸ਼ਾਸਨ ਤੇ ਪੁਲਸ 'ਆਪ' ਵਰਕਰਾਂ ਦੀ ਤਰ੍ਹਾਂ ਕੰਮ ਕਰ ਰਿਹਾ : ਹੈਰੀ ਮਾਨ

ਪਟਿਆਲ਼ਾ (ਰਾਜਿੰਦਰ ਸਿੰਘ ਬਿੰਦ)-ਪੰਜਾਬ 'ਚ ਹੋ ਰਹੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿਚ ਝਾੜੂ ਪਾਰਟੀ ਗੁੰਡਾਗਰਦੀ ਦੀ ਸਾਰੀਆਂ ਹੱਦਾਂ ਪਾਰ ਕਰ ਗਏ ਹਨ। ਪ੍ਰਸ਼ਾਸਨਿਕ ਤੇ ਪੁਲਸ ਦੇ ਅਧਿਕਾਰੀ ਝਾੜੂ ਪਾਰਟੀ ਦੇ ਵਰਕਰਾਂ ਦੀ ਤਰ੍ਹਾਂ ਕੰਮ ਕਰ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਤੇ ਸਨੌਰ ਦੇ ਹਲਕਾ ਇੰਚਾਰਜ ਨੇ ਕੀਤਾ।ਹੈਰੀ ਮਾਨ ਨੇ ਕਿਹਾ ਕਿ ਉਮੀਦਵਾਰਾਂ ਨੂੰ ਇਕੱਲਿਆਂ ਅੰਦਰ ਜਾਣ ਦਾ ਕਹਿ ਕੇ ਅੰਦਰ ਭੇਜ ਦਿੰਦੇ ਹਨ। ਅੰਦਰ ਝਾੜੂ ਪਾਰਟੀ ਦੇ ਗੁੰਡੇ ਲੋਕ ਖੜੇ ਹਨ। ਉਮੀਦਵਾਰਾਂ ਦੇ ਹੱਥੋਂ ਫਾਇਲਾਂ ਧੱਕੇ ਨਾਲ ਫੜ ਕੇ ਕਾਗ਼ਜ਼ ਪਾੜ ਦਿੰਦੇ ਹਨ। ਅਜਿਹਾ ਕੁਝ ਅੱਜ ਤੱਕ ਦੀਆਂ ਸਰਕਾਰਾਂ 'ਚ ਕਦੇ ਵੀ ਨਹੀਂ ਹੋਇਆ। ਸ਼ਰੇਆਮ ਲੋਕਤੰਤਰ ਦਾ ਘਾਣ ਕੀਤਾ ਜਾ ਰਿਹਾ ਹੈ। ਹੈਰੀ ਮਾਨ ਨੇ ਕਿਹਾ ਕਿ ਇਹ ਬਦਲਾਅ ਪਹਿਲੀ ਵਾਰੀ ਦੇਖਣ ਨੂੰ ਮਿਲਿਆ ਕਿ ਸਰਕਾਰੀ ਧਿਰ ਚੋਣ ਲੜਨ ਤੋਂ ਪਹਿਲਾਂ ਹੀ ਡਰ ਕੇ ਭੱਜ ਰਹੀ ਹੋਵੇ ਚੋਣਾਂ ਵਿੱਚ ਹੁੰਦੀ ਹਾਰ ਵੇਖ ਕੇ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਦੇ ਕਾਗਜ਼ ਹੀ ਪਾੜ ਦੇਣੇ ਪਹਿਲੀ ਵਾਰ ਵੇਖਣ ਨੂੰ ਮਿਲ ਰਿਹਾ ਹੈ।

ਵਰਲਡ ਡਿਸਬਿਲਟੀ ਡੇਅ ਮੌਕੇ ਵਿਸ਼ੇਸ਼ ਸਮਾਗਮ ਕਰਾਇਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਦੇਖਭਾਲ ਲਈ ਸਮਰਪਤ ਅਸਟਾਵਕਰਾ ਵੈਲਫੇਅਰ ਸੁਸਾਇਟੀ ਵੱਲੋਂ ਸੰਸਥਾ ਦੀ ਆਗੂ ਇੰਦੂ ਸਰਾਫ ਦੀ ਅਗਵਾਈ ਹੇਠ ਮਲਟੀਮੈਲਟ ਸਟੀਲ ਇੰਡਸਟਰੀ ਵਿੱਚ ਵਰਲਡ ਡਿਸੇਬਿਲਿਟੀ ਡੇਅ ਮੌਕੇ ਵਿਸ਼ੇਸ਼ ਸਮਾਗਮ ਕਰਾਇਆ ਗਿਆ।ਸਮਾਗਮ ਦਾ ਉਦਘਾਟਨ ਡਾ. ਸਿਮਰਪ੍ਰੀਤ ਕੌਰ ਮਾਨ ਤੇ ਕਿਰਨ ਗਰਗ ਨੇ ਰਿਬਨ ਕੱਟ ਕੇ ਕੀਤਾ।ਸਮਾਗਮ ਦੌਰਾਨ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਵਿਚ ਖੇਡ ਮੁਕਾਬਲੇ ਕਰਾਏ ਗਏ ਤੇ ਜੇਤੂ ਬੱਚਿਆਂ ਨੂੰ ਇਨਾਮ ਵੰਡੇ ਗਏ।ਇੰਦੂ ਸਰਾਫ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਪਿਛਲੇ 21 ਸਾਲ ਤੋਂ ਦਿਮਾਗੀ ਕਮਜ਼ੋਰ, ਅਪੰਗ, ਗੂੰਗੇ-ਬੋਲ਼ੇ ਆਦਿ ਬੱਚਿਆਂ ਨੂੰ ਵੱਖ-ਵੱਖ ਵਸਤਾਂ ਬਣਾਉਣ ਦੀ ਮੁਫਤ ਟ੍ਰੇਨਿੰਗ ਸਮੇਤ ਕੰਪਿਊਟਰ ਕੋਰਸ ਤੇ ਪੈਨਸ਼ਨ ਮੁਹੱਈਆ ਕਰਾਈ ਜਾਂਦੀ ਹੈ।ਉਨ੍ਹਾਂ ਕਿਹਾ ਕਿ ਕਿਰਨ ਗਰਗ ਵੱਲੋਂ ਤਿਆਰ ਕੀਤਾ ਜਾਣ ਵਾਲਾ ਆਚਾਰ ਵੱਡੀ ਮਾਤਰਾ ਵਿੱਚ ਖਰੀਦ ਕੇ ਬੱਚਿਆਂ ਦਾ ਹੌਸਲਾ ਵਧਾਇਆ ਗਿਆ।ਡਾ. ਸਿਮਰਪ੍ਰੀਤ ਕੌਰ ਮਾਨ, ਡਾ. ਗੀਤੂ ਜੈਨ ਅਤੇ ਬੱਚਿਆਂ ਦੀ ਵਿਸ਼ੇਸ਼ ਡਾਕਟਰ ਗੀਤੀਕਾ ਨੇ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਮੋਬਾਈਲ ਫੋਨ ਤੋਂ ਦੂਰ ਰੱਖਣਾ ਚਾਹੀਦਾ ਹੈ, ਕਿਉਂਕਿ ਇਸਦੀ ਅਤਿ ਵਰਤੋਂ ਉਨ੍ਹਾਂ ਦੇ ਮਨ-ਮਸਤਿਸ਼ਕ ਦੀ ਵਿਕਾਸ ਪ੍ਰਕਿਰਿਆ ਨੂੰ ਪ੍ਰਭਾਵਤ ਕਰਦੀ ਹੈ।ਉਨ੍ਹਾਂ ਕਿਹਾ ਕਿ ਇਹ ਸਮਾਗਮ ਬੱਚਿਆਂ ਨੂੰ ਆਤਮ-ਨਿਰਭਰਤਾ ਤੇ ਆਪਣੇਪਣ ਦਾ ਸੰਦੇਸ਼ ਦੇਣ ਲਈ ਆਯੋਜਤ ਕੀਤਾ ਗਿਆ।ਸਮਾਗਮ ਦੌਰਾਨ ਸੁਸਾਇਟੀ ਵੱਲੋਂ ਵਿਸ਼ੇਸ਼ ਬੱਚਿਆਂ ਨੂੰ ਕੰਬਲ, ਖਾਣ-ਪੀਣ ਦਾ ਸਮਾਨ ਅਤੇ ਨਗਦ ਰਕਮ ਦੇ ਕੇ ਸਨਮਾਨਤ ਕੀਤਾ ਗਿਆ।

ਅਮਲਾ ਸਿੰਘ ਵਾਲਾ 'ਚ ਮਨਰੇਗਾ ਕਾਮਿਆਂ ਦੀ ਭਰਵੀਂ ਮੀਟਿੰਗ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ) - ਮਨਰੇਗਾ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਨਰੇਗਾ ਕਾਮਿਆਂ ਦੀ ਅਹਿਮ ਮੀਟਿੰਗ ਪਿੰਡ ਅਮਲਾ ਸਿੰਘ ਵਾਲਾ ਵਿਖੇ ਮਜ਼ਦੂਰ ਆਗੂ ਪ੍ਰੀਤਮ ਸਿੰਘ ਖ਼ਾਲਸਾ ਦੀ ਅਗਵਾਈ ਹੇਠ ਹੋਈ।ਜ਼ਿਲ੍ਹਾ ਸਕੱਤਰ ਖੁਸ਼ੀਆ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਸਾਰੇ ਪਿੰਡਾਂ ਅੰਦਰ ਮਨਰੇਗਾ ਕੰਮ ਠੱਪ ਕੀਤੇ ਜਾਣ ਦੀ ਨਿੰਦਾ ਕਰਦਿਆਂ ਦੱਸਿਆ ਕਿ ਮਨਰੇਗਾ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ 12 ਦਸੰਬਰ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਬਰਨਾਲਾ ਮੂਹਰੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਡੀ ਸੀ ਬਰਨਾਲਾ ਰਾਹੀਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਾਂਅ ਭੇਜੇ ਜਾਣ ਵਾਲੇ ਮੰਗ ਪੱਤਰ 'ਚ ਠੱਪ ਪਏ ਨਰੇਗਾ ਕੰਮ ਤੁਰੰਤ ਸ਼ੁਰੂ ਕਰਾਉਣ ਜਾਂ ਮਜ਼ਦੂਰ ਪਰਵਾਰਾਂ ਨੂੰ ਗੁਜ਼ਾਰਾ ਭੱਤਾ ਦੇਣ ਦੀ ਮੰਗ ਉਠਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਇਸ ਐਕਸ਼ਨ ਦੀ ਤਿਆਰੀ 'ਚ ਜ਼ਿਲ੍ਹਾ ਭਰ ਅੰਦਰ ਮੀਟਿੰਗਾਂ ਕਰਾ ਕੇ ਮਜ਼ਦੂਰਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ।ਮਜ਼ਦੂਰ ਆਗੂ ਜਗਰਾਜ ਸਿੰਘ ਰਾਮਾ, ਲਾਭ ਸਿੰਘ ਅਕਲੀਆ ਨੇ ਕਿਹਾ ਕਹਿਰ ਦੀ ਮਹਿੰਗਾਈ ਦੇ ਦੌਰ ਵਿੱਚ ਮਨਰੇਗਾ ਕੰਮ ਬੰਦ ਹੋਣ ਕਰਕੇ ਮਜ਼ਦੂਰ ਪਰਿਵਾਰਾਂ ਨੂੰ ਦੋ ਡੰਗ ਦੀ ਰੋਟੀ ਦਾ ਫ਼ਿਕਰ ਬਣਿਆ ਹੋਇਆ ਹੈ।ਇਸ ਵੇਲੇ ਗਰੀਬ ਵਰਗ ਭਾਰੀ ਮਾਨਸਿਕ ਪੀੜਾਂ 'ਚੋਂ ਲੰਘ ਰਿਹਾ ਹੈ।ਕੇਂਦਰ ਤੇ ਰਾਜ ਸਰਕਾਰ ਮਜ਼ਦੂਰ ਵਰਗ ਦੀਆਂ ਮੰਗਾਂ ਪ੍ਰਤੀ ਸੁਹਿਰਦ ਨਹੀਂ ਹਨ। ਮਜ਼ਦੂਰ ਆਗੂਆਂ ਨੇ 12 ਦਸੰਬਰ ਨੂੰ ਕਾਫ਼ਲੇ ਬੰਨ ਕੇ ਪਰਵਾਰਾਂ ਸਮੇਤ ਡੀ ਸੀ ਦਫਤਰ ਬਰਨਾਲਾ ਪਹੁੰਚਣ ਦੀ ਅਪੀਲ ਕੀਤੀ।ਜਗਦੇਵ ਸਿੰਘ ਤੇ ਲਾਭ ਸਿੰਘ ਨੇ ਕਿਹਾ ਕਿ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਲਾਮਬੰਦੀ ਨੂੰ ਤੇਜ਼ ਕਰਕੇ 12 ਦਸੰਬਰ ਨੂੰ ਡੀ.ਸੀ ਦਫ਼ਤਰ ਵਿਖੇ ਰੋਸ ਪ੍ਰਦਰਸ਼ਨ 'ਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

ਪੰਜਾਬ 'ਚ ਸਿਹਤ ਸੇਵਾਵਾਂ ਠੱਪ, ਨੈਸ਼ਨਲ ਹੈੱਲਥ ਮਿਸ਼ਨ ਦਾ 10000 ਮੁਲਾਜ਼ਮ ਗਿਆ ਹੜਤਾਲ 'ਤੇ

■ 2 ਮਹੀਨੇ ਦੀ ਤਨਖਾਹ ਨਾ ਮਿਲਣ ਕਰਕੇ ਕੰਮਕਾਜ ਕੀਤਾ ਠੱਪ

ਫ਼ਿਰੋਜ਼ਪੁਰ (ਗੁਰਬਚਨ ਸਿੰਘ)

ਫ਼ਿਰੋਜ਼ਪੁਰ ਸਿਵਲ ਸਰਜਨ ਦਫ਼ਤਰ ਵਿਖੇ ਨੈਸ਼ਨਲ ਹੈੱਲਥ ਮਿਸ਼ਨ ਦੇ ਮੁਲਾਜ਼ਮਾਂ ਵਲੋਂ ਪਿਛਲੇ 2 ਮਹੀਨੇ ਦੀਆਂ ਤਨਖਾਹਾਂ ਨਾ ਮਿਲਣ ਕਰਕੇ ਧਰਨਾ ਲਗਾਇਆ ਗਿਆ। ਆਗੂਆਂ ਨੇ ਦੱਸਿਆ ਕਿ ਸਰਕਾਰ ਵਲੋਂ ਪੂਰੇ ਪੰਜਾਬ ਵਿਚ ਸਿਹਤ ਸੇਵਾਵਾਂ ਦੇ ਰਹੇ ਨੈਸ਼ਨਲ ਹੈਲਥ ਮਿਸ਼ਨ ਦੇ 10000 ਮੁਲਾਜ਼ਮਾਂ ਦੀਆਂ ਤਨਖ਼ਾਹਾਂ ਨਹੀਂ ਦਿੱਤੀਆਂ ਜਾ ਰਹੀਆਂ ਜਿਸ ਕਰਕੇ ਮੁਲਾਜ਼ਮਾਂ ਵੱਲੋਂ 1 ਦਸੰਬਰ ਤੋਂ ਕਲਮ ਛੋੜ ਹੜਤਾਲ ਸ਼ੁਰੂ ਕੀਤੀ ਗਈ ਹੈ।ਇਸੇ ਲੜੀ ਤਹਿਤ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿਚ ਸਿਵਲ ਸਰਜਨ ਦਫ਼ਤਰ ਵਿਖੇ ਧਰਨੇ ਲਗਾਏ ਜਾ ਰਹੇ ਹਨ ਅਤੇ 4 ਦਸੰਬਰ ਨੂੰ ਐੱਮ ਡੀ ਐੱਨ ਐੱਚ ਐੱਮ ਦਫ਼ਤਰ ਚੰਡੀਗੜ੍ਹ ਵਿਖੇ ਧਰਨਾ ਲਗਾਇਆ ਜਾਵੇਗਾ।ਜਿਸ ਵਿਚ ਪੂਰੇ ਪੰਜਾਬ ਵਿੱਚੋਂ 6000 ਮੁਲਾਜ਼ਮ ਸ਼ਾਮਲ ਹੋਣਗੇ। ਆਗੂਆਂ ਨੇ ਦੱਸਿਆ ਕਿ ਆਪ ਸਰਕਾਰ ਦੇ ਮੰਤਰੀ ਪਿਛਲੀਆਂ ਸਰਕਾਰਾਂ ਵਿਚ ਐੱਨ.ਐੱਚ.ਐੱਮ ਦੇ ਧਰਨਿਆਂ ਵਿਚ ਸ਼ਾਮਲ ਹੁੰਦੇ ਸੀ ਅਤੇ ਉੱਥੇ ਵਾਅਦਾ ਕਰਦੇ ਸੀ ਕਿ ਜਿਵੇਂ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ ਤੁਹਾਨੂੰ ਸਾਰਿਆਂ ਨੂੰ ਪੱਕਾ ਕੀਤਾ ਜਾਵੇਗਾ। ਪਰ ਸਰਕਾਰ ਬਣਨ ਤੋਂ ਬਾਅਦ ਇਨ੍ਹਾਂ ਵਲੋਂ ਆਪਣਾ ਇਕ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ, ਉਲਟਾ ਕੰਮ ਕਰਨ ਤੋਂ ਬਾਅਦ ਵੀ ਮੁਲਾਜ਼ਮਾਂ ਨੂੰ ਤਨਖਾਹਾਂ ਨਹੀਂ ਦਿੱਤੀਆਂ ਜਾ ਰਹੀਆਂ।

ਆਗੂਆਂ ਨੇ ਦੱਸਿਆ ਕਿ ਮੌਜੂਦਾ ਸਰਕਾਰ ਮੁਲਾਜ਼ਮਾਂ ਪ੍ਰਤੀ ਬਿਲਕੁਲ ਵੀ ਸੰਵੇਦਨਸ਼ੀਲ ਨਹੀਂ ਹੈ ਅਤੇ ਪਿਛਲੇ ਲੰਮੇਂ ਸਮੇਂ ਤੋਂ ਕਿਸੇ ਵੀ ਮੰਗ ਦਾ ਹੱਲ ਨਹੀਂ ਕੀਤਾ ਗਿਆ। ਸਰਕਾਰ ਦੇ ਆਗੂਆਂ ਅਤੇ ਵਿਭਾਗ ਦੇ ਅਧਿਕਾਰੀਆਂ ਨਾਲ 25 ਤੋਂ 30 ਮੀਟਿੰਗਾਂ ਹੋ ਚੁੱਕੀਆਂ ਹਨ, ਪਰ ਸਾਰੀਆਂ ਹੀ ਬੇਸਿੱਟਾ ਨਿਕਲੀਆਂ ਹਨ। ਆਗੂਆਂ ਨੇ ਕਿਹਾ ਉਨ੍ਹਾਂ ਵਲੋਂ ਮਜਬੂਰੀ ਵਿਚ ਸਿਹਤ ਸੇਵਾਵਾਂ ਠੱਪ ਕੀਤੀਆਂ ਗਈਆਂ ਹਨ, ਕਿਉਂਕਿ ਮੁਲਾਜ਼ਮਾਂ ਨੂੰ 2 ਮਹੀਨੇ ਬੀਤ ਜਾਣ ਮਗਰੋਂ ਵੀ ਤਨਖਾਹ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਸਰਕਾਰ ਤੁਰੰਤ ਸਾਡੀਆਂ ਮੰਗਾਂ ਪੂਰੀਆਂ ਕਰੇ ਅਤੇ ਰੁਕੀਆਂ ਹੋਈਆਂ ਤਨਖਾਹਾਂ ਜਾਰੀ ਕਰੇ ਨਹੀਂ ਤਾਂ ਮਜਬੂਰਨ ਉਨ੍ਹਾਂ ਨੂੰ ਹੜਤਾਲ ਜਾਰੀ ਰੱਖਣੀ ਪਵੇਗੀ।ਜਿਸ ਦੀ ਨਿਰੋਲ ਜ਼ਿੰਮੇਵਾਰੀ ਸਰਕਾਰ ਅਤੇ ਸਿਹਤ ਵਿਭਾਗ ਦੀ ਹੋਵੇਗੀ। ਧਰਨੇ ਨੂੰ ਡਾ. ਪ੍ਰੀਤ ਮਖੀਜਾ, ਨਰਿੰਦਰ ਸਿੰਘ, ਪੈਰਾਮੈਡੀਕਲ ਯੂਨੀਅਨ ਆਗੂ ਨਰਿੰਦਰ ਸ਼ਰਮਾ, ਜਸਵਿੰਦਰ ਸਿੰਘ ਕੌੜਾ, ਡਾ. ਲਲਿਤ ਨਾਗਪਾਲ, ਬਗੀਚ ਸਿੰਘ, ਸੁਖਦੇਵ ਸਿੰਘ, ਲਵਪ੍ਰੀਤ ਸਿੰਘ, ਡਾ ਸ਼ਿਵਲਕਸ਼ਨਾ ਸ਼ੋਰੀ, ਰਾਜਵਿੰਦਰ ਕੌਰ, ਗੌਰਵ ਦਾਸ, ਹਰਜਿੰਦਰ ਸਿੰਘ, ਕਮਲਜੀਤ ਸਿੰਘ ਆਦਿ ਵੱਲੋਂ ਸੰਬੋਧਨ ਕੀਤਾ ਗਿਆ।

5- DEC - Page - 7.qxd 12/4/2025 11:17 PM Page 1

ਬਲਾਕ ਸੰਮਤੀ ਉਮੀਦਵਾਰਾਂ ਦੇ ਪੇਪਰ ਚੋਣ ਕਮਿਸ਼ਨ ਦੇ ਦਖਲ ਨਾਲ ਭਰੇ : ਹਰਪਾਲਪੁਰ

ਘਨੌਰ (ਰਾਜਿੰਦਰ ਸਿੰਘ ਬਿੰਦ)- ਪੰਜਾਬ 'ਚ ਹੋ ਰਹੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਦੇ ਸਬੰਧ 'ਚ ਹਲਕਾ ਘਨੌਰ ਦੇ ਬਲਾਕ ਸੰਮਤੀ ਘਨੌਰ ਦੇ ਭਾਰਤੀ ਜਨਤਾ ਪਾਰਟੀ ਦੇ ਸਮੂਹ ਉਮੀਦਵਾਰਾਂ ਦੇ ਪੇਪਰ ਘਨੌਰ ਵਿਖੇ ਜਮ੍ਹਾਂ ਕਰਵਾਏ ਗਏ। ਇਹ ਜਾਣਕਾਰੀ ਦਿੰਦੇ ਹੋਏ ਪੰਜਾਬ ਖਾਦੀ ਤੇ ਗ੍ਰਾਮ ਉਦਯੋਗ ਬੋਰਡ ਪੰਜਾਬ ਦੇ ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਹਰਪਾਲਪੁਰ ਨੇ ਕਿਹਾ ਕਿ ਝਾੜੂ ਪਾਰਟੀ ਇਨ੍ਹਾਂ ਚੋਣਾਂ ਵਿੱਚ ਧੱਕੇਸ਼ਾਹੀ ਕਰਨ 'ਚ ਸਾਰੇ ਰਿਕਾਰਡ ਤੋੜ ਚੁੱਕੀ ਹੈ।ਉਨ੍ਹਾ ਕਿਹਾ ਕਿ ਝਾੜੂ ਸਰਕਾਰ ਨੇ ਚੋਣਾਂ ਵਿੱਚ ਗੁੰਡਾਗਰਦੀ ਕਰਕੇ ਉਮੀਦਵਾਰਾਂ ਦੇ ਪੇਪਰ ਖੋਹਣ ਤੇ ਫਾਈਲਾਂ ਪਾੜਨ ਦਾ ਰਿਕਾਰਡ ਕਾਇਮ ਕਰਕੇ ਚੋਣਾਂ ਤੋਂ ਪਹਿਲਾਂ ਹੀ ਹਾਰ ਮੰਨ ਲਈ ਹੈ, ਚੋਣ ਲੜਨ ਤੋਂ ਭੱਜਣਾ ਇਸ ਦੀ ਜਿਉਂਦੀ ਜਾਗਦੀ ਮਿਸਾਲ ਹੈ।ਹਰਪਾਲਪੁਰ ਨੇ ਕਿਹਾ ਕਿ ਪੰਜਾਬ ਚੋਣ ਕਮਿਸ਼ਨ ਨੇ ਸਖਤੀ ਨਾਲ ਪੇਪਰ ਤਾਂ ਭਰਨ ਦੇ ਦਿੱਤੇ ਹਨ, ਹੁਣ ਪੇਪਰਾਂ ਦੀ ਛਾਣਬੀਣ ਦੀ ਤਲਵਾਰ ਸਾਰੇ ਉਮੀਦਵਾਰਾਂ ਦੇ ਸਿਰ 'ਤੇ ਲਟਕ ਰਹੀ ਹੈ।ਸਾਰਿਆਂ ਨੂੰ ਪੇਪਰ ਰੱਦ ਹੋਣ ਦਾ ਡਰ ਬਣਿਆ ਹੋਇਆ ਹੈ।

ਧਾਰੀਵਾਲ ਬਲਾਕ ਸੰਮਤੀ ਚੋਣਾਂ ਲਈ ਕੁੱਲ 76 ਨਾਮਜ਼ਦਗੀ ਪੱਤਰ ਦਾਖਲ ਹੋਏ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਬਲਾਕ ਸੰਮਤੀ ਦੀਆਂ ਚੋਣਾਂ ਲਈ ਸਬ ਤਹਿਸੀਲ ਧਾਰੀਵਾਲ ਵਿਖੇ ਧਾਰੀਵਾਲ ਬਲਾਕ ਸੰਮਤੀ ਦੇ ਕੁੱਲ 17 ਜ਼ੋਨਾਂ ਵਿੱਚੋਂ ਕੁੱਲ 76 ਉਮੀਦਵਾਰਾਂ ਨੇ ਆਪਣੇ ਕਾਗਜ ਦਾਖਲ ਕਰਵਾਏ। ਅੱਜ ਨਾਮਜਦਗੀਆਂ ਦੇ ਆਖਰੀ ਦਿਨ ਆਮ ਆਦਮੀ ਪਾਰਟੀ ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਧਾਰੀਵਾਲ ਬਲਾਕ ਸੰਮਤੀ ਚੋਣ ਲੜਨ ਦੇ ਚਾਹਵਾਨ ਪਾਰਟੀ ਉਮੀਦਵਾਰ ਦੇ ਨਾਲ ਹੋ ਕੇ ਕਾਗਜ ਦਾਖਲ ਕਰਵਾਏ। ਐਡਵੋਕੇਟ ਸੇਖਵਾਂ ਨੇ ਦੱਸਿਆ ਕਿ ਚੋਣ ਪ੍ਰਕਿਰਿਆ ਪਾਰਦਰਸੀ ਢੰਗ ਨਾਲ ਹੋ ਰਹੀ ਹੈ, ਕਿਸੇ ਨਾਲ ਕੋਈ ਧੱਕੇਸ਼ਾਹੀ ਨਹੀਂ ਹੋਣ ਦਿੱਤੀ ਜਾਵੇਗੀ। ਇਸ ਮੌਕੇ ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਖੁੰਡਾ ਅਤੇ ਹੋਰ ਆਗੂ ਵੀ ਮੌਜੂਦ ਸਨ। ਧਾਰੀਵਾਲ ਬਲਾਕ ਸੰਮਤੀ ਦੇ ਰਿਟਰਨਿੰਗ ਅਫਸਰ- ਕਮ-ਤਹਿਸੀਲਦਾਰ ਗੁਰਦਾਸਪੁਰ ਰੇਸ਼ਮ ਸਿੰਘ ਨੇ ਦੱਸਿਆ ਕਿ ਅੱਜ ਨਾਮਜਦਗੀਆਂ ਦੇ ਆਖਰੀ ਦਿਨ 74 ਨਾਮਜਦਗੀ ਪੱਤਰ ਪ੍ਰਾਪਤ ਹੋਏ ਹਨ, ਜਦਕਿ ਕੱਲ੍ਹ 2 ਨਾਮਜਦਗੀਆਂ ਹੋਈਆਂ ਸਨ ਅਤੇ ਹੁਣ ਧਾਰੀਵਾਲ ਬਲਾਕ ਸੰਮਤੀ ਦੇ ਕੁੱਲ 17 ਜ਼ੋਨਾਂ ਵਿੱਚੋਂ ਕੁੱਲ 76 ਨਾਮਜਦਗੀਆਂ ਹੋਈਆਂ ਹਨ। ਰਿਟਰਨਿੰਗ ਅਫਸਰ ਨੇ ਦੱਸਿਆ ਕਿ ਇਨ੍ਹਾਂ ਦਾਖਲ ਕੀਤੇ ਨਾਮਜਦਗੀ ਪੱਤਰਾਂ ਦੀ ਪੜਤਾਲ 5 ਦਸੰਬਰ ਦਿਨ ਸ਼ੁੱਕਰਵਾਰ ਨੂੰ ਕੀਤੀ ਜਾਵੇਗੀ ਅਤੇ 6 ਦਸੰਬਰ ਨੂੰ ਦੁਪਹਿਰ 3 ਵਜੇ ਤੱਕ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਣਗੇ। ਇਸ ਮੌਕੇ ਨਾਇਬ ਤਹਿਸੀਲਦਾਰ ਧਾਰੀਵਾਲ ਕਰਮਜੀਤ ਸਿੰਘ, ਚੋਣ ਸਹਾਇਕ ਗੁਰਭੇਜ ਸਿੰਘ ਕਲਸੀ ਤੇ ਪਵਨ ਕੁਮਾਰ ਵੀ ਮੌਜੂਦ ਸਨ।

ਰਤਨ ਕੁਮਾਰ ਧਨੇੜਾ ਦੀ ਪਤਨੀ ਨੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲਈ ਕਾਗਜ਼ ਕੀਤੇ ਦਾਖਲ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਭਾਜਪਾ ਆਗੂ ਅਤੇ ਇਲਾਕੇ ਦੇ ਜਾਣੇ-ਪਹਿਚਾਣੇ ਸਮਾਜ ਸੇਵਕ ਰਤਨ ਕੁਮਾਰ ਧਨੇੜਾ ਦੀ ਪਤਨੀ ਵੱਲੋਂ ਜਿਲ੍ਹਾ ਪ੍ਰੀਸ਼ਦ ਲਈ ਨੋਮੀਨੇਸ਼ਨ ਦਾਖਲ ਕਰਵਾਏ ਗਏ। ਕਾਗਜ਼ ਦਾਖਲ ਕਰਵਾਉਣ ਦੇ ਮੌਕੇ ਧਨੇੜਾ ਦੇ ਹਮਦਰਦਾਂ ਦੀ ਵੱਡੀ ਗਿਣਤੀ ਮੌਜੂਦ ਸੀ। ਇਸ ਦੌਰਾਨ ਧਨੇੜਾ ਨੇ ਦੱਸਿਆ ਕਿ ਉਹ ਜੋਨ ਨੰਬਰ ਤਿੰਨ ਤੋਂ ਭਾਜਪਾ ਦੇ ਉਮੀਦਵਾਰ ਹਨ ਜਿਸ ਵਿੱਚ 68 ਪਿੰਡ ਸ਼ਾਮਲ ਹਨ। ਉਹਨਾਂ ਕਿਹਾ ਕਿ ਇਲਾਕੇ ਦੇ ਸਾਰੇ ਪਿੰਡਾਂ ਵਿੱਚ ਚਾਹੁਣ ਵਾਲਿਆਂ ਵੱਲੋਂ ਵੱਡੀ ਜਿੱਤ ਦਾ ਭਰੋਸਾ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਪਾਰਟੀ ਵੱਲੋਂ ਸੇਵਾ ਸੌਂਪਣਾ ਮਾਣ ਦੀ ਗੱਲ ਹੈ ਅਤੇ ਉਹ ਪਹਿਲਾਂ ਦੀ ਤਰ੍ਹਾਂ ਹੀ ਨਹੀਂ, ਸਗੋਂ ਇਸ ਤੋਂ ਵਧ ਕੇ ਲੋਕਾਂ ਦੀ ਸੇਵਾ ਜਾਰੀ ਰੱਖਣਗੇ।

ਚੋਣ ਕਮਿਸ਼ਨ ਨੂੰ ਲਾਭਪਾਤਰੀਆਂ ਦੇ ਕੰਮ ਕਰਨ ਦੀ ਆਗਿਆ ਦੇਣ ਦੀ ਅਪੀਲ

ਜਲਾਲਾਬਾਦ (ਬਲਵਿੰਦਰ ਸਿੰਘ) ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਜ਼ਿਲ੍ਹਾ ਕੌਂਸਲ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦੌਰਾਨ ਉਸਾਰੀ ਕਿਰਤੀ ਲਾਭਪਾਤਰੀਆਂ ਦੇ ਕੰਮ ਕਾਜ ਕਰਾਉਣ ਤੇ ਚੋਣ ਜ਼ਾਬਤੇ ਦੇ ਆਧਾਰ ਤੇ ਕੰਮ ਕਾਜ ਕਰਨ 'ਤੇ ਲੱਗੀ ਰੋਕ ਨੂੰ ਹਟਾਉਣ ਲਈ ਐਸ ਡੀ ਐਮ ਰਾਹੀਂ ਜ਼ਿਲ੍ਹਾ ਚੋਣ ਅਫ਼ਸਰ ਨੂੰ ਇਕ ਮੰਗ ਪੱਤਰ ਦਿੱਤਾ ਗਿਆ।ਸ੍ਰੀ ਕੰਵਰਜੀਤ ਸਿੰਘ ਐਸ ਡੀ ਐਮ ਨੇ ਵਿਸ਼ਵਾਸ ਦਿਵਾਇਆ ਕਿ ਉਸਾਰੀ ਕਿਰਤੀ ਲਾਭਪਾਤਰੀਆਂ ਦੇ ਹੋਣ ਵਾਲੇ ਕੰਮਾਂ ਨੂੰ ਜਾਰੀ ਕਰਾਉਣ ਲਈ ਯੂਨੀਅਨ ਵੱਲੋਂ ਦਿੱਤੇ ਮੰਗ ਪੱਤਰ ਨੂੰ ਤੁਰੰਤ ਜ਼ਿਲ੍ਹਾ ਚੋਣ ਅਧਿਕਾਰੀ ਕੋਲ ਪੁਚਾ ਦਿੱਤਾ ਜਾਵੇਗਾ ਤੇ ਉਸਾਰੀ ਕਿਰਤੀਆਂ ਨੂੰ ਕੋਈ ਮੁਸ਼ਕਲ ਨਾ ਆਵੇ। ਇਸ ਸਬੰਧੀ ਹੱਲ ਕੱਢਣ ਸਬੰਧੀ ਵਿਚਾਰ ਚਰਚਾ ਕੀਤੀ ਜਾਵੇਗੀ।ਮੰਗ ਪੱਤਰ ਦੇਣ ਉਪਰੰਤ ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਸੂਬਾ ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਤੇ ਸਰਬ ਭਾਰਤ ਨੌਜਵਾਨ ਸਭਾ ਦੇ ਬਲਾਕ ਜਲਾਲਾਬਾਦ ਦੇ ਮੀਤ ਪ੍ਰਧਾਨ ਸੋਨਾ ਧੁੰਨਕੀਆਂ ਨੇ ਕਿਹਾ ਕਿ ਉਸਾਰੀ ਕਿਰਤੀ ਲਾਭਪਾਤਰੀ ਕਿਸੇ ਤਰ੍ਹਾਂ ਵੀ ਆਪਣਾ ਹੱਕ ਪ੍ਰਾਪਤ ਕਰਨ ਦੌਰਾਨ ਕਿਸੇ ਤਰ੍ਹਾਂ ਵੋਟਾਂ ਨੂੰ ਪ੍ਰਭਾਵਿਤ ਨਹੀਂ ਕਰਦੇ, ਕਿਉਂਕਿ ਉਸਾਰੀ ਕਿਰਤੀ ਲਾਭਪਾਤਰੀਆਂ ਦੇ ਲਾਭਪਾਤਰੀ ਕਾਪੀ ਬਣਨ ਤੋਂ ਲੈ ਕੇ ਬਾਕੀ ਸਾਰੇ ਮਿਲਦੇ ਲਾਭ ਅਤੇ ਸਕੀਮਾਂ ਕਾਨੂੰਨ ਤਹਿਤ ਪ੍ਰਾਪਤ ਕੀਤੀਆਂ ਜਾਂਦੀਆਂ ਹਨ।

ਉਤਰ ਰੇਲਵੇ

ਈ-ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

ਟੈਂਡਰ ਨੰਬਰ	ਕੰਮਾਂ ਦਾ ਵੇਰਵਾ	ਅੰਦਾਜਨ ਲਾਗਤ (ਰੁ.)	ਬਿਆਨਾ ਰਾਸ਼ੀ (ਰੁ.)	ਕੰਮ ਦਾ ਸਮਾਂ	ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ	ਵੈਬਸਾਈਟ
251-ਬਿਜਲੀ-T-19R-2025-26	ਐਫਜੇਡਆਰ ਡਵੀਜਨ ਤੇ ਪੰਪ, ਪਲੇਟਫਾਰਮ 30-70% ਰੋਸ਼ਨੀ ਪ੍ਰਬੰਧ, ਸਟ੍ਰੀਟ ਲਾਈਟ, ਲਿਫਟ, ਅਸਕੇਲੇਟਰ ਜਿਹੀ ਬਿਜਲੀ ਪਰਿਸੰਪਤੀਆਂ ਦੀ ਨਿਗਰਾਲੀ ਅਤੇ ਕੰਟਰੋਲ ਦੇ ਲਈ ਆਈਓਟੀ (IOT) ਉਪਕਰਣਾਂ ਦੇ ਪ੍ਰਾਵਧਾਨ ਦੇ ਸਬੰਧ ਵਿਚ ਬਿਜਲੀ ਕੰਮ।	Rs. 6,00,11,561.45/-	Rs. 450100.00/-	06 ਮਹੀਨੇ	24.12.2025 15:00 ਵਜੇ ਦੇ ਬਾਅਦ	www.ireps.gov.in

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 21ਆਰ/ਬਿਜਲੀ-2025-26 ਮਿਤੀ 03.12.2025 3752/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਉਤਰ ਰੇਲਵੇ

ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-ਤਾਲਮੇਲ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 25.12.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਔਨੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ।

ਨਿਵਿਦਾ ਪ੍ਰਕਾਰ	ਨਿਵਿਦਾ ਅਨੁਭਾਗ	ਬੋਲੀ ਪ੍ਰਣਾਲੀ
ਖੁਲ੍ਹਾ	ਕੰਮ	ਏਕਲ ਬੋਲੀ ਪ੍ਰਣਾਲੀ
ਨਿਵਿਦਾ ਅਪਲੋਡ ਕਰਨ ਦੀ ਮਿਤੀ	**ਬੋਲੀ ਸ਼ੁਰੂ ਦੀ ਮਿਤੀ**	**ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ**
03.12.2025	11.12.2025	25.12.2025/ 15:00 ਵਜੇ

ਲੜੀ ਨੰਬਰ	ਨਿਵਿਦਾ ਨੰਬਰ	ਨਿਵਿਦਾ ਦਾ ਵੇਰਵਾ
1.	192-2025-26-Sr-DEN-C-FZR	ਜਲੰਧਰ-ਅੰਮ੍ਰਿਤਸਰ ਸੈਕਸ਼ਨ ਉਤੇ ਢਿਲਵਾਂ ਡਿਪੋ ਵਿਚ ਖਦਾਨ ਸਾਈਡਿੰਗ ਵਿਚ 80,000 ਘਣ ਮੀਟਰ 65 ਮਿਮੀ ਗੇਜ ਪੱਥਰ ਗਿਟੀ (ਯਾਂਤਰਿਕ ਰੂਪ ਨਾਲ ਟੁਟੀ ਹੋਈ) ਦੀ ਸਪਲਾਈ ਅਤੇ ਰੇਲਵੇ ਵੈਗਨਾਂ/ਹਾਪਰ ਵਿਚ ਲੋਡਿੰਗ ਦਾ ਕੰਮ।

ਵਿਗਿਆਪਨ ਮੂਲ (ਰੁ.)	ਬਿਆਨਾ ਰਾਸ਼ੀ	ਆਫਰ ਦੀ ਵੈਲੇਡਿਟੀ	ਸਮਾਪਤੀ ਦਾ ਸਮਾਂ
9,35,35,200.00/-	6,17,700.00/-	60 ਦਿਨ	12 ਮਹੀਨੇ

ਸਮਾਨ ਨੋਚਰ ਦਾ ਕੰਮ- "ਰੇਲਵੇ ਰਾਜਮਾਰਗ/ਸੜਕਾਂ ਦੇ ਲਈ ਮਸ਼ੀਨ ਨਾਲ ਕੁਚਲੇ ਗਏ ਪੱਥਰ ਗਿਟੀ ਦੀ ਸਪਲਾਈ"।

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਨੰਬਰ :- 192-2025-26-Sr-DEN-C-FZR ਤਾਰੀਕ : 04.12.2025 3758/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

PUBLIC NOTICE

Under the instruction of AU Small Finance Bank, I hereby informed the general public that Kaushlaya Devi w/o Chand Kishore is absolute owner of Property Private no 129, 130 min, measuring 47.6 feet breadth 14 feet, Total measuring 75 Sq Yards bearing Khasra no. 808/397-398 min, situated at Amritsar Urban Circle no 108 Abadi Kishan Kot, Tehsil & District Amritsar. That in the Jamabandi for the year 2010-11, 2015-16, 2020-21 Amar Singh s/o Banta Singh is the owner of 2 Marlas 222 feet of property. Then after the death of Amar Singh s/o Banta Singh his property was inherited by Iqbal Singh, Mohanjit Singh sons of Amar Singh, Manwinder Kaur d/o Amar Singh (3/4 share) & Kuldeep Kaur wd/o Gurdeep Singh, Gur Inder Singh, Navjot Singh sons of Amar Singh, Har Inder Kaur d/o Gurdeep Singh (1/4 share) of which mutation no. 29572 has been sanctioned by revenue authorities. And after the death of Iqbal Singh s/o Amar Singh his ¼ share of property was inherited by Gurjinder Kaur widow, Kanwardeep Singh son, Daljit Kaur, Arvinder Kaur daughters of Iqbal Singh of which mutation no. 29573 has been sanctioned by revenue authorities. And after the death of Gurjinder Kaur wd/o Iqbal Singh her share of property was inherited by Kanwardeep Singh son, Daljit Kaur, Arvinder Kaur daughters of Iqbal Singh of which mutation no. 29742 has been sanctioned by revenue authorities. Then Kanwardeep,Singh s/o Iqbal Singh in person and as GPA of Mohanjit Singh s/o Amar Singh & Manwinder Kaur d/o Amar Singh, Kuldeep Kaur w/o Gurdeep Singh, Navjot Singh & Surinder Singh sons of Gurdeep Singh, Har Inder Kaur d/o Gurdeep Singh, Daljit Kaur d/o Iqbal Singh, Arvinder Kaur d/o Iqbal Singh sold 75 sq yards of property to Kaushlaya Devi w/o Chand Kishore vide sale deed regd dated 15.10.2025 as doc no. 2025-26/89/1/8242 of which mutation no.29800 has been sanctioned by revenue authorities, Kaushlaya Devi w/o Chand Kishore has lost Following Original Documents. 1. Original G.P.A executed by Arvinder Kaur d/o Iqbal Singh in favor of Kanwar Singh s/o Iqbal Singh regd dt 19.9.2025 as doc no 653. A LOST Information Report has also been got registered in this respect having details Sr no 654333/2025 dt 2.12.2025. Anybody having claim or claiming any prior rights or interest in any manner in this property or has raised loan by depositing the aforesaid sale deed to any person/bank/corporation/financial institution may approach the undersigned and may submit objection in writing 7 days from the date of this public notice. After the expiry of the period of this notice, no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with AU Small Finance bank.

Vikas Verma (Advocate)
Distt. Courts, Amritsar
MB. 9815156302

COURT NOTICE

(U/o 5 Rule 20 CPC)
In The Court of
Dr. Seema Agnihotri
Civil Judge (Junior Division), Rupnagar
CNR No. PBRO02-001808-2024
Next Date: 19-12-2025
Punjab Gramin Bank
Vs.
Rajni Devi
Publication Issued To:
Rajni Devi
Spouse : Balwinder Kumar
Village Dhanouri, Tehsil Morinda, District Rupnagar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 19-12-2025 at 10:00 a.m.

For details logon to https://highcourtchd.gov.in/?mod=district_notice& district=Rupnagar

Civil Judge (Junior Division) Rupnagar
Dated, this day of 04-12-2025

COURT NOTICE

(U/o 5 Rule 20 CPC)
In The Court of
Sh. Vineet Kumar Narang
Additional Principal Judge Family Court, Nakodar
Gw/67/2025
CNR No. PBJLF2-000836-2025
Next Date:- 12-01-2026
Rupinder Preet
Vs.
General Public
Petition U/S 7 Of Gw Act.
Publication Issued To:
General Public
:- General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 12-01-2026 at 10:00 a.m.

For details logon to https://highcourtchd.gov.in/?mod=district_notice&district=Jalandhar

Additional Principal Judge Family Court Nakodar
Dated, this day of 01-12-2025

COURT NOTICE

Criminal Courts, Ludhiana
In the Court of
Ms. Harmeet Kaur Puri
Judicial Magistrate - Ist Class Ludhiana
CNR No: PBLD03-045812-2019
Peshi: 11-12-2025
Kotak Mahindra Bank Ltd.
Vs Ikbal Singh
Publication Notice For Proclamation Under Section 82 Cr. Pc
Petition U/S 138 of Negotiable Instruments Act, 1881 Amended Upto Date

Notice To:
Ikbal Singh S/o Not Known R/o Village Sekhuwas, Tehsil Moonak, District Sangrur-148031

Whereas it has been proved to the satisfaction of the Court that the accused above named cannot be served in the ordinary way of service. Hence, this proclamation under section 82 CRPC is hereby issued against him/them and should appear personally or through their counsel on 11-12-2025 at 10.00 a.m.

Take notice that, in default of his/their appearance on the day before mentioned, the above said will be heard and determined in his/their absence.

Given under my hand and the seal of the Court, this 03-12-2025

Judicial Magistrate - Ist Class Ludhiana

ਜਨਤਕ ਨੋਟਿਸ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਵੀਨਾ ਖੁੱਲਰ ਦੀ ਮੌਤ ਮਿਤੀ 04-06-2025 ਨੂੰ ਹੋ ਗਈ ਸੀ। ਜਿਨ੍ਹਾਂ ਦੇ ਨਾਮ ਤੇ ਇੱਕ ਵਹੀਕਲ ਰਜਿਸਟਰੇਸ਼ਨ ਨੰ. ਪੀ. ਬੀ. 65 ਏ. ਡੀ. 0339 ਹੈ। ਉਨ੍ਹਾਂ ਦੇ ਪੁੱਤਰ ਅੰਕਿਤ ਖੁੱਲਰ ਨੇ ਦਫਤਰ ਵਿਖੇ ਵਹੀਕਲ ਨੰ. ਪੀ. ਬੀ. 65 ਏ. ਡੀ. 0339 ਨੂੰ ਆਪਣੇ ਨਾਮ ਤੇ ਟਰਾਂਸਫਰ ਕਰਨ ਲਈ ਅਪਲਾਈ ਕੀਤਾ ਹੈ ਅਤੇ ਉਨ੍ਹਾਂ ਦੀ ਅਰਜੀ ਮੁਤਾਬਿਕ ਉਨ੍ਹਾਂ ਦੇ ਪਿਤਾ ਬਲਦੇਵ ਕੁਮਾਰ ਖੁੱਲਰ, ਭੈਣ ਅੰਕਿਤਾ ਕੌਸਲ, ਭਰਾ ਕਹਾਨ ਖੁੱਲਰ ਵਾਰਿਸ ਹਨ। ਇਸ ਲਈ ਜੇਕਰ ਇਹ ਵਹਿਕਲ ਟ੍ਰਾਂਸਫਰ ਕਰਨ ਵਿੱਚ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਨੂੰ ਸੂਚਿਤ ਕੀਤਾ ਜਾਵੇ। ਰਿਜਨਲ ਟਰਾਂਸਪੋਰਟ ਅਫਸਰ, ਸਾਹਿਬਜਾਦਾ ਅਜੀਤ ਸਿੰਘ ਨਗਰ।

ਪਬਲਿਕ ਨੋਟਿਸ

ਆਈਡੀਐਫਸੀ ਫਸਟ ਬੈਂਕ ਲਿਮਟਿਡ ਦੇ ਨਿਰਦੇਸ਼ਾਂ ਅਧੀਨ, ਮੈਂ ਆਮ ਜਨਤਾ ਨੂੰ ਸੂਚਿਤ ਕਰਦਾ ਹਾਂ ਕਿ ਮਹਿੰਦਰ ਸਿੰਘ ਪੁੱਤਰ ਮੋਹਨ ਸਿੰਘ ਜਾਇਦਾਦ ਪਲਾਟ ਪ੍ਰਾਈਵੇਟ ਨੰਬਰ 28 ਮੈਨੰ, ਕੁੱਲ ਮਾਪ 35 ਵਰਗ ਗਜ਼, ਖਸਰਾ ਨੰਬਰ 1686 ਮੈਨ

5 Dec Page 8.qxd 12/4/2025 11:23 PM Page 1

ਮੁੱਖ ਮੰਤਰੀ ਮਾਨ ਦੀ ਜਾਪਾਨ ਫੇਰੀ ਪੰਜਾਬ ਦੇ ਭਵਿੱਖ ਨੂੰ ਨਵਾਂ ਰੂਪ ਦੇਵੇਗੀ : ਬੈਂਸ

ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)- ਪੰਜਾਬ ਦੇ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਜਾਪਾਨ ਫੇਰੀ ਦੇ ਉਸਾਰੂ ਨਤੀਜੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ। ਉਨ੍ਹਾਂ ਕਿਹਾ ਕਿ ਇਸ ਫੇਰੀ ਨਾਲ ਸੂਬੇ ਵਿੱਚ ਵੱਡਾ ਨਿਵੇਸ਼ ਆਵੇਗਾ ਅਤੇ ਰਣਨੀਤਕ ਸਬੰਧ ਮਜ਼ਬੂਤ ਹੋਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੇ ਵਫ਼ਦ ਦੀ ਦੂਰਦਰਸ਼ੀ ਕੂਟਨੀਤਕ ਪਹੁੰਚ ਪੰਜਾਬ ਦੀ ਮਨੁੱਖੀ ਸਰੋਤਾਂ ਨੂੰ ਉੱਭਰ ਰਹੇ ਮੌਕਿਆਂ ਨਾਲ ਜੋੜੇਗੀ ਜਿਸ ਨਾਲ ਸੂਬੇ ਵਿੱਚ ਵਿਕਾਸ ਨੂੰ ਹੁਲਾਰਾ ਮਿਲੇਗਾ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਠੋਸ ਯਤਨਾਂ ਸਦਕਾ ਪੰਜਾਬ ਨੇ ਜਾਪਾਨੀ ਉਦਯੋਗਜਗਤ ਦੀ ਮੋਹਰੀ ਕੰਪਨੀ ਟੋਪਨ ਸਪੈਸ਼ਲਿਟੀ ਫਿਲਮਜ਼ ਪ੍ਰਾਈਵੇਟ ਲਿਮਟਿਡ (ਟੀ.ਐਸ.ਐਫ.) ਨਾਲ ਇਤਿਹਾਸਕ ਨਿਵੇਸ਼ ਸਮਝੌਤਾ ਸਹੀਬੱਧ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਕੰਪਨੀ ਪੰਜਾਬ ਵਿੱਚ 400 ਕਰੋੜ ਰੁਪਏ ਦਾ ਨਿਵੇਸ਼ ਕਰਨ ਜਾ ਰਹੀ ਹੈ ਅਤੇ ਇਸ ਕੰਪਨੀ ਨਾਲ ਇਹ ਸਮਝੌਤਾ 6ਵੇਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਤੋਂ ਪਹਿਲਾਂ ਪੰਜਾਬ ਨੂੰ ਵਿਸ਼ਵ ਪੱਧਰ 'ਤੇ ਨਿਵੇਸ਼ ਲਈ ਪਸੰਦੀਦਾ ਸਥਾਨ ਵਜੋਂ ਸਥਾਪਤ ਕਰਨ ਦੇ ਸਫ਼ਰ ਵਿੱਚ ਇੱਕ ਵੱਡਾ ਮੀਲ ਪੱਥਰ ਹੋਵੇਗਾ।

ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਇਕਬਾਲ ਸਿੰਘ ਗੋਪੀ ਦੇ ਚੋਣ ਦਫਤਰ ਦਾ ਉਦਘਾਟਨ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਵਿਕਾਸ ਖੁਣੋਂ ਪਿਛੜ ਗਏ ਪੰਜਾਬ ਨੂੰ ਦੁਬਾਰਾ ਲੀਹ ਤੇ ਲਿਆਉਣ ਲਈ ਸ਼੍ਰੋਮਣੀ ਅਕਾਲੀ ਦਲ ਦਾ ਸਰਕਾਰ ਬਣਾਉਣਾ ਜ਼ਰੂਰੀ ਹੈ ਕਿਉਂਕਿ ਪੰਜਾਬ ਪੱਖੀ ਸੋਚ ਕੇਵਲ ਖੇਤਰੀ ਪਾਰਟੀ ਹੀ ਰੱਖ ਸਕਦੀ ਹੈ ਤੇ ਬਾਹਰਲੀਆਂ ਪਾਰਟੀਆਂ ਨੇ ਹਮੇਸ਼ਾ ਪੰਜਾਬ ਅਤੇ ਪੰਜਾਬੀਅਤ ਨਾਲ ਧੋਖਾ ਕੀਤਾ ਹੈ। ਉਪਰੋਕਤ ਸ਼ਬਦ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਸਾਬਕਾ ਰਾਜ ਸਭਾ ਮੈਂਬਰ ਵਰਿੰਦਰ ਸਿੰਘ ਬਾਜਵਾ ਨੇ ਬਜਵਾੜਾ ਵਿਖੇ ਜ਼ਿਲ੍ਹਾ ਪ੍ਰੀਸ਼ਦ ਉਮੀਦਵਾਰ ਇਕਬਾਲ ਸਿੰਘ ਗੋਪੀ ਦੇ ਚੋਣ ਦਫਤਰ ਦਾ ਉਦਘਾਟਨ ਕਰਦੇ ਹੋਏ ਕਹੇ। ਇਸ ਮੌਕੇ ਦਿਹਾਤੀ ਜ਼ਿਲਾ ਪ੍ਰਧਾਨ ਲਖਬੀਰ ਸਿੰਘ ਲੱਖੀ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਹੁਸ਼ਿਆਰਪੁਰ ਸਾਰੇ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਨੂੰ ਜ਼ੋਰ ਸ਼ੋਰ ਨਾਲ ਲੜ ਕੇ ਜਿੱਤ ਪ੍ਰਾਪਤ ਕੀਤੀ ਜਾਵੇਗੀ। ਪ੍ਰੋਗਰਾਮ ਵਿੱਚ ਸ਼ਾਮਿਲ ਹੋਏ ਵਰਕਰਾਂ ਦਾ ਧੰਨਵਾਦ ਕਰਦਿਆਂ ਜਹਾਨ ਖੇਲਾ ਸਰਕਲ ਪ੍ਰਧਾਨ ਜਗਤਾਰ ਸਿੰਘ ਨੇ ਭਰੋਸਾ ਦਵਾਇਆ ਕਿ ਸ਼੍ਰੋਮਣੀ ਅਕਾਲੀ ਦਲ ਦਾ ਹਰ ਇੱਕ ਵਰਕਰ ਬੂਥ ਤੇ ਪੂਰਾ ਪਹਿਰਾ ਦਵੇਗਾ। ਇਸ ਮੌਕੇ ਸ਼ਮਸ਼ੇਰ ਸਿੰਘ ਭਾਰਦਵਾਜ, ਬਿਕਰਮਜੀਤ ਸਿੰਘ ਕਲਸੀ, ਸੁਖਜਿੰਦਰ ਸਿੰਘ ਅੌਜਲਾ, ਹਰਜੀ ਬਾਜਵਾ, ਇੰਦਰਜੀਤ ਸਿੰਘ ਕੰਗ, ਸੰਤੋਖ ਸਿੰਘ ਅੌਜਲਾ, ਨਰਿੰਦਰ ਸਿੰਘ ਹਰਜੀਤ ਸਿੰਘ, ਨੀਤੀ ਤਲਵਾੜ. ਪ੍ਰੀਆ ਸੈਣੀ ਦੇ ਨਾਲ ਨਾਲ ਵੱਖ-ਵੱਖ ਪਿੰਡਾਂ ਦੇ ਪੰਚ ਸਰਪੰਚ ਅਤੇ ਹੋਰ ਸੈਂਕੜੇ ਵਰਕਰ ਵੀ ਮੌਜੂਦ ਸਨ।

ਨਸ਼ਾ ਮੁਕਤੀ ਜਾਗਰੂਕਤਾ ਮੁਹਿੰਮ ਭਲਕ ਤੋਂ : ਨੀਰਜ ਗੋਇਲ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਦੇ ਸਕੱਤਰ-ਕਮ-ਸੀ.ਜੇ.ਐਮ ਨੀਰਜ ਗੋਇਲ ਨੇ ਦੱਸਿਆ ਕਿ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ ਏ ਐੱਸ ਨਗਰ (ਮੁਹਾਲੀ) ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਜਿੰਦਰ ਅਗਰਵਾਲ ਦੇ ਮਾਰਗਦਰਸ਼ਨ ਵਿਚ ਜ਼ਿਲ੍ਹੇ ਭਰ ਵਿਚ 6 ਦਸੰਬਰ ਤੋਂ 6 ਜਨਵਰੀ 2026 ਤੱਕ ਵਿਸ਼ੇਸ਼ ਨਸ਼ਾ ਮੁਕਤੀ ਜਾਗਰੂਕਤਾ ਮੁਹਿੰਮ ਚਲਾਈ ਜਾਵੇਗੀ। ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਆਪਣੇ ਦਫ਼ਤਰ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ, ਕਾਲਜ ਪ੍ਰਿੰਸੀਪਲਾਂ, ਪੈਰਾ ਲੀਗਲ ਵਲੰਟੀਅਰਾਂ ਅਤੇ ਸਮਾਜਿਕ ਸੰਗਠਨਾਂ ਦੇ ਨੁਮਾਇੰਦਿਆਂ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਨਸ਼ਾ ਸਮਾਜ ਲਈ ਇੱਕ ਗੰਭੀਰ ਖ਼ਤਰਾ ਬਣ ਗਿਆ ਹੈ ਅਤੇ ਇਸ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਮੂਹਿਕ ਯਤਨਾਂ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੌਰਾਨ ਪੈਰਾ ਲੀਗਲ ਵਲੰਟੀਅਰਾਂ, ਪੈਨਲ ਐਡਵੋਕੇਟਾਂ, ਲੀਗਲ ਏਡ ਡਿਫੈਂਸ ਕੌਂਸਲ, ਡਾਕਟਰਾਂ, ਅਧਿਆਪਕਾਂ, ਐਨ.ਜੀ.ਓਜ਼, ਐਨ.ਐਸ.ਐਸ ਅਤੇ ਐਨ.ਸੀ.ਸੀ ਕੈਡਿਟਾਂ ਅਤੇ ਗ੍ਰਾਮ ਪੰਚਾਇਤਾਂ ਦੇ ਸਰਪੰਚਾਂ ਦੀ ਸਰਗਰਮ ਭਾਗੀਦਾਰੀ ਨੂੰ ਯਕੀਨੀ ਬਣਾਇਆ ਜਾਵੇਗਾ।ਨੀਰਜ ਗੋਇਲ ਨੇ ਕਿਹਾ ਕਿ ਇਸ ਮੁਹਿੰਮ ਤਹਿਤ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਵਿਆਪਕ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ, ਜਿਸ ਵਿੱਚ ਸੈਮੀਨਾਰ, ਕੁਇਜ਼ ਮੁਕਾਬਲੇ, ਵਾਕਾਥਨ, ਜਾਗਰੂਕਤਾ ਰੈਲੀਆਂ, ਨੁੱਕੜ ਨਾਟਕ, ਪੋਸਟਰ ਮੇਕਿੰਗ ਅਤੇ ਪੇਂਟਿੰਗ ਮੁਕਾਬਲੇ, ਲੇਖ ਲਿਖਣ ਅਤੇ ਸਲੋਗਨ ਲਿਖਣ ਮੁਕਾਬਲੇ ਸ਼ਾਮਲ ਹਨ। ਸਕੂਲ ਅਤੇ ਕਾਲਜ ਦੇ ਵਿਦਿਆਰਥੀਆਂ, ਵੱਖ-ਵੱਖ ਪੇਸ਼ਿਆਂ ਨਾਲ ਜੁੜੇ ਲੋਕਾਂ ਅਤੇ ਆਮ ਲੋਕਾਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ, ਕਾਨੂੰਨੀ ਪ੍ਰਬੰਧਾਂ ਅਤੇ ਮੁੜ ਵਸੇਬੇ ਦੇ ਵਿਕਲਪਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਸਾਰੇ ਵਿਭਾਗਾਂ ਅਤੇ ਸੰਸਥਾਵਾਂ ਤੋਂ ਪੂਰਨ ਸਹਿਯੋਗ ਦੀ ਅਪੀਲ ਕਰਦਿਆਂ ਸ੍ਰੀ ਗੋਇਲ ਨੇ ਕਿਹਾ ਕਿ 'ਨਸ਼ਾ ਮੁਕਤ ਪੰਜਾਬ' ਦਾ ਸੁਪਨਾ ਤਾਂ ਹੀ ਸਾਕਾਰ ਹੋਵੇਗਾ ਜਦੋਂ ਸਮਾਜ ਦਾ ਹਰ ਵਰਗ ਅੱਗੇ ਆਵੇਗਾ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਇਹ ਇੱਕ ਮਹੀਨੇ ਦੀ ਤੀਬਰ ਮੁਹਿੰਮ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਮਜ਼ਬੂਤ ਲੋਕ ਰਾਏ ਪੈਦਾ ਕਰੇਗੀ ਅਤੇ ਨੌਜਵਾਨ ਪੀੜ੍ਹੀ ਇਸ ਸਰਾਪ ਤੋਂ ਬਚੇਗੀ।

ਪਰਵਾਰ ਨਿਯੋਜਨ ਸਮਾਜਕ ਤਰੱਕੀ ਲਈ ਵੀ ਜ਼ਰੂਰੀ : ਸਿਵਲ ਸਰਜਨ

ਮੋਹਾਲੀ (ਗੁਰਜੀਤ ਬਿੱਲਾ)- ਪਰਵਾਰ ਨਿਯੋਜਨ ਸਿਰਫ਼ ਆਬਾਦੀ ਕੰਟਰੋਲ ਦਾ ਹੀ ਸਾਧਨ ਨਹੀਂ, ਸਗੋਂ ਮਾਂ-ਬੱਚੇ ਦੀ ਸਿਹਤ, ਪਰਵਾਰ ਦੀ ਆਰਥਿਕ ਸਥਿਤੀ ਅਤੇ ਸਮਾਜਿਕ ਤਰੱਕੀ ਲਈ ਵੀ ਬਹੁਤ ਜ਼ਰੂਰੀ ਹੈ। ਇਹ ਗੱਲ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਇਥੇ ਜ਼ਿਲ੍ਹਾ ਹਸਪਤਾਲ ਵਿਚ ਪੁਰਸ਼ ਨਸਬੰਦੀ ਪੰਦਰਵਾੜੇ ਦੀ ਸਮਾਪਤੀ ਮੌਕੇ ਕਰਵਾਏ ਗਏ ਜਾਗਰੂਕਤਾ ਸਮਾਗਮ ਨੂੰ ਸੰਬੋਧਨ ਕਰਦਿਆਂ ਕਹੀ। ਇਹ ਪੰਦਰਵਾੜਾ 21 ਨਵੰਬਰ ਤੋਂ 4 ਦਸੰਬਰ ਤਕ ਮਨਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਪਰਵਾਰ ਨਿਯੋਜਨ ਦੀ ਮਹੱਤਤਾ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ, ਸੁਰੱਖਿਅਤ ਪੁਰਸ਼ ਨਸਬੰਦੀ ਸੇਵਾਵਾਂ ਦੀ ਉਪਲੱਬਧਤਾ ਬਾਰੇ ਜਾਣਕਾਰੀ ਫੈਲਾਉਣਾ ਅਤੇ ਯੋਗ ਜੋੜਿਆਂ ਨੂੰ ਸਿਹਤਮੰਦ ਪਰਿਵਾਰ ਯੋਜਨਾ ਅਪਣਾਉਣ ਲਈ ਉਤਸ਼ਾਹਿਤ ਕਰਨਾ ਹੈ।

ਸਾਲਾਨਾ ਚਾਰ ਦਿਨਾ ਖੇਡ ਮੇਲਾ ਕਰਵਾਇਆ

ਫਿਲੌਰ (ਹਰਜਿੰਦਰ ਕੌਰ ਚਾਹਲ)- ਸ਼ਹੀਦ ਮਹਿੰਦਰ ਸਿੰਘ ਅਤੇ ਸ਼ਹੀਦ ਜੋਗਾ ਸਿੰਘ ਥਲਾਂ ਦੀ ਯਾਦ ਵਿੱਚ ਸਾਲਾਨਾ ਚਾਰ ਦਿਨਾ ਖੇਡ ਮੇਲਾ ਮਿਤੀ 30,01,02,03 ਦਸੰਬਰ ਨੂੰ ਕਰਵਾਇਆ ਗਿਆ ਜਿਸ ਵਿੱਚ ਮੁੱਖ ਮਹਿਮਾਨ ਵੱਜੋਂ ਨੌਜਵਾਨ ਕਾਂਗਰਸ ਆਗੂ ਰਜਿੰਦਰ ਸੰਧੂ ਸ਼ਾਮਿਲ ਹੋਏ ।ਟੂਰਨਾਮੈਂਟ ਵਿੱਚ ਪਿੰਡ ਪੱਧਰ ਓਪਨ ਦੇ ਫੁਟਬਾਲ ਮੈਚ ਕਰਵਾਏ ਗਏ ਜਿਸ ਵਿੱਚ ਰਹੀਮਾਬਾਦ ਦੀ ਟੀਮ ਜੇਤੂ ਰਹੀ ਅਤੇ ਕਰਨਾਣਾ ਟੀਮ ਉੱਪ ਜੇਤੂ ਰਹੀ । ਕਬੱਡੀਆ ਦੇ ਓਪਨ ਦੇ ਮੈਚ ਕਰਵਾਏ ਗਏ ਜਿਸ ਵਿੱਚ ਅੱਠ ਟੀਮਾਂ ਨੇ ਹਿੱਸਾ ਲਿਆ । ਉਪਰੋਕਤ ਟੂਰਨਾਮੈਂਟ ਵਿੱਚ ਐਨ ਆਰ ਆਈ ਦਾ ਬਹੁਤ ਵੱਡਾ ਸਹਿਯੋਗ ਰਿਹਾ । ਟੂਰਨਾਮੈਂਟ ਦੇ ਮੁੱਖ ਸਪਾਂਸਰ ਬਿੱਲਾ ਯੂ ਕੇ,ਗਿੰਦਰ ਕਨੈਡਾ, ਅਮਰੀਕ ਸਿੰਘ ਥਲਾਂ , ਛਿੰਦਾ ਲਿਧੜ, ਰਾਜਾ ਸਰਪੰਚ ਰਹੇ । ਕਬੱਡੀ ਦੇ ਪਹਿਲੇ ਇਨਾਮ ਅਮਰਿਤਪਾਲ ਰਸੂਲਪੁਰ ਅਤੇ ਦੂਜਾ ਇਨਾਮ ਰੂਬੀ, ਮੰਗਾ ਕਨੈਡਾ, ਦਿਲਪ੍ਰੀਤ ਨਿਊਜੀਲੈਂਡ, ਘੂਗੀ, ਜੀਤਾ ਅਮਰੀਕਾ ਵੱਲੋਂ ਸਪਾਂਸਰ ਕੀਤੇ ਗਏ। ਇਸ ਮੌਕੇ ਸੋਨੂੰ ਤੇਹਿਗ, ਨਰਿੰਦਰ ਰਾਏਪੁਰ, ਮੋਮੀ ਨਗਰ, ਮਲਕੀਤ ਸਿੰਘ, ਦੀਪ ਸਿੰਘ, ਜੋਗਾ ਸਿੰਘ,ਗੁਰਦਿਆਲ ਸਿੰਘ ਆਦਿ ਹਾਜ਼ਰ ਰਹੇ ।

ਮਿਡ ਡੇ ਮੀਲ 'ਚ ਜਾਂਚ ਦੌਰਾਨ ਪਾਈਆਂ ਊਣਤਾਈਆਂ : ਚੇਤਨ ਪ੍ਰਕਾਸ਼

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬੀ ਐਸ ਸੈਣੀ)- ਪੰਜਾਬ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਰੀਵਾਲ ਵਲੋਂ ਸਰਕਾਰੀ ਐਲੀਮੈਂਟਰੀ ਸਕੂਲ ਪੂਰਹੀਰਾਂ, ਹੁਸ਼ਿਆਰਪੁਰ ਦਾ ਅਚਾਨਕ ਦੌਰਾ ਕੀਤਾ ਗਿਆ, ਜਿਸ ਦੌਰਾਨ ਸਕੂਲ ਵਿੱਚ ਚੱਲ ਰਹੀ ਮਿਡ ਡੇ ਮੀਲ ਯੋਜਨਾ ਦੀ ਵਿਸ਼ੇਸ਼ ਜਾਂਚ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਐਲੀਮੈਂਟਰੀ ਸਿੱਖਿਆ ਹਰਜਿੰਦਰ ਕੌਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਦੌਰੇ ਦੌਰਾਨ ਸਕੂਲ ਦੀਆਂ ਮਿਡ ਡੇ ਮੀਲ ਸੇਵਾਵਾਂ ਬਾਰੇ ਕਈ ਗੰਭੀਰ ਖਾਮੀਆਂ ਸਾਹਮਣੇ ਆਈਆਂ, ਜਿਨ੍ਹਾਂ ਨੇ ਫੂਡ ਕਮਿਸ਼ਨ ਦੇ ਮੈਂਬਰ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੋਵਾਂ ਨੇ ਗੰਭੀਰ ਨੋਟਿਸ ਲਿਆ।ਜਾਂਚ ਦੌਰਾਨ ਇਹ ਪਾਇਆ ਗਿਆ ਕਿ ਸਕੂਲ ਵਿੱਚ ਵਿਦਿਆਰਥੀਆਂ ਨੂੰ ਮਿਡ ਡੇ ਮੀਲ ਸਮੇਂ 'ਤੇ ਪ੍ਰਦਾਨ ਨਹੀਂ ਕੀਤਾ ਜਾ ਰਿਹਾ ਸੀ, ਜਿਸ ਨਾਲ ਸਪਸ਼ਟ ਹੁੰਦਾ ਹੈ ਕਿ ਭੋਜਨ ਦੀ ਵਿਵਸਥਾ ਵਿਚ ਲਾਪਰਵਾਹੀ ਕੀਤੀ ਜਾ ਰਹੀ ਸੀ। ਇਸ ਤੋਂ ਇਲਾਵਾ, ਮਿਡ ਡੇ ਮੀਲ ਪੋਸ਼ਣ ਪ੍ਰਣਾਲੀ ਵੀ ਅਸੰਤੋਸ਼ਜਨਕ ਮਿਲੀ। ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਰੀਵਾਲ ਨੇ ਵਿਸ਼ੇਸ਼ ਤੌਰ ਤੇ ਬਰਤਨਾਂ ਦੀ ਸਫਾਈ ਵਿਵਸਥਾ ਨੂੰ ਲੈ ਕੇ ਵੀ ਕੜੀ ਨਾਰਾਜ਼ਗੀ ਪ੍ਰਗਟ ਕੀਤੀ। ਰਸੋਈ ਅਤੇ ਭੋਜਨ ਪਰੋਸਣ ਖੇਤਰ ਵਿੱਚ ਮਾਪਦੰਡਾਂ ਅਨੁਸਾਰ ਸਫਾਈ ਨਹੀਂ ਸੀ, ਜਿਸ ਨੂੰ ਬੱਚਿਆਂ ਦੀ ਸਿਹਤ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।ਜ਼ਿਲ੍ਹਾ ਸਿੱਖਿਆ ਅਫਸਰ ਹਰਜਿੰਦਰ ਕੌਰ ਨੇ ਵੀ ਸਕੂਲ ਪ੍ਰਬੰਧਕਾਂ ਨੂੰ ਤੁਰੰਤ ਮਿਡ ਡੇ ਮੀਲ ਦੇ ਪ੍ਰਬੰਧਾਂ ਨੂੰ ਸੁਧਾਰਨ ਅਤੇ ਮਿਆਰੀ ਹਦਾਇਤਾਂ ਅਨੁਸਾਰ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਮਿਡ ਡੇ ਮੀਲ ਯੋਜਨਾ ਬੱਚਿਆਂ ਦੇ ਪੋਸ਼ਣ ਅਤੇ ਸਿਹਤ ਨਾਲ ਜੁੜੀ ਸਭ ਤੋਂ ਮਹੱਤਵਪੂਰਨ ਸਕੀਮਾਂ ਵਿੱਚੋਂ ਇਕ ਹੈ, ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਦੌਰੇ ਦੌਰਾਨ ਜ਼ਿਲ੍ਹਾ ਮਿਡ ਡੇ ਮੀਲ ਇੰਚਾਰਜ ਅਨਿਰੁੱਧ ਮੋਡਗਿਲ ਵੀ ਮੌਜੂਦ ਸਨ, ਜਿਨ੍ਹਾਂ ਨੇ ਕਮਿਸ਼ਨ ਦੇ ਮੈਂਬਰ ਨੂੰ ਸਾਰੇ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ ਅਤੇ ਮੌਜੂਦਾ ਕਮੀਆਂ ਨੂੰ ਤੁਰੰਤ ਦੂਰ ਕਰਨ ਦਾ ਭਰੋਸਾ ਦਿੱਤਾ। ਦੌਰੇ ਤੋਂ ਬਾਅਦ ਸਕੂਲ ਪ੍ਰਬੰਧਕਾਂ ਨੂੰ ਲਿਖਤੀ ਨਿਰਦੇਸ਼ ਜਾਰੀ ਕੀਤੇ ਗਏ ਹਨ ਅਤੇ ਅਗਲੀ ਜਾਂਚ ਤੱਕ ਪੂਰੀ ਵਿਵਸਥਾ ਸੁਧਾਰਨ ਦੇ ਆਦੇਸ਼ ਦਿੱਤੇ ਗਏ ਹਨ।

ਸੈਂਕੜੇ ਲੋਕਾਂ ਨੇ ਫੜਿਆ ਝਾੜੂ ਦਾ ਪੱਲਾ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਹਲਕਾ ਵਿਧਾਇਕ ਨਕੋਦਰ ਬੀਬੀ ਇੰਦਰਜੀਤ ਕੌਰ ਮਾਨ ਦਾ ਲੋਕਾਂ ਵਿੱਚ ਖੁਦ ਵਿਚਰਨਾ ਇੱਕ ਖਾਸ ਗੱਲ ਬਣ ਗਈ ਹੈ ਜੋ ਕਿ ਲੋਕਾਂ ਨੂੰ ਰਾਸ ਆ ਰਹੀ ਹੈ । ਸੀਨੀਅਰ ਨੇਤਾ ਦਵਿੰਦਰ ਸੰਧੂ, ਕੌਂਸਲਰ ਰਾਜੀਵ ਮਿਸਰ ਅਤੇ ਸਰਬਜੀਤ ਕੌਰ ਵਾਰਡ ਪ੍ਰਧਾਨ ਦੇ ਯਤਨਾਂ ਸਦਕਾ ਨੂਰਮਹਿਲ ਦੇ ਵਾਰਡ ਨੰਬਰ 13 ਵਿੱਚ ਮੁਹੱਲਾ ਕੋਟਲਾ ਵਿਖੇ ਵੱਡੀ ਗਿਣਤੀ ਵਿੱਚ ਪਰਵਾਰਾਂ ਨੇ ਝਾੜੂ ਦਾ ਪੱਲਾ ਫੜ ਕੇ ਆਮ ਆਦਮੀ ਪਾਰਟੀ ਨੂੰ ਮਜ਼ਬੂਤ ਕੀਤਾ। ਇੱਕ ਸਾਦੇ ਅਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਬੀਬੀ ਇੰਦਰਜੀਤ ਕੌਰ ਮਾਨ ਅਤੇ ਉਹਨਾਂ ਦੀ ਟੀਮ ਦਾ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਜੀ ਆਇਆ ਆਖਿਆ। ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਨੂੰ ਬੀਬੀ ਮਾਨ ਵਲੋਂ ਆਮ ਆਦਮੀ ਪਾਰਟੀ ਦੇ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ । ਬੀਬੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਵੈਸੇ ਤਾਂ ਪੂਰਾ ਹਲਕਾ ਹੀ ਮੇਰਾ ਪਰਵਾਰ ਹੈ ਪਰ ਜਦੋਂ ਇਸ ਤਰ੍ਹਾਂ ਇਕੱਠ ਕਰ ਕੇ ਪਾਰਟੀ ਨਾਲ ਚੱਲਣ ਦਾ ਪ੍ਰਣ ਲਿਆ ਜਾਂਦਾ ਹੈ ਤਾਂ ਕੰਮ ਕਰਨ ਦਾ ਜੋਸ਼ ਵੱਧ ਜਾਂਦਾ ਹੈ । ਬੀਬੀ ਨੇ ਧੰਨਵਾਦ ਕਰਦਿਆਂ ਕਿਹਾ ਕਿ ਹਰ ਇੱਕ ਨੂੰ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਮਿਲੇਗਾ। ਵਾਰਡ ਨਿਵਾਸੀਆਂ ਨੇ ਆ

5 Dec Page 9.qxd 12/4/2025 11:21 PM Page 1

ਬਿਜਲੀ ਆਰਡੀਨੈਂਸ 2025 ਦੀਆਂ ਕਾਪੀਆਂ ਸਾੜਨ ਸੰਬੰਧੀ ਮੀਟਿੰਗ

ਕਿਸਾਨ ਤੇ ਮੁਲਾਜ਼ਮ ਡਵੀਜ਼ਨ ਪੱਧਰ 'ਤੇ 8 ਨੂੰ ਸਾੜਨਗੇ ਕਾਪੀਆਂ

ਗੜਸ਼ੰਕਰ (ਫੂਲਾ ਸਿੰਘ ਬੀਰਮਪੁਰ)- ਸੰਯੁਕਤ ਕਿਸਾਨ ਮੋਰਚੇ ਵਲੋਂ ਬਿਜਲੀ ਆਰਡੀਨੈਂਸ 2025 ਦੀਆਂ ਕਾਪੀਆਂ ਸਾੜਨ ਦੇ ਦਿੱਤੇ ਸੱਦੇ ਸੰਬੰਧੀ ਗੜਸ਼ੰਕਰ ਦੀਆਂ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਦੀ ਇੱਕ ਅਹਿਮ ਮੀਟਿੰਗ ਕਿਸਾਨ ਆਗੂ ਗੁਰਨੇਕ ਭੱਜਲ ਦੀ ਪ੍ਰਧਾਨਗੀ ਹੇਠ

ਕੀਤੀ ਗਈ । ਮੀਟਿੰਗ ਦੇ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਹੋਇਆਂ ਕਿਸਾਨ ਆਗੂਆਂ ਹਰਮੇਸ਼ ਢੇਸੀ,ਦਰਸ਼ਨ ਮੱਟੂ, ਕਲਭੂਸ਼ਣ ਮਹਿੰਦਵਾਣੀ ਅਤੇ ਮੁਲਾਜ਼ਮ ਆਗੂ ਮੁਕੇਸ਼ ਕੁਮਾਰ ਨੇ ਦੱਸਿਆ ਕਿ ਕੋਰੋਨਾ ਕਾਲ ਵਿੱਚ ਵੀ ਕੇਂਦਰ ਸਰਕਾਰ ਨੇ ਬਿਜਲੀ ਆਰਡੀਨੈਂਸ ਲਿਆਉਣ ਦੀ ਕੋਸ਼ਿਸ਼ ਕੀਤੀ ਗਈ ਸੀ, ਉਸ ਵੇਲੇ ਕਿਸਾਨ ਸੰਯੁਕਤ ਕਿਸਾਨ ਮੋਰਚੇ ਦੇ ਸੰਘਰਸ਼ ਕਾਰਨ ਇਸ ਨੂੰ ਲਾਗੂ ਨਹੀਂ ਕਰ ਸਕੇ। ਹੁਣ ਕੇਂਦਰ ਸਰਕਾਰ ਵੱਲੋਂ ਦੁਬਾਰਾ ਬਿਜਲੀ ਆਰਡੀਨੈਂਸ 2025 ਵਿੱਚ ਇਸ ਨੂੰ ਤਰਮੀਮਾਂ ਕਰਕੇ ਲਾਗੂ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਜਿਸ ਦੇ ਤਹਿਤ ਸਮੂਹ ਲੋਕਾਂ ਨੂੰ ਬਿਜਲੀ ਤੇ ਮਿਲਦੀਆਂ ਸਬਸਿਡੀਆਂ, ਸਹੂਲਤਾਂ ਖਤਮ ਕਰਕੇ ਪੂਰੇ ਬਿਜਲੀ ਸੈਕਟਰ ਨੂੰ ਧਨਾਢ ਕਾਰਪੋਰੇਟਾਂ ਖਾਸ ਕਰਕੇ ਅਡਾਨੀ ਅਤੇ ਅੰਬਾਨੀ ਨੂੰ ਸੌਂਪਿਆ ਜਾ ਰਿਹਾ ਹੈ ਜਿਸ ਦੇ ਖਿਲਾਫ ਜਿੱਥੇ ਬਿਜਲੀ ਮੁਲਾਜ਼ਮ ਸੰਘਰਸ਼ ਕਰ ਰਹੇ ਹਨ ਤੇ ਹੁਣ ਸੰਯੁਕਤ ਕਿਸਾਨ ਮੋਰਚੇ ਨੇ ਵੀ ਉਹਨਾਂ ਦੇ ਸਮਰਥਨ ਵਿੱਚ ਇਸ ਇਸ ਆਰਡੀਨੈਂਸ ਦੀਆਂ ਕਾਪੀਆ ਅੱਠ ਦਸੰਬਰ ਨੂੰ ਵੱਖ-ਵੱਖ ਸਬ ਡਵੀਜ਼ਨਾਂ 'ਤੇ ਸਾੜਨ ਦਾ ਫੈਸਲਾ ਕੀਤਾ ਗਿਆ ਹੈ। ਇਸ ਸਮੇਂ ਵੱਖ-ਵੱਖ ਕਿਸਾਨ ਯੂਨੀਅਨਾਂ ਦੇ ਆਗੂ ਕੁਲਵਿੰਦਰ ਚਾਹਲ,ਚੌਧਰੀ ਅੱਛਰ ਸਿੰਘ,ਸ਼ਿਗਾਰਾ ਸਿੰਘ ਭੱਜਲ, ਕਸ਼ਮੀਰ ਸਿੰਘ ਭੱਜਲ, ਕੁਲਵਿੰਦਰ ਸੰਘਾ, ਗੁਰਮੇਲ ਕਲਸੀ, ਅਮਰਜੀਤ ਸਿੰਘ ਬੰਗੜ, ਸਤਪਾਲ ਕਲੇਰ, ਮੁਲਾਜ਼ਮ ਆਗੂ ਸੁਖਦੇਵ ਡਾਨਸੀਵਾਲ,ਰਮੇਸ਼ ਮਲਕੋਵਾਲ ਆਦਿ ਹਾਜ਼ਰ ਸਨ।

ਆਲ ਇੰਡੀਆ ਸੈਣੀ ਸੇਵਾ ਸਮਾਜ ਦੀ ਜ਼ਿਲ੍ਹਾ ਮੋਹਾਲੀ ਟੀਮ ਦਾ ਜਲਦ ਹੋਵੇਗਾ ਐਲਾਨ : ਲਵਲੀਨ ਸਿੰਘ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਆਲ ਇੰਡੀਆ ਸੈਣੀ ਸੇਵਾ ਸਮਾਜ, ਪੰਜਾਬ ਸਟੇਟ ਯੂਨਿਟ ਨੇ ਮੋਹਾਲੀ ਜ਼ਿਲ੍ਹੇ ਵਿੱਚ ਸੰਗਠਨਾਤਮਕ ਵਾਧਾ ਅਤੇ ਨਵੀਂ ਜ਼ਿਲ੍ਹਾ ਟੀਮ ਦੇ ਗਠਨ ਲਈ ਸਰਗਰਮ ਕਦਮ ਚੁੱਕੇ ਹਨ।ਇਸ ਸੰਦਰਭ ਵਿੱਚ ਸਟੇਟ ਪ੍ਰਧਾਨ ਲਵਲੀਨ ਸਿੰਘ ਸੈਣੀ ਦੀ ਅਗਵਾਈ ਵਿੱਚ ਸਮਾਜ ਦੇ

ਸੀਨੀਅਰ ਅਹੁਦੇਦਾਰਾਂ ਦੀ ਮਹੱਤਵਪੂਰਨ ਮੀਟਿੰਗ ਮੋਹਾਲੀ ਵਿੱਚ ਸਫਲਤਾਪੂਰਵਕ ਹੋਈ। ਮੀਟਿੰਗ ਵਿੱਚ ਸੰਗਠਨ ਦੀ ਭਵਿੱਖ ਰੂਪਰੇਖਾ, ਟੀਮ ਦਾ ਗਠਨ ਅਤੇ ਆਉਣ ਵਾਲੇ ਸਮੂਹਿਕ ਕਾਰਜਕ੍ਰਮਾਂ 'ਤੇ ਵਿਸਤ੍ਰਿਤ ਚਰਚਾ ਕੀਤੀ ਗਈ।ਮੀਟਿੰਗ ਤੋਂ ਪਹਿਲਾਂ ਸਮਾਜ ਦੇ ਸੀਨੀਅਰ ਸਮਾਜ ਸੇਵੀ ਕੁਲਦੀਪ ਸਿੰਘ ਸੈਣੀ ਦੇ ਭਤੀਜੇ ਦੇ ਵਿਆਹ ਸਮਾਰੋਹ ਵਿੱਚ ਸਮਾਜ ਦੇ ਸਾਰੇ ਪ੍ਰਮੁੱਖ ਨੇਤਾ ਅਤੇ ਮੈਂਬਰ ਇਕੱਠੇ ਹੋਏ। ਸਮਾਰੋਹ ਬੜੇ ਸਨਮਾਨਯੋਗ ਅਤੇ ਸੁਹਾਵਣੇ ਵਾਤਾਵਰਨ ਵਿੱਚ ਸੰਪੰਨ ਹੋਇਆ, ਜਿਸ ਵਿੱਚ ਸੈਣੀ ਸਮਾਜ ਦੇ ਮੈਂਬਰਾਂ ਦੀ ਭਾਰੀ ਹਾਜ਼ਰੀ ਨੇ ਸੰਗਠਨ ਦੀ ਏਕਤਾ ਨੂੰ ਹੋਰ ਮਜ਼ਬੂਤ ਕੀਤਾ।ਇਸ ਮੌਕੇ ਤੇ ਸਟੇਟ ਪ੍ਰਧਾਨ ਲਵਲੀਨ ਸਿੰਘ ਸੈਣੀ ਨੇ ਕਿਹਾ ਕਿ ਆਉਣ ਵਾਲੇ ਕੁਝ ਦਿਨਾਂ ਵਿੱਚ ਜ਼ਿਲ੍ਹਾ ਮੋਹਾਲੀ ਟੀਮ ਦਾ ਅਧਿਕਾਰਿਕ ਐਲਾਨ ਕੀਤਾ ਜਾਵੇਗਾ। ਨਵੀਂ ਟੀਮ ਦਾ ਗਠਨ ਸੰਗਠਨ ਦੀ ਰਣਨੀਤਿਕ ਮਜ਼ਬੂਤੀ ਅਤੇ ਜ਼ਿਲ੍ਹੇ ਵਿੱਚ ਸਮਾਜਿਕ ਗਤੀਵਿਧੀਆਂ ਦੇ ਵਿਸ਼ਤਾਰ ਲਈ ਕੀਤਾ ਜਾ ਰਿਹਾ ਹੈ।ਬਲਵਿੰਦਰ ਸੈਣੀ (ਆਫਿਸ ਸਕਰੇਟਰੀ), ਜਗਜੀਤ ਸਿੰਘ ਸੈਣੀ, ਮਨਦੀਪ ਸਿੰਘ ਦਿਆਲਪੁਰਾ, ਮੋਹਨ ਸਿੰਘ, ਰੁਲਦਾ ਸਿੰਘ ਬਸੀ, ਸਤਪਾਲ ਸਿੰਘ ਬਸੀ, ਜੀਤ ਸੈਣੀ (ਡੇਰਾ ਬਸੀ), ਬਲਜੀਤ ਸਿੰਘ, ਸੋਹਨ ਸਿੰਘ ਸੈਣੀ, ਬਲਵਿੰਦਰ ਸਿੰਘ ਸੈਣੀ, ਮਨਦੀਪ ਸਿੰਘ ਦਿਆਲਪੁਰ, ਜਸਵੀਰ ਸਿੰਘ ਸੈਣੀ, ਸੁਰੇਸ਼ ਕੁਮਾਰ ਸੈਣੀ, ਹਕਮ ਸਿੰਘ ਸੈਣੀ, ਸਿਮਰਨਜੀਤ ਸਿੰਘ ਸੈਣੀ, ਰਾਜੂ ਸੈਣੀ (ਮੁਬਾਰਕਪੁਰ) ਅਤੇ ਹੋਰ ਸਨਮਾਨਤ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

ਸੀ ਐੱਲ ਯੂ ਤੇ ਲਾਇਸੈਂਸ ਫੀਸਾਂ 'ਚ ਵਾਧੇ ਵਿਰੁੱਧ ਦਿੱਤਾ ਮੰਗ ਪੱਤਰ

ਜੀਰਕਪੁਰ (ਵਿਨੈ ਕੁਮਾਰ ਜੈਨ)- ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਸੀ ਐੱਲ ਯੂ ਅਤੇ ਲਾਇਸੰਸ ਫੀਸਾਂ ਵਿਚ ਕੀਤੇ ਗਏ ਵੱਡੇ ਵਾਧੇ ਦੇ ਵਿਰੋਧ ਵਿੱਚ ਪ੍ਰਾਪਰਟੀ ਡੀਲਰਸ ਐਸੋਸੀਏਸ਼ਨ ਵੱਲੋਂ ਨਗਰ ਕੌਂਸਲ ਦਫ਼ਤਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਇੱਕ ਮੰਗ ਪੱਤਰ ਕੌਂਸਲ

ਪ੍ਰਧਾਨ ਉਦੈਵੀਰ ਸਿੰਘ ਢਿੱਲੋਂ ਨੂੰ ਦਿੱਤਾ ਗਿਆ। ਪ੍ਰਾਪਰਟੀ ਕਾਰੋਬਾਰੀਆਂ ਨੇ ਸਰਕਾਰ ਤੋਂ ਇਸ ਨੋਟੀਫਿਕੇਸ਼ਨ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਗਈ। ਉਨਾਂ ਕਿਹਾ ਕਿ ਸੀ ਐੱਲ ਯੂ ਫੀਸਾਂ, ਈ ਡੀ ਸੀ ਅਤੇ ਲਾਇਸੰਸ ਫੀਸਾਂ 'ਚ ਕੀਤੇ ਭਾਰੀ ਵਾਧੇ ਨਾਲ ਉਹਨ੍ਹਾਂ ਦੇ ਕਾਰੋਬਾਰ ਨੂੰ ਬਹੁਤ ਨੁਕਸਾਨ ਹੋਵੇਗਾ। ਸਰਕਾਰ ਨੇ ਫੀਸ ਵਾਧੇ ਸੰਬੰਧੀ 24 ਨਵੰਬਰ ਨੂੰ ਨੋਟੀਫਿਕੇਸ਼ਨ ਜਾਰੀ ਕੀਤਾ ਸੀ ਕਿ ਨਵੀਆਂ ਦਰਾਂ 4 ਜੂਨ 2025 ਤੋਂ ਲਾਗੂ ਹੋਣਗੀਆਂ, ਇਸ ਅਨੁਸਾਰ ਪੁਰਾਣੇ ਖਰਚੇ ਅਤੇ ਬਕਾਏ ਵੀ ਵਸੂਲ ਪਏ ਜਾਣਗੇ। ਇਹ ਵਾਧਾ ਮੋਹਾਲੀ ਤੇ ਜ਼ੀਰਕਪੁਰ ਵਿੱਚ ਸਭ ਤੋਂ ਵੱਧ ਕੀਤਾ ਗਿਆ ਹੈ। ਉਹਨ੍ਹਾਂ ਦੱਸਿਆ ਕਿ ਪੁਰਾਣੀਆਂ ਫੀਸਾਂ ਉੱਤੇ ਬਹੁਤ ਸਾਰੇ ਪ੍ਰੋਜੈਕਟ ਪਾਸ ਹੋ ਗਏ ਹਨ ਅਤੇ ਪਲਾਟਾਂ ਦੀ ਵਿਕਰੀ ਵੀ ਸ਼ੁਰੂ ਹੋ ਗਈ ਹੈ। ਅਜਿਹੀ ਸਥਿਤੀ ਵਿੱਚ ਨਵੀਆਂ ਦਰਾਂ ਦੇ ਲਾਗੂ ਹੋਣ ਨਾਲ ਲੋਕਾਂ ਤੇ ਭਾਰੀ ਬੋਝ ਪਵੇਗਾ ਅਤੇ ਉਨ੍ਹਾਂ ਲਈ ਘਰ ਖਰੀਦਣਾ ਮੁਸ਼ਕਲ ਹੋ ਜਾਵੇਗਾ ਜਦਕਿ ਪੰਜਾਬ ਦੀ ਸਰਹੱਦ ਨਾਲ ਲੱਗਦੇ ਰਾਜਾਂ ਵਿੱਚ ਇਹ ਫ਼ੀਸ ਬਹੁਤ ਘੱਟ ਹੈ ਜਿਸ ਕਾਰਨ ਲੋਕਾਂ ਘਰ ਖਰੀਦਣ ਲਈ ਗੁਆਂਢੀ ਰਾਜਾਂ ਵੱਲ ਜਾ ਸਕਦੇ ਹਨ। ਇਸ ਨਾਲ ਪੰਜਾਬ ਸਰਕਾਰ ਦਾ ਮਾਲੀਆ ਵੀਘਟੇਗਾ। ਉਨ੍ਹਾ ਕਿਹਾ ਕਿ ਇਹ ਵਾਧਾ ਇੰਨਾ ਜ਼ਿਆਦਾ ਹੈ ਕਿ ਇਸ ਨਾਲ ਪ੍ਰਾਜੈਕਟਾ ਦੀ ਸ਼ੁਰੂਆਤੀ ਲਾਗਤ ਕਈ ਗੁਣਾ ਵੱਧ ਜਾਵੇਗੀ ਅਤੇ ਨਵੇਂ ਪ੍ਰਾਜੈਕਟ ਸ਼ੁਰੂ ਕਰਨੇ ਅਸੰਭਵ ਹੋ ਜਾਣਗੇ। ਇਸ ਦਾ ਸਿੱਧਾ ਅਸਰ ਆਮ ਖਰੀਦਦਾਰ 'ਤੇ ਪਵੇਗਾ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਉਦੇਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਨੋਟੀਫਿਕੇਸ਼ਨ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕਰਨ ਸਬੰਧੀ ਮਤਾ ਪਾਉਣਗੇ।

ਬਾਬਾ ਹਨੂੰਮਾਨ ਸਿੰਘ ਜੀ ਦੇ ਜਨਮ ਦਿਹਾੜੇ ਤੇ ਪਹਿਲੀ ਵਾਰ ਹੋਈ ਹੈਲੀਕਾਪਟਰ ਨਾਲ ਫੁੱਲਾਂ ਦੀ ਵਰਖਾ

ਮੋਹਾਲੀ (ਗੁਰਜੀਤ ਬਿੱਲਾ)- ਸ੍ਰੀ ਅਕਾਲ ਤਖਤ ਸਾਹਿਬ ਦੇ ਸੱਤਵੇਂ ਜਥੇਦਾਰ ਸ਼ਹੀਦ ਬਾਬਾ ਹਨੂੰਮਾਨ ਸਿੰਘ ਜੀ ਜਿਨਾਂ ਦਾ ਜਨਮ ਦਿਹਾੜਾ ਉਹਨਾਂ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੁਹਾਣਾ ਵਿਖੇ ਮਨਾਇਆ ਗਿਆ ਉੱਥੇ ਇਸ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਪਹਿਲੀ ਵਾਰ ਸਮਾਜ ਸੇਵੀ ਅਤੇ ਖੇਡ ਪ੍ਰਮੋਟਰ ਰੂਪਾ ਸੁਹਾਣਾ ਅਤੇ ਕੌਂਸਲਰ ਹਰਜੀਤ ਸਿੰਘ ਭੋਲੂ ਵੱਲੋਂ ਹੈਲੀਕਾਪਟਰ ਰਾਹੀਂ ਅਸਥਾਨ ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਰੂਪਾ ਸੁਹਾਣਾ ਨੇ ਦੱਸਿਆ ਕਿ ਉਹਨਾਂ ਦੀ ਸ਼ੁਰੂ ਤੋਂ ਦਿਲੀ ਇੱਛਾ ਸੀ ਕਿ ਜਦੋਂ ਵੀ ਮੌਕਾ ਮਿਲਿਆ ਬਾਬਾ ਹਨੂੰਮਾਨ ਸਿੰਘ ਜੀ ਦੇ ਜਨਮ ਦਿਹਾੜੇ ਉੱਤੇ ਉਹ ਇੱਕ ਵਿਲੱਖਣ ਸੇਵਾ ਲੈਣ। ਉਹਨਾਂ ਦੱਸਿਆ ਕਿ ਦੇਹਰਾਦੂਨ ਤੋਂ ਵਿਸ਼ੇਸ਼ ਤੌਰ ਤੇ ਬੁੱਕ ਕਰਕੇ ਹੈਲੀਕਾਪਟਰ ਮੰਗਵਾਇਆ ਗਿਆ ਅਤੇ ਸੱਤ ਵਾਰੀ ਵਿੱਚ ਇੱਕ ਕੁਇੰਟਲ ਗੁਲਾਬ ਦੇ ਫੁੱਲ ਅਤੇ 51 ਕਿਲੋ ਗੈਂਦੇ ਦੇ ਫੁੱਲਾਂ ਦੀ ਗੁਰਦੁਆਰਾ ਸਿੰਘ ਸ਼ਹੀਦਾਂ ਸੁਹਾਣਾ ਦੇ ਅਸਥਾਨ ਤੇ ਵਰਖਾ ਕੀਤੀ ਗਈ। ਉਹਨਾਂ ਦੱਸਿਆ ਕਿ ਅੱਗੇ ਤੋਂ ਵੀ ਇਹ ਸੇਵਾ ਨਿਰੰਤਰ ਜਾਰੀ ਰਹੇਗੀ।

ਪੰਜਾਬ ਨੂੰ ਖੁਸ਼ਹਾਲ ਬਣਾਉਣ ਲਈ ਪੰਜਾਬ ਵਾਸੀ ਬਸਪਾ ਨੂੰ ਸਹਿਯੋਗ ਕਰਨਗੇ : ਕਰੀਮਪੁਰੀ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਪੰਜਾਬ ਸੰਭਾਲੋ ਮੁਹਿੰਮ ਤਹਿਤ ਸਮੁੱਚੇ ਪੰਜਾਬੀਆਂ ਤੱਕ ਪਹੁੰਚ ਕੇ ਪੰਜਾਬ ਨੂੰ ਨਸ਼ਿਆਂ ਦੇ ਕਾਲੇ ਦੌਰ ਵਿਚੋਂ ਕੱਢਣ ਅਤੇ ਬਦਹਾਲ ਪੰਜਾਬ ਤੋਂ ਖੁਸ਼ਹਾਲ ਪੰਜਾਬ ਬਣਾਉਣ ਲਈ ਪੰਜਾਬ ਵਾਸੀ ਬਹੁਜਨ ਸਮਾਜ ਪਾਰਟੀ ਦਾ ਸਾਥ ਦੇਣਗੇ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਸੰਮਤੀ ਚੋਣਾਂ ਬਸਪਾ ਆਪਣੇ ਚੋਣ ਨਿਸ਼ਾਨ ਹਾਥੀ ਤੇ ਲੜੇਗੀ ਅਤੇ ਬਸਪਾ ਉਮੀਦਵਾਰ ਵੱਡੀ ਗਿਣਤੀ ਵਿਚ ਜਿੱਤ ਪ੍ਰਾਪਤ ਕਰਨਗੇ। ਇਸ ਮੌਕੇ ਕਰੀਮਪੁਰੀ ਨੇ ਕਿਹਾ ਕਿ ਆਜ਼ਾਦ ਅਤੇ ਨਿਰਪੱਖ ਚੋਣਾਂ ਯਕੀਨੀ ਬਣਾਈਆਂ ਜਾਣ। ਕਰੀਮਪੁਰੀ ਨੇ ਪੰਜਾਬ ਸੰਭਾਲੋ ਮੁਹਿੰਮ ਨੂੰ ਘਰ ਘਰ ਪਹੁੰਚਾਉਣ ਦਾ ਸੱਦਾ ਦਿੱਤਾ ਜਿਸ ਦਾ ਵੱਡਾ ਉਦੇਸ਼ ਪੰਜਾਬ ਨੂੰ ਨਸ਼ਿਆਂ ਦੀ ਚੁਨੌਤੀ ਚੋਂ ਕੱਢਣਾ, ਰੁਜ਼ਗਾਰ ਦੇ ਮੌਕੇ ਪੈਦਾ ਕਰਨੇ, ਗੈਂਗਸਟਰਵਾਦ ਦੇ ਦੌਰ ਚੋਂ ਪੰਜਾਬ ਨੂੰ ਕੱਢਣਾ, ਸਿੱਖਿਆ ਕ੍ਰਾਂਤੀ,100 ਫੀਸਦੀ ਸਕੂਲਾਂ ਚ ਅਧਿਆਪਕ, ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਕਾਨੂੰਨ ਨੂੰ ਜਮੀਨ ਤੇ ਲਾਗੂ ਕਰਨਾ,ਸਿਹਤ ਕ੍ਰਾਂਤੀ,ਪੰਜਾਬ ਨੂੰ ਕਰਜੇ ਤੇ ਬੋਝ ਵਿੱਚੋਂ ਕੱਢਣਾ,ਬਦਹਾਲ ਪੰਜਾਬ ਨੂੰ ਖੁਸ਼ਹਾਲ ਪੰਜਾਬ ਬਣਾਉਣਾ, ਬਰਬਾਦ ਹੋ ਰਹੀ ਕਿਸਾਨੀ ਨੂੰ ਆਪਣੇ ਪੈਰਾਂ ਤੇ ਖੜੇ ਕਰਨਾ, ਮਜ਼ਦੂਰਾਂ ਨੂੰ ਗਰੀਬੀ ਦੇ ਸੰਕਟ ਚੋਂ ਕੱਢਣਾ,ਬਚਪਨ ਅਤੇ ਬੁਢਾਪੇ ਨੂੰ ਸੰਭਾਲਣਾ, ਸੂਬੇ ਦੇ ਕੁਦਰਤੀ ਸਰੋਤਾਂ ਦੇ ਲੁੱਟ ਨੂੰ ਰੋਕਣਾ, ਚੰਡੀਗੜ੍ਹ ਅਤੇ ਪੰਜਾਬ ਯੂਨੀਵਰਸਿਟੀ ਨੂੰ ਖੋਹਣ ਬਾਰੇ ਭਾਜਪਾ ਤੇ ਕਾਂਗਰਸ ਦੀਆਂ ਕੇਂਦਰ ਸਰਕਾਰ ਵੱਲੋਂ ਲਗਾਤਾਰ ਰਚੀਆਂ ਜਾ ਰਹੀਆਂ ਸਾਜਿਸ਼ਾਂ ਬਾਰੇ ਵੀ ਜਾਗਰੂਕਤਾ ਇਹ ਸਭ ਮੁੱਦੇ ਪੰਜਾਬ ਸੰਭਾਲੋ ਮੁਹਿੰਮ ਤਹਿਤ ਬਸਪਾ ਲੋਕਾਂ ਵਿੱਚ ਲੈ ਕੇ ਜਾਵੇਗੀ ਅਤੇ ਇਨਾਂ ਮੁੱਦਿਆਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਲੋਕਾਂ ਦੀ ਕਚਿਹਰੀ ਵਿੱਚ ਰੱਖਿਆ ਜਾਵੇਗਾ ।

ਵਿਧਾਇਕ ਵੱਲੋਂ ਦੋ ਨਵੇਂ ਟਿਊਬਵੈੱਲਾਂ ਦਾ ਉਦਘਾਟਨ

ਜ਼ੀਰਕਪੁਰ (ਕ੍ਰਿਸ਼ਨ ਗਰਗ)- ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਨਗਰ ਕੌਂਸਲ ਦੀ ਹਦੂਦ ਅੰਦਰ ਆਉਂਦੇ ਜ਼ੀਰਕਪੁਰ ਦੇ ਬਲਟਾਣਾ ਖੇਤਰ ਦੇ ਵਾਰਡ ਨੰਬਰ 1 ਅਤੇ 5 ਵਿੱਚ 81.06 ਰੁਪਏ ਦੀ ਲਾਗਤ ਨਾਲ ਨਵੇਂ ਪਾਣੀ ਦੇ ਟਿਊਬਵੈੱਲਾਂ ਦਾ ਉਦਘਾਟਨ ਕਰਕੇ, ਇਸ ਨੂੰ ਅਧਿਕਾਰਿਤ ਤੌਰ 'ਤੇ ਇਲਾਕਾ ਵਾਸੀਆਂ ਨੂੰ ਸਮਰਪਿਤ ਕੀਤਾ। ਇਸ ਮੌਕੇ ਸ. ਰੰਧਾਵਾ ਨੇ ਕਿਹਾ ਕਿ ਜਨਹਿਤ ਨਾਲ ਜੁੜੇ ਇਹ ਵਿਕਾਸਕਾਰੀ ਕਦਮ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤੇਜ਼ੀ ਨਾਲ ਸੰਭਵ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਸਾਫ-ਸੁਥਰੇ ਤੇ ਭਰਪੂਰ ਪਾਣੀ ਦੀ ਉਪਲਬਧਤਾ ਯਕੀਨੀ ਬਣਾਉਣਾ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ, ਤਾਂ ਜੋ ਹਰ ਇਕ ਨਿਵਾਸੀ ਨੂੰ ਬਿਹਤਰ ਅਤੇ ਸੁਵਿਧਾਜਨਕ ਸਹੂਲਤਾਂ ਪ੍ਰਾਪਤ ਹੋ ਸਕਣ।ਉਨ੍ਹਾਂ ਕਿਹਾ ਕਿ ਇਹ ਨਵੇਂ ਟਿਊਬਵੈੱਲ ਜ਼ੀਰਕਪੁਰ ਦੇ ਬਲਟਾਣਾ ਇਲਾਕੇ ਦੇ ਉਨ੍ਹਾਂ ਹਿੱਸਿਆਂ ਵਿੱਚ ਲਾਏ ਗਏ ਹਨ, ਜਿੱਥੇ ਪਿਛਲੇ ਸਮੇਂ ਦੌਰਾਨ ਪਾਣੀ ਦੀ ਕਿਲਤ ਮਹਿਸੂਸ ਕੀਤੀ ਜਾ ਰਹੀ ਸੀ। ਇਸ ਪ੍ਰਾਜੈਕਟ ਦੇ ਸਾਕਾਰ ਰੂਪ ਵਿੱਚ ਆਉਣ ਨਾਲ ਸੈਂਕੜਿਆਂ ਘਰਾਂ ਨੂੰ ਸਾਫ਼ ਤੇ ਨਿਰਵਿਘਨ ਪਾਣੀ ਦੀ ਸਹੂਲਤ ਮਿਲੇਗੀ।

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ

ਜਲੰਧਰ (ਰਾਜੇਸ਼ ਥਾਪਾ)- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ 16 ਨਵੰਬਰ ਦੀ ਧੂਰੀ ਦੀ ਸਫਲ ਰੈਲੀ ਤੋਂ ਬਾਅਦ ਫਰੰਟ ਵੱਲੋਂ ਜਰਮਨਜੀਤ ਸਿੰਘ ਦੀ ਪ੍ਰਧਾਨਗੀ ਹੇਠ ਆਨ ਲਾਈਨ ਮੀਟਿੰਗ ਕੀਤੀ ਗਈ, ਜਿਸ ਵਿੱਚ ਸਤੀਸ਼ ਰਾਣਾ, ਕਰਮ ਸਿੰਘ ਧਨੋਆ, ਰਣਜੀਤ ਸਿੰਘ ਰਾਣਵਾਂ, ਧਨਵੰਤ ਸਿੰਘ ਭੱਠਲ, ਗਗਨਦੀਪ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਗੰਡੀਵਿੰਡ, ਸੁਖਦੇਵ ਸਿੰਘ ਸੈਣੀ, ਸੁਰਿੰਦਰ ਰਾਮ ਕੁੱਸਾ, ਬੀ ਐੱਸ ਸੈਣੀ, ਜਗਦੀਸ਼ ਸਿੰਘ ਚਾਹਲ, ਪ੍ਰੇਮ ਚਾਵਲਾ, ਜਸਵੀਰ ਤਲਵਾੜਾ, ਬੋਬਿੰਦਰ ਸਿੰਘ ਅਤੇ ਦਿਗਵਿਜੇ ਪਾਲ ਨੇ ਕਿਹਾ ਕਿ ਸਾਂਝੇ ਫਰੰਟ ਵੱਲੋਂ ਪੰਜਾਬ ਸਰਕਾਰ ਦੇ ਖ਼ਿਲਾਫ 16 ਨਵੰਬਰ ਨੂੰ ਧੂਰੀ ਵਿਖੇ ਵਿਸ਼ਾਲ ਰੈਲੀ ਅਤੇ ਰੋਸ ਮਾਰਚ ਕੀਤਾ ਗਿਆ ਸੀ ਜਿਸ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਭਰਪੂਰ ਸ਼ਮੂਲੀਅ

5-DEC-PAGE-10.qxd 12/4/2025 11:13 PM Page 1

ਫ਼ਰਦ ਕੇਂਦਰ ਮੁਲਾਜ਼ਮਾਂ ਨੇ ਮੰਗਾਂ ਸੰਬੰਧੀ ਨਾਇਬ ਤਹਿਸੀਲਦਾਰ ਨੂੰ ਦਿੱਤਾ ਮੰਗ ਪੱਤਰ

ਨਾਭਾ (ਵਰਿੰਦਰ ਵਰਮਾ)-ਲੰਮੇ ਸਮੇਂ ਤੋਂ ਆਪਣੀਆਂ ਜਾਇਜ਼ ਮੰਗਾਂ ਮਨਵਾਉਣ ਲਈ ਸੰਘਰਸ਼ ਕਰ ਰਹੇ ਫ਼ਰਦ ਕੇਂਦਰਾਂ ਦੇ ਡਾਟਾ ਐਂਟਰੀ ਅਪਰੇਟਰਾਂ ਨੇ ਸਰਕਾਰ ਵੱਲੋਂ ਬੇਪਰਵਾਹੀ ਤੇ ਸੁਣਵਾਈ ਨਾ ਹੋਣ ਦੇ ਰੋਸ ਵਜੋਂ ਕਾਲੇ ਬੈਜ ਲਗਾ ਕੇ ਕਾਲਾ ਦਿਨ ਮਨਾਇਆ ।ਮੁਲਾਜ਼ਮ ਸੁਪਰਵਾਈਜ਼ਰ ਹਰਸਿਮਰਨਜੀਤ ਸਿੰਘ, ਪਰਮਿੰਦਰ ਕੁਮਾਰ, ਅਸ਼ਵਨੀ ਕੁਮਾਰ, ਖੁਸ਼ਪ੍ਰੀਤ ਸ਼ਰਮਾ ਅਤੇ ਮੈਡਮ ਅੰਜੂ ਰਾਣਾ ਨੇ ਦੱਸਿਆ ਕਿ ਸਰਕਾਰ ਨੂੰ ਆਪਣੀਆਂ ਮੰਗਾਂ ਦੀ ਗੰਭੀਰਤਾ ਦੱਸਣ ਲਈ ਰੋਸ ਦੀ ਕੜੀ ਹੋਰ ਅੱਗੇ ਵਧਾਈ ਜਾ ਰਹੀ ਹੈ। ਇਸ ਤਹਿਤ 4 ਦਸੰਬਰ ਤੱਕ ਹੜਤਾਲ ਜਾਰੀ ਰਹੇਗੀ ਉਨ੍ਹਾਂ ਦੱਸਿਆ ਕਿ ਬੁੱਧਵਾਰ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਕਲਮ ਛੱਡੋ ਹੜਤਾਲ ਕੀਤੀ ਜਾਵੇਗੀ।ਮੁਲਾਜ਼ਮਾਂ ਨੇ ਕਿਹਾ ਕਿ ਉਹ ਕਾਫੀ ਸਮੇਂ ਤੋਂ ਸਥਾਈ ਰੋਜ਼ਗਾਰ, ਉਜਰਤ ਕਾਨੂੰਨ ਅਧੀਨ ਤਨਖ਼ਾਹ ਲਈ ਲੜ ਰਹੇ ਹਨ, ਜਦ ਕਿ ਤਿੰਨ ਚਾਰ ਮਹੀਨੇ ਤੋਂ ਮੁਲਾਜ਼ਮਾ ਨੂੰ ਤਨਖਾਹਾਂ ਨਹੀਂ ਦਿੱਤੀਆਂ ਗਈਆਂ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਜਿਸ ਦੀ ਜਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ।ਮੁਲਾਜ਼ਮਾਂ ਵੱਲੋਂ ਆਪਣੀਆਂ ਮੰਗਾਂ ਸਬੰਧੀ ਨਾਇਬ ਤਹਸੀਲਦਾਰ ਅੰਕੁਸ਼ ਕੁਮਾਰ ਨੂੰ ਸੂਬਾ ਸਰਕਾਰ ਦੇ ਨਾਮ ਮੰਗ ਪੱਤਰ ਵੀ ਦਿੱਤਾ ਗਿਆ।

ਸੀਵਰੇਜ ਬੋਰਡ ਦੇ ਠੇਕਾ ਮੁਲਾਜ਼ਮਾਂ ਵੱਲੋਂ ਹੜਤਾਲ

ਲੌਂਗੋਵਾਲ (ਪ੍ਰਦੀਪ ਸੱਪਲ)-ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ (ਪੰਜਾਬ) ਦੇ ਬੈਨਰ ਹੇਠ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਇੰਪਲਾਈਜ ਕੰਟਰੈਕਟ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਸ਼ੇਰ ਸਿੰਘ ਖੰਨਾ ਦੀ ਅਗਵਾਈ ਹੇਠ ਜਿੱਥੇ ਪੂਰੇ ਪੰਜਾਬ ਵਿੱਚ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਕਾਮੇ ਤਿੰਨ ਦਿਨਾਂ ਹੜਤਾਲ 'ਤੇ ਚਲੇ ਗਏ ਹਨ ਉੱਥੇ ਹੀ ਲੌਂਗੋਵਾਲ, ਚੀਮਾ, ਦਿੜਬਾ, ਖਨੌਰੀ, ਲਹਿਰਾ ਆਦਿ ਸਟੇਸ਼ਨਾਂ ਤੇ ਦਿਨ ਰਾਤ ਦੀ ਹੜਤਾਲ ਜਾਰੀ ਹੈ।ਬੁਲਾਰਿਆਂ ਨੇ ਕਿਹਾ ਕਿ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਠੇਕੇਦਾਰਾਂ , ਕੰਪਨੀਆਂ, ਸੋਸਾਇਟੀਆਂ ਆਦਿ ਰਾਹੀਂ ਕੰਮ ਕਰਦੇ ਠੇਕਾ ਆਧਾਰਿਤ ਕਾਮਿਆਂ ਨੂੰ ਵਿਭਾਗ ਵਿੱਚ ਮਰਜ ਕਰਕੇ ਰੈਗੂਲਰ ਕੀਤਾ ਜਾਵੇ ਅਤੇ ਉਹਨਾਂ ਨੂੰ ਗੁਜ਼ਾਰੇ ਜੋਗੀ ਤਨਖਾਹ ਦਿੱਤੀ ਜਾਵੇ। ਉਹਨਾਂ ਕਿਹਾ ਕਿ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਆਪ ਸਰਕਾਰ ਨੇ ਆਪਣੇ ਕਾਰਕਕਾਲ ਦੇ ਪੌਣੇ ਚਾਰ ਸਾਲਾਂ ਵਿੱਚ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਸੰਬੰਧੀ ਹਾਲੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ। ਇਸ ਮੌਕੇ ਭੁਪਿੰਦਰ ਸਿੰਘ ਲੌਂਗੋਵਾਲ, ਜਗਧੀਰ ਸਿੰਘ, ਗੁਰਦਾਸ ਸਿੰਘ, ਦਰਸ਼ਨ ਸਿੰਘ, ਬਲਵੰਤ ਸਿੰਘ, ਗੁਰਮੇਲ ਸਿੰਘ ਆਦਿ ਹਾਜ਼ਰ ਸਨ।

ਸਿਵਲ ਸਰਜਨ ਵੱਲੋਂ ਆਮ ਆਦਮੀ ਕਲੀਨਿਕ ਦਾ ਦੌਰਾ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਸਿਵਲ ਸਰਜਨ ਡਾ. ਤਪਿੰਦਰਜੋਤ ਨੇ ਆਮ ਆਦਮੀ ਕਲੀਨਿਕ ਪਰਸਰਾਮ ਨਗਰ ਦਾ ਦੌਰਾ ਕੀਤਾ।ਇਸ ਦੌਰਾਨ ਉਨ੍ਹਾਂ ਵੱਲੋਂ ਓ ਪੀ ਡੀ, ਦੰਦ ਵਿਭਾਗ ਦਾ ਨਿਰੀਖਣ ਕਰਕੇ ਮਰੀਜ਼ਾਂ ਨੂੰ ਮਿਲ ਰਹੀਆਂ ਸਿਹਤ ਸੇਵਾਵਾਂ ਦੀ ਜਾਂਚ ਕੀਤੀ। ਇਸ ਮੌਕੇ ਮਰੀਜ਼ਾਂ ਨੂੰ ਦਿੱਤੀਆਂ ਜਾਂਦੀਆਂ ਸਿਹਤ ਸੇਵਾਵਾਂ ਨੂੰ ਟੋਕਨ ਸਿਸਟਮ ਰਾਂਹੀ ਦੇਰੀ ਰਹਿਤ ਸਿਹਤ ਸੇਵਾਵਾਂ, ਡਿਊਟੀ ਰੋਸਟਰ, ਦਵਾਈ ਵੰਡ ਪ੍ਰਣਾਲੀ, ਟੈਸਟਾਂ ਦੀ ਉਪਲਬਤਾ ਅਤੇ ਸੰਸਥਾ ਵਿਖੇ ਸਾਫ-ਸਫ਼ਾਈ ਦੀ ਜਾਂਚ ਵੀ ਕੀਤੀ।ਇਸ ਦੌਰਾਨ ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਿਹਤ ਸੇਵਾਵਾਂ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਸਾਰੇ ਡਾਕਟਰਾਂ ਅਤੇ ਸਟਾਫ਼ ਨੂੰ ਹਦਾਇਤ ਕੀਤੀ ਗਈ ਹੈ ਅਤੇ ਆਮ ਆਦਮੀ ਕਲੀਨਿਕ ਵਿੱਚ ਆਏ ਮਰੀਜਾਂ ਤੋਂ ਟੈਲੀਫੋਨ ਰਾਹੀਂ ਸਿਹਤ ਸੇਵਾਵਾਂ ਸਬੰਧੀ ਜਾਣਕਾਰੀ ਲਈ ਗਈ।

ਪੈਨਸ਼ਨਰਾਂ ਦੀ ਸਹੂਲਤ ਲਈ ਭਲਕ ਤੱਕ ਲੱਗੇਗਾ ਪੈਨਸ਼ਨ ਸੇਵਾ ਕੈਂਪ

ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਫੈਡਸਨ ਦੇ ਉਪ ਪ੍ਰਧਾਨ ਅਤੇ ਕੌਂਸਲ ਮੋਗਾ ਦੇ ਪ੍ਰਧਾਨ ਸਰਦਾਰੀ ਲਾਲ ਕਾਮਰਾ ਨੇ ਜ਼ਿਲ੍ਹਾ ਖਜ਼ਾਨਾ ਅਫਸਰ ਵੱਲੋਂ ਦਿਤੀ ਜਾਣਕਾਰੀ ਅਨੁਸਾਰ ਦੱਸਿਆ ਕਿ ਮੋਗਾ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ 9000 ਪੈਨਸ਼ਨਰਾਂ ਵਿੱਚੋਂ ਬਹੁਤੇ ਪੈਨਸ਼ਨਰਾਂ ਦਾ ਈ.ਕੇ.ਵਾਈ. ਸੀ.ਪੋਰਟ ਇਸ ਸਬੰਧੀ ਪੰਜਾਬ ਸਰਕਾਰ ਦੇ ਵਿੱਤ ਵਿਭਾਗ ਵਲੋਂ ਪੈਨਸ਼ਨਰਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ 4 ਤੋਂ 6 ਦਸੰਬਰ ਤੱਕ 'ਪੈਨਸ਼ਨ ਸੇਵਾ ਕੈਂਪ' ਦਫ਼ਤਰ ਜਿਲ੍ਹਾ ਖਜ਼ਾਨਾ ਅਫਸਰ, ਮੋਗਾ ਤੇ ਉਪ ਖ਼ਜ਼ਾਨਾ ਦਫਤਰ ਧਰਮਕੋਟ ਤੇ ਨਿਹਾਲ ਸਿੰਘ ਵਾਲਾ ਵਿਖੇ ਸਮਾਂ ਸਵੇਰ 9 ਤੋਂ ਸ਼ਾਮ 5 ਵਜੇ ਤੱਕ ਲੱਗੇਗਾ।ਇਸ ਸਬੰਧੀ ਰਹਿੰਦੇ ਪੈਨਸ਼ਨਰਾਂ/ਫੈਮਲੀ ਪੈਨਸ਼ਨਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਅਪਣਾ ਅਧਾਰ ਕਾਰਡ, ਪੈਨਸ਼ਨ ਬੁਕ, ਬੈਂਕ ਪਾਸ ਬੁੱਕ ਤੇ ਮੋਬਾਈਲ ਜੋ ਅਧਾਰ ਕਾਰਡ ਨਾਲ ਜੁੜਿਆ ਹੋਵੇ, ਲੈ ਕੇ ਉਕਤ ਦਫ਼ਤਰ ਵਿਖੇ ਹਾਜ਼ਰ ਹੋ ਕੇ ਅਪਣਾ ਈ.ਕੇ. ਵਾਈ.ਸੀ ਪੋਰਟਲ ਤੇ ਰਜਿਸਟਰਡ ਕਰਾਉਣ।ਉਨ੍ਹਾਂ ਆਖਿਆ ਕਿ ਉਕਤ ਕੰਮ ਲਈ ਸਮੂਹ ਸਟਾਫ ਹਾਜਰ ਰਹੇਗਾ।ਉਪਰੰਤ ਜੀਵਨ ਪ੍ਰਮਾਣ ਪੱਤਰ ਡਿਜ਼ੀਟਲ ਕਰਨ ਦਾ ਕੰਮ ਦਫ਼ਤਰ ਸਿਟੀਜਨ ਕੌਂਸਲ (ਰਿਟਾਇਰਡ ਕਰਮਚਾਰੀ) ਮੋਗਾ ਰਜਿ.ਨੰ 96 ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਰੌਂਡ ਕਰਾਸ ਡੇ ਕੇਅਰ ਸੈਂਟਰ ਜੇਹਲਮ ਬਲਾਕ ਵਿਖੇ ਹਾਜਰ ਕੌਂਸਲ ਮੈਂਬਰਾਂ ਵੱਲੋਂ ਸੇਵਾ ਭਾਵਨਾ ਵਜੋਂ ਫ੍ਰੀ ਕੀਤਾ ਜਾਵੇਗਾ, ਕਿਉਂਕਿ ਕੌਂਸਲ ਪਹਿਲਾਂ ਹੀ ਬੀਮਾਰ, ਦਿਵਿਯਾਂਗ, ਲਾਚਾਰ ਤੇ ਦਫਤਰ ਆਉਣ ਤੋਂ ਅਸਮਰੱਥ ਪੈਨਸ਼ਨਰਾਂ ਦਾ ਘਰ-ਘਰ ਜਾਕੇ ਡਿਜੀਟਲ ਪ੍ਰਮਾਣ ਪੱਤਰ ਤਿਆਰ ਕਰ ਰਹੀ ਹੈ ਜੋਕਿ ਅਗਲੇ ਹੁਕਮਾਂ ਤਕ ਜਾਰੀ ਰਹੇਗਾ।

ਸਾਬਕਾ ਵਿਧਾਇਕ ਲੱਖਾ ਦੀ ਅਗਵਾਈ 'ਚ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਦੀਆਂ ਮੀਟਿੰਗਾਂ

ਦੋਰਾਹਾ (ਹਰਮਿੰਦਰ ਸੇਠ)-ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਹਲਕੇ ਦੇ ਵੱਖ-ਵੱਖ ਬਲਾਕ ਸੰਮਤੀ ਜ਼ੋਨਾਂ ਵਿੱਚ ਕਾਂਗਰਸ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਖੰਨਾ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਤੇ ਹਲਕਾ ਪਾਇਲ ਕੋਆਡੀਨੇਟਰ ਚੇਅਰਮੈਨ ਬੰਤ ਸਿੰਘ ਦੋਬੁਰਜੀ ਦੀ ਯੋਗ ਅਗਵਾਈ ਵਿੱਚ ਹਲਕਾ ਪਾਇਲ ਦੇ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ।ਇਨ੍ਹਾਂ ਮੀਟਿੰਗਾਂ ਦੌਰਾਨ ਬਲਾਕ ਸੰਮਤੀ ਜ਼ੋਨ ਘੁਡਾਣੀ ਕਲਾਂ, ਬਿਲਾਸਪੁਰ, ਰੌਣੀ, ਕੂਹਲੀ ਕਲਾਂ ਅਤੇ ਬੇਗੋਵਾਲ ਵਿੱਚ ਪਾਰਟੀ ਵੱਲੋਂ ਅਧਿਕਾਰਿਕ ਤੌਰ 'ਤੇ ਉਮੀਦਵਾਰ ਖੜੇ ਕਰ ਦਿੱਤੇ ਗਏ।ਪਾਰਟੀ ਦੀ ਲੀਡਰਸ਼ਿਪ ਨੇ ਇਸ ਮੌਕੇ ਵਰਕਰਾਂ ਨੂੰ ਚੋਣ ਸਮਰਥਨ ਕਾਰਜਾਂ ਨੂੰ ਹੋਰ ਤੀਬਰ ਕਰਨ ਲਈ ਪ੍ਰੇਰਿਤ ਕੀਤਾ।ਜ਼ਿਲ੍ਹਾ ਪ੍ਰਧਾਨ ਖੰਨਾ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਨੇ ਕਿਹਾ ਕਿ ਵਰਕਰਾਂ ਵਿੱਚ ਵੇਖਿਆ ਗਿਆ ਉਤਸ਼ਾਹ ਅਤੇ ਜੋਸ਼ ਸਪਸ਼ਟ ਸੰਕੇਤ ਦਿੰਦਾ ਹੈ ਕਿ ਹਲਕਾ ਪਾਇਲ ਵਿੱਚ ਕਾਂਗਰਸ ਪਾਰਟੀ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਸ਼ਾਨਦਾਰ ਜਿੱਤ ਦਰਜ ਕਰਨ ਲਈ ਮਜ਼ਬੂਤ ਦਾਅਵੇਦਾਰ ਬਣ ਚੁੱਕੀ ਹੈ।ਪਾਰਟੀ ਅਗੂਆਂ ਨੇ ਦਾਅਵਾ ਕੀਤਾ ਕਿ ਲੋਕਾਂ ਦਾ ਭਰੋਸਾ ਅਤੇ ਵਰਕਰਾਂ ਦੀ ਮੁਹਿਮ ਕਾਂਗਰਸ ਨੂੰ ਚੋਣ 'ਚ ਮਜ਼ਬੂਤੀ ਦੇਣਗੇ।ਇਸ ਮੌਕੇ ਹਲਕਾ ਪਾਇਲ ਦੇ ਵੱਖ ਵੱਖ ਪਿੰਡਾਂ ਦੇ ਪੰਚ ਸਰਪੰਚ ਤੇ ਕਾਂਗਰਸ ਦੇ ਆਗੂ ਮੌਜੂਦ ਸਨ

ਸਕੂਲ ਸੇਫ਼ ਵਾਹਨ ਨੀਤੀ ਤਹਿਤ ਲਹਿਰਾਗਾਗਾ 'ਚ ਚਲਾਈ ਚੈਕਿੰਗ ਮੁਹਿਮ

ਲਹਿਰਾ/ਸੰਗਰੂਰ (ਪ੍ਰਵੀਨ ਸਿੰਘ)-ਸੰਗਰੂਰ ਜ਼ਿਲ੍ਹੇ ਵਿੱਚ ਸੇਫ਼ ਸਕੂਲ ਵਾਹਨ ਪਾਲਿਸੀ ਦੇ ਤਹਿਤ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਾਕ ਲਹਿਰਾਗਾਗਾ ਵਿੱਚ ਵੱਖ-ਵੱਖ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੀ ਜਾਂਚ ਕੀਤੀ ਗਈ। ਇਸ ਚੈਕਿੰਗ ਵਿੱਚ ਸਿੱਖਿਆ ਵਿਭਾਗ, ਪੁਲਸ ਵਿਭਾਗ, ਸਿਹਤ, ਚਾਈਲਡ ਪ੍ਰੋਟੈਕਸ਼ਨ ਯੂਨਿਟ ਅਤੇ ਸੋਸ਼ਲ ਵੈਲਫੇਅਰ ਵਿਭਾਗ ਦੇ ਅਧਿਕਾਰੀ ਸ਼ਾਮਲ ਰਹੇ।ਜਾਂਚ ਦੌਰਾਨ ਸਕੂਲ ਵਾਹਨਾਂ ਦੀ ਸੁਰੱਖਿਆ, ਫਿਟਨੈੱਸ ਸਰਟੀਫਿਕੇਟ, ਡਰਾਈਵਰਾਂ ਦੇ ਲਾਈਸੈਂਸ, ਬੱਸਾਂ ਵਿੱਚ ਸੀ.ਸੀ.ਟੀ.ਵੀ. ਕੈਮਰੇ, ਫਸਟ ਐਡ ਬਾਕਸ, ਫਾਇਰ ਐਕਸਟਿੰਗੁਸ਼ਰ ਅਤੇ ਸਹਾਇਕ ਸਟਾਫ਼ ਦੀ ਹਾਜ਼ਰੀ, ਰਜਿਸਟਰ, ਸੀ.ਸੀ.ਟੀ.ਵੀ. ਨਿਗਰਾਨੀ ਅਤੇ ਸੇਫ਼ਟੀ ਪ੍ਰੋਟੋਕੋਲ, ਸਟਾਫ਼ ਅਤੇ ਹੋਰ ਕਰਮਚਾਰੀਆਂ ਦੀ ਪੁਲਸ ਵੈਰੀਫਿਕੇਸ਼ਨ ਸਬੰਧੀ ਚੈਕਿੰਗ ਕੀਤੀ ਗਈ।ਚੈਕਿੰਗ ਦੌਰਾਨ ਕੁਝ ਸਕੂਲਾਂ ਵਿੱਚ ਪ੍ਰਬੰਧ ਠੀਕ ਪਾਏ ਗਏ, ਜਦਕਿ ਕੁਝ ਥਾਵਾਂ 'ਤੇ ਕਮੀਆਂ ਮਿਲਣ 'ਤੇ ਨਿਯਮਾਂ ਦੀ ਉਲੰਘਣਾ ਮਿਲਣ 'ਤੇ 6 ਬੱਸਾਂ ਦੇ ਚਲਾਨ ਕੀਤੇ ਗਏ ਅਤੇ ਤੁਰੰਤ ਸੁਧਾਰ ਕਰਨ ਲਈ ਨਿਰਦੇਸ਼ ਜਾਰੀ ਕੀਤੇ ਗਏ।ਟੀਮ ਨੇ ਸਕੂਲ ਪ੍ਰਬੰਧਕਾਂ ਨੂੰ ਸਖ਼ਤ ਹਦਾਇਤ ਕੀਤੀ ਕਿ ਬੱਚਿਆਂ ਦੀ ਸੁਰੱਖਿਆ ਨਾਲ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮੁਹਿਮ ਵਿੱਚ ਸਿੱਖਿਆ ਵਿਭਾਗ ਤੋਂ ਵਿਜੇ ਕੁਮਾਰ, ਪੁਲਸ ਵਿਭਾਗ ਤੋਂ ਏ.ਐਸ.ਆਈ. ਬਲਵਿੰਦਰ ਸਿੰਘ, ਏ.ਐਸ.ਆਈ. ਰਾਮ ਪ੍ਰਤਾਪ, ਆਊਟਰੀਚ ਵਰਕਰ-ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਸੰਗਰੂਰ ਰੁਪਿੰਦਰ ਸਿੰਘ, ਅਮਨਦੀਪ ਸਿੰਘ ਦੀ ਟੀਮ ਵੱਲੋਂ ਹਿੱਸਾ ਲਿਆ ਗਿਆ। ਟੀਮ ਨੇ ਕਿਹਾ ਕਿ ਸੇਫ਼ ਸਕੂਲ ਮੁਹਿਮ ਤਹਿਤ ਲਹਿਰਾਗਾਗਾ ਬਲਾਕ ਵਿੱਚ ਚੈਕਿੰਗ ਮੁਹਿਮ ਜਾਰੀ ਰਹੇਗੀ ਤਾਂ ਜੋ ਹਰ ਬੱਚੇ ਨੂੰ ਸੁਰੱਖਿਅਤ ਅਤੇ ਸਿਹਤਮੰਦ ਵਾਤਾਵਰਣ ਮਿਲ ਸਕੇ।

ਪਾਵਰ ਇੰਜੀਨੀਅਰਾਂ ਦਾ ਪਟਿਆਲਾ 'ਚ ਸ਼ਕਤੀ ਪ੍ਰਦਰਸ਼ਨ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਏਕਤਾ ਤੇ ਸ਼ਕਤੀ ਦਾ ਪ੍ਰਦਰਸ਼ਨ ਕਰਦਿਆਂ ਪਾਵਰ ਇੰਜੀਨੀਅਰਾਂ ਨੇ ਰਾਜ ਦੇ ਬਿਜਲੀ ਖੇਤਰ ਦੀਆਂ ਜਾਇਦਾਦਾਂ ਦੀ ਰੱਖਿਆ ਲਈ ਮਤੇ ਪਾਸ ਕਰਨ ਦੇ ਨਾਲ ਸਿਆਸੀ ਦਖ਼ਲਅੰਦਾਜ਼ੀ ਦੀ ਨਿੰਦਾ ਕੀਤੀ ਅਤੇ ਅੰਦੋਲਨ ਨੂੰ ਤੇਜ਼ ਕਰਨ ਦਾ ਐਲਾਨ ਕਰ ਦਿੱਤਾ ਹੈ। ਪੀਐੱਸਪੀਸੀਐੱਲ, ਪੀਐੱਸਟੀਸੀਐੱਲ ਤੇ ਬੀਬੀਐੱਮਬੀ ਦੇ ਮੁੱਖ ਇੰਜੀਨੀਅਰਾਂ ਤੋਂ ਲੈ ਕੇ ਸਹਾਇਕ ਇੰਜੀਨੀਅਰਾਂ ਤੱਕ ਦੇ ਹਜ਼ਾਰ ਤੋਂ ਵੱਧ ਬਿਜਲੀ ਖੇਤਰ ਦੇ ਇੰਜੀਨੀਅਰ, ਸੇਵਾਮੁਕਤ ਸੀਨੀਅਰ ਅਧਿਕਾਰੀਆਂ ਅਤੇ ਵੱਖ-ਵੱਖ ਕਰਮਚਾਰੀ ਤੇ ਅਧਿਕਾਰੀ ਯੂਨੀਅਨਾਂ ਦੇ ਨੁਮਾਇੰਦਿਆਂ ਦੀ ਪਟਿਆਲਾ 'ਚ ਇਕ ਸੂਬਾ ਪੱਧਰੀ ਵਿਰੋਧ ਮੀਟਿੰਗ ਲਈ ਇਕੱਠੇ ਹੋਏ। ਇਹ ਸੂਬਾ ਪੱਧਰੀ ਮੀਟਿੰਗ ਪੀਐੱਸਈਬੀ ਇੰਜੀਨੀਅਰਜ਼ ਐਸੋਸੀਏਸ਼ਨ ਵੱਲੋਂ 'ਪੰਜਾਬ ਦੇ ਬਿਜਲੀ ਖੇਤਰ ਦੀ ਸਥਿਰਤਾ ਤੇ ਖੁਦਮੁਖਤਿਆਰੀ ਲਈ ਗੰਭੀਰ' ਵਿਸ਼ੇ ਉੱਪਰ ਅਤੇ ਖਾਸ ਤੌਰ ਤੇ ਹਾਲ ਹੀ 'ਚ ਹੋਈਆਂ ਕਾਰਵਾਈਆਂ ਅਤੇ ਵਧ ਰਹੀ ਰਾਜਨੀਤਿਕ ਦਖਲਅੰਦਾਜ਼ੀ ਦੀ ਨਿੰਦਾ ਕਰਦੇ ਹੋਏ ਬੁਲਾਈ ਗਈ ਸੀ। ਇੰਜੀਨੀਅਰਜ਼ ਐਸੋਸੀਏਸ਼ਨ ਦੇ ਪ੍ਰਧਾਨ ਇੰਜੀਨੀਅਰ ਜਸਵੀਰ ਧੀਮਾਨ ਨੇ ਕਿਹਾ ਕਿ ਇੰਜੀਨੀਅਰਾਂ ਦਾ ਇਹ ਵੱਡਾ ਇਕੱਠ ਜਨਤਕ ਖੇਤਰ ਦੇ ਅਦਾਰਿਆਂ ਦੀ ਰੱਖਿਆ ਲਈ ਬਿਜਲੀ ਭਾਈਚਾਰੇ ਦੇ ਸਮੂਹਿਕ ਸੰਕਲਪ ਨੂੰ ਦਰਸਾਉਂਦਾ ਹੈ। ਉਨ੍ਹਾਂ ਐਲਾਨ ਕੀਤਾ ਕਿ ਜੇਕਰ ਇਨ੍ਹਾਂ ਮਤਿਆਂ ਤੇ ਤੁਰੰਤ ਕਾਰਵਾਈ ਨਹੀਂ ਕੀਤੀ ਗਈ ਤਾਂ ਇੰਜੀਨੀਅਰ ਆਪਣੇ ਅੰਦੋਲਨ ਨੂੰ ਹੋਰ ਤੇਜ਼ ਕਰਨਗੇ। ਇੰਜੀਨੀਅਰ ਤੇ ਕਰਮਚਾਰੀ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਲਈ ਵਚਨਬੱਧ ਹਨ, ਪਰ ਅਸੀਂ ਗ਼ੈਰ-ਤਕਨੀਕੀ, ਸਿਆਸੀ ਤੌਰ ਤੇ ਪ੍ਰੇਰਿਤ ਫ਼ੈਸਲਿਆਂ ਰਾਹੀਂ ਬਿਜਲੀ ਖੇਤਰ ਦੇ ਭਵਿੱਖ ਨੂੰ ਖਤਰੇ ਵਿੱਚ ਨਹੀਂ ਪਾਉਣ ਦੇਵਾਂਗੇ। ਇੰਜੀਨੀਅਰ ਧੀਮਾਨ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਬਿਜਲੀ ਖੇਤਰ ਦੀ ਸਥਿਰਤਾ ਅਤੇ ਪੇਸ਼ੇਵਰ ਖੁਦਮੁਖਤਿਆਰੀ ਨੂੰ ਬਹਾਲ ਕਰਨ ਲਈ ਤੁਰੰਤ ਦਖਲ ਦੇਣ ਦੀ ਅਪੀਲ ਕੀਤੀ। ਇਕੱਠੇ ਹੋਏ ਇੰਜੀਨੀਅਰਾਂ ਨੇ ਬਿਜਲੀ ਮੰਤਰੀ ਸੰਜੀਵ ਅਰੋੜਾ ਦੀਆਂ ਹਾਲੀਆ ਕਾਰਵਾਈਆਂ ਦੀ ਸਰਬਸੰਮਤੀ ਨਾਲ ਸਖ਼ਤ ਨਿੰਦਾ ਕੀਤੀ। ਇਸ ਮੌਕੇ ਖਾਸ ਤੌਰ ਤੇ ਬਿਜਲੀ ਖੇਤਰ ਦੀਆਂ ਜਾਇਦਾਦਾਂ ਤੇ ਸੰਪਤੀਆਂ ਨੂੰ ਵੇਚਣ ਦੇ ਕਦਮ, ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਲਾਂਟ, ਰੋਪੜ ਵਿਖੇ ਦੋ 800 ਮੈਗਾਵਾਟ ਯੂਨਿਟਾਂ ਦੀ ਪ੍ਰਕਿਰਿਆ 'ਚ ਪੈਦਾ ਕੀਤੀਆਂ ਜਾ ਰਹੀਆਂ ਰੁਕਾਵਟਾਂ ਅਤੇ ਨਾਜਾਇ

5-Dec-PAGE-11-Dec-25.qxd 12/4/2025 11:29 PM Page 1

ਸੀ ਪੀ ਆਈ ਦਾ ਬਲਾਕ ਅਜਲਾਸ : ਕਾਰਜ ਕੈਰੋਂ ਸਕੱਤਰ ਤੇ ਜਸਬੀਰ ਜੌਣੇਕੇ ਤੇ ਜੈਮਲ ਬਾਠ ਮੀਤ ਸਕੱਤਰ

ਮਿਹਨਤਕਸ਼ ਲੋਕਾਂ ਨੂੰ ਸੰਘਰਸ਼ਸ਼ੀਲ ਹੋਣ ਦੀ ਲੋੜ : ਦੇਵੀ ਕੁਮਾਰੀ, ਬਲਕਾਰ ਵਲਟੋਹਾ

ਝਬਾਲ (ਹਰਜਿੰਦਰ ਸਿੰਘ ਸੋਨੀ)ਅੱਜ ਭਾਰਤੀ ਕਮਿਊਨਿਸਟ ਪਾਰਟੀ ਬਲਾਕ ਪੱਟੀ ਦਾ ਡੈਲੀਗੇਟ ਇਜਲਾਸ ਜਸਬੀਰ ਸਿੰਘ ਜਿਉਂਣੇਕੇ ਤੇ ਬਲਕਾਰ ਸਿੰਘ ਪੱਟੀ ਦੀ ਪ੍ਰਧਾਨਗੀ ਹੇਠ ਸਥਾਨਕ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਹੋਇਆ। ਜ਼ਿਲ੍ਹਾ ਪਾਰਟੀ ਵੱਲੋਂ ਕਾਮਰੇਡ ਦੇਵੀ ਕੁਮਾਰੀ ਤੇ ਬਲਕਾਰ ਸਿੰਘ ਵਲਟੋਹਾ ਬਤੌਰ ਨਿਗਰਾਨ ਸ਼ਾਮਲ ਹੋਏ। ਐਕਟਿੰਗ ਸਕੱਤਰ ਕਾਰਜ ਸਿੰਘ ਕੈਰੋਂ ਨੇ ਬਲਾਕ ਯੂਨਿਟ ਵੱਲੋਂ ਕੀਤੀਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ।ਕੁੱਝ ਡੈਲੀਗੇਟਾਂ ਵੱਲੋਂ ਵਿਚਾਰ ਵਟਾਂਦਰਾ ਕਰਨ ਉਪਰੰਤ ਰਿਪੋਰਟ ਪਾਸ ਕਰ ਦਿੱਤੀ ਗਈ।ਇਸ ਮੌਕੇ ਇਜਲਾਸ ਦਾ ਉਦਘਾਟਨ ਕਰਦਿਆਂ ਕਾਮਰੇਡ ਦੇਵੀ ਕੁਮਾਰੀ ਨੇ ਦੱਸਿਆ ਕਿ ਭਾਰਤੀ ਕਮਿਊਨਿਸਟ ਪਾਰਟੀ ਹੀ ਮਿਹਨਤਕਸ਼ ਲੋਕਾਂ ਦੇ ਹੱਕ ਦਿਵਾਉਣ ਲਈ ਹਮੇਸ਼ਾਂ ਸੰਘਰਸ਼ ਸ਼ੀਲ ਰਹੀ ਹੈ।ਅੱਜ ਵੀ ਸਮੇਂ ਦੀਆਂ ਸਰਕਾਰਾਂ ਕਾਰਪੋਰੇਟ ਘਰਾਣਿਆਂ ਦੇ ਹਿੱਤ ਪੂਰ ਰਹੀਆਂ ਹਨ ਤੇ ਮਿਹਨਤਕਸ਼ ਜਨਤਾ ਵਿਰੁੱਧ ਕਾਨੂੰਨ ਪਾਸ ਕਰ ਰਹੀਆਂ ਹਨ। ਇਸ ਮੌਕੇ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਅੱਜ ਮਜ਼ਦੂਰ ਤੇ ਕਿਸਾਨ ਸਮੇਤ ਹੋਰ ਮਿਹਨਤਕਸ਼ ਲੋਕਾਂ ਨੂੰ ਕਾਰਪੋਰੇਟ ਘਰਾਣਿਆਂ ਦੀਆਂ ਸਰਕਾਰਾਂ ਵਿਰੁੱਧ ਵੱਡਾ ਸੰਘਰਸ਼ ਕਰਨ ਦੀ ਲੋੜ ਹੈ। ਮੌਜੂਦਾ ਸਰਕਾਰਾਂ ਧਰਮ ਜਾਤ ਦੇ ਨਾਂ ਤੇ ਲੋਕਾਂ ਨੂੰ ਆਪਸੀ ਨਫ਼ਰਤ ਦਾ ਪਾਠ ਪੜ੍ਹਾ ਰਹੀਆਂ ਹਨ। ਇਸ ਮੌਕੇ ਬਾਕੀ ਕਾਰਵਾਈ ਕਰਨ ਉਪਰੰਤ ਨਵੀਂ ਇਲਾਕਾ ਕਮੇਟੀ ਦੀ ਚੋਣ ਉਪਰੰਤ ਕਾਰਜ ਸਿੰਘ ਕੈਰੋਂ ਨੂੰ ਬਲਾਕ ਸਕੱਤਰ ਤੇ ਜਸਬੀਰ ਸਿੰਘ ਜਿਉਂਣੇਕੇ ਤੇ ਜੈਮਲ ਸਿੰਘ ਬਾਠ ਨੂੰ ਮੀਤ ਸਕੱਤਰ ਚੁਣਿਆਂ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਛਪਾਲ ਸਿੰਘ ਬਾਠ, ਕੁਲਵੰਤ ਸਿੰਘ ਜਿੰਦਾਵਾਲ, ਗੁਰਮੀਤ ਸਿੰਘ ਪੱਟੀ, ਗੁਰਦਿਆਲ ਸਿੰਘ ਵਰਨਾਲਾ, ਪੱਪਾ ਮਸੀਹ, ਹਰਦੇਵ ਸਿੰਘ ਬੁਰਜ, ਕੁਲਦੀਪ ਸਿੰਘ ਬੂਹ, ਜਸਪਾਲ ਚੂਸਲੇਵੜ੍ਹ,ਮੇਜਰ ਸਿੰਘ ਹਰੀਕੇ, ਹਰਦੀਪ ਸਿੰਘ ਪੱਟੀ, ਰੇਸ਼ਮ ਸਿੰਘ ਜਿੰਦਾਵਾਲ, ਸੁਖਦੇਵ ਸਿੰਘ ਬੁਰਜ,ਬਲਦੇਵ ਸਿੰਘ ਹਾਜ਼ਰ ਸਨ।

ਬਿਜਲੀ ਸੋਧ ਬਿੱਲ-2025 ਵਿਰੁੱਧ ਕਿਸਾਨਾਂ-ਮਜ਼ਦੂਰਾਂ ਤੇ ਬਿਜਲੀ ਕਾਮਿਆਂ ਵੱਲੋਂ 8 ਨੂੰ ਦਿੱਤੇ ਜਾਣਗੇ ਵਿਸ਼ਾਲ ਧਰਨੇ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸੰਯੁਕਤ ਕਿਸਾਨ ਮੋਰਚੇ, ਪਾਵਰ ਕਾਮ ਦੀਆਂ ਜਥੇਬੰਦੀਆਂ ਅਤੇ ਮਜ਼ਦੂਰ ਜਥੇਬੰਦੀਆਂ ਵੱਲੋਂ ਅੱਠ ਦਸੰਬਰ ਨੂੰ ਪਾਵਰ ਕਾਮ ਦੀ ਸਬ-ਡਵੀਜ਼ਨ ਦਫਤਰਾਂ ਅੱਗੇ 12 ਵਜੇ ਤੋਂ ਤਿੰਨ ਵਜੇ ਤੱਕ ਧਰਨੇ ਦੇ ਕੇ ਬਿਜਲੀ ਸੋਧ ਬਿੱਲ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ । ਇਸ ਸਬੰਧੀ ਵੀਰਵਾਰ ਇੱਕ ਵਿਸ਼ਾਲ ਤਿਆਰੀ ਮੀਟਿੰਗ ਸੰਯੁਕਤ ਕਿਸਾਨ ਮੋਰਚੇ ਅਤੇ ਪਾਵਰ ਕਾਮ ਤੇ ਮਜ਼ਦੂਰ ਜਥੇਬੰਦੀਆਂ ਦੇ ਸੱਦੇ 'ਤੇ ਸ਼ਹੀਦ ਬਿਲਜੀਤ ਸਿੰਘ ਭਵਨ ਗੁਰਦਾਸਪੁਰ ਵਿਖੇ ਇੱਕ ਵਿਸ਼ਾਲ ਮੀਟਿੰਗ ਕੀਤੀ ਗਈ ਜਿਸ ਵਿੱਚ ਸਾਰੀਆਂ ਕਿਸਾਨ ਮਜ਼ਦੂਰ ਅਤੇ ਬਿਜਲੀ ਕਾਮਿਆਂ ਦੀਆਂ ਜਥੇਬੰਦੀਆਂ ਦੇ ਆਗੂਆਂ ਨੇ ਹਿੱਸਾ ਲਿਆ ।ਇਸ ਦੀ ਪ੍ਰਧਾਨਗੀ ਸਾਂਝੇ ਤੌਰ 'ਤੇ ਕਿਸਾਨ ਆਗੂ ਗੁਰਦੀਪ ਗੁਰਦੀਪ ਸਿੰਘ ਮੁਸਤਫਾਬਾਦ (ਬੀ ਕੇ ਯੂ ਕਾਦੀਆਂ) ਅਤੇ ਪਾਵਰ ਕਾਮ ਜਥੇਬੰਦੀਆਂ ਦੇ ਆਗੂ ਬਲਪੁਰੀਆਂ ਨੇ ਸਾਂਝੇ ਤੌਰ 'ਤੇ ਕੀਤੀ ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮੱਖਣ ਸਿੰਘ ਕੁਹਾੜ (ਜਮਹੂਰੀ ਕਿਸਾਨ ਸਭਾ), ਸੁਖਦੇਵ ਸਿੰਘ ਭਾਗੋਕਾਵਾਂ (ਪੰਜਾਬ ਕਿਸਾਨ ਯੂਨੀਅਨ), ਤਰਲੋਕ ਸਿੰਘ ਬਹਿਰਾਮਪੁਰ (ਕਿਰਤੀ ਕਿਸਾਨ ਯੂਨੀਅਨ), ਲਖਵਿੰਦਰ ਸਿੰਘ ਮੰਜਿਆਂਵਾਲੀ (ਬੀ ਕੇ ਯੂ ਉਗਰਾਹਾਂ), ਮੰਗਤ ਸਿੰਘ ਜੀਵਨ ਚੱਕ (ਬੀ ਕੇ ਯੂ ਡਕੌਂਦਾ), ਜਗਜੀਤ ਸਿੰਘ ਅਲੂਣਾ (ਕੁਲ ਹਿੰਦ ਕਿਸਾਨ ਸਭਾ),ਰਾਜ ਗੁਰਵਿੰਦਰ ਸਿੰਘ ਲਾਡੀ (ਕ੍ਰਾਂਤੀਕਾਰੀ ਕਿਸਾਨ ਯੂਨੀਅਨ), ਅਜੀਤ ਸਿੰਘ ਹੁੰਦਲ, ਬਚਨ ਸਿੰਘ ਭਥੇਈ, ਗੁਰਮੁਖ ਸਿੰਘ ਖਹਿਰਾ, ਅਸ਼ਵਨੀ ਕੁਮਾਰ ਲਖਣ ਕਲਾਂ, ਮਜ਼ਦੂਰ ਆਗੂ ਰਾਜ ਕੁਮਾਰ ਪੰਡੋਰੀ, ਧਿਆਨ ਸਿੰਘ ਠਾਕੁਰ, ਬਲਵਿੰਦਰ ਸਿੰਘ ਉਦੀਪੁਰ, ਸ਼ਿਵ ਕੁਮਾਰ, ਗੁਲਜਾਰ ਸਿੰਘ ਭੁੰਬਲੀ ਤੇ ਬਿਜਲੀ ਕਾਮਿਆਂ ਦੀਆਂ ਜਥੇਬੰਦੀਆਂ ਦੇ ਆਗੂ ਮੇਜਰ ਸਿੰਘ ਬਲਪੁਰੀਆ, ਸਲਵਿੰਦਰ ਸਿੰਘ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਬਿਜਲੀ ਸੋਧ ਬਿੱਲ 2025 ਸਮੂਹ ਲੋਕਾਂ ਲਈ ਬਹੁਤ ਹੀ ਖਤਰਨਾਕ ਹੈ। ਕੇਂਦਰ ਸਰਕਾਰ ਆਪਣੀ ਬਹੁਸੰਮਤੀ ਦਾ ਨਜਾਇਜ਼ ਫਾਇਦਾ

ਉਠਾਉਂਦਿਆਂ ਲੋਕ ਵਿਰੋਧੀ ਨੀਤੀਆਂ 'ਤੇ ਚੱਲ ਰਹੀ ਹੈ ਅਤੇ ਸਾਰੇ ਹੀ ਕਾਰਜ ਲੋਕਾਂ ਦੇ ਵਿਰੋਧ ਵਿੱਚ ਕਰ ਰਹੀ ਹੈ ।ਇਹ ਸਾਰੇ ਕਾਰਜ ਕਾਰਪੋਰੇਟ ਸੈਕਟਰ ਪੱਖੀ ਹਨ ਹੁਣ ਉਹਨਾਂ ਨੇ ਬਿਜਲੀ ਸੋਧ ਬਿੱਲ ਰਾਹੀਂ ਬਿਜਲੀ ਦੀ ਵੰਡ ਦਾ ਮੁਕੰਮਲ ਤੌਰ ਤੇ ਨਿੱਜੀਕਰਨ ਕਰ ਦੇਣਾ ਹੈ। ਹਰ ਮੀਟਰ ਵਿੱਚ ਚਿਪ ਲੱਗੇਗੀ। ਸਬਸਿਡੀਆਂ ਮੁਕੰਮਲ ਤੌਰ 'ਤੇ ਖਤਮ ਹੋ ਜਾਣਗੀਆਂ ।ਬੰਬੀਆਂ ਦੇ ਬਿੱਲਾਂ ਦੀ ਸਹੂਲਤ ਵੀ ਖਤਮ ਹੋ ਜਾਵੇਗੀ ਅਤੇ ਬੰਬੀਆਂ 'ਤੇ ਮੀਟਰ ਲੱਗਣਗੇ ।ਗਰੀਬਾਂ ਕੋਲੋਂ ਮੁਫਤ ਮਿਲਦੀ ਸਹਾਇਤਾ ਖੋਹ ਲਈ ਜਾਵੇਗੀ। ਇਹ ਬਿੱਲ ਗਰੀਬਾਂ ਦਾ ਕਚੂੰਮਰ ਕੱਢ ਕੇ ਰੱਖ ਦੇਵੇਗਾ ।ਆਗੂਆਂ ਕਿਹਾ ਕਿ ਇਸ ਬਿੱਲ ਨੂੰ ਰੋਕਣਾ ਬੇਹੱਦ ਜ਼ਰੂਰੀ ਹੈ ਪਰ ਬਹੁਤ ਅਫਸੋਸ ਇਸ ਗੱਲ ਦਾ ਹੈ ਕਿ ਪੰਜਾਬ ਦੀ ਸਰਕਾਰ ਨੇ ਇਸ ਬਾਰੇ ਅਜੇ ਤੱਕ ਫੈਸਲਾ ਨਹੀਂ ਲਿਆ ਅਤੇ ਬਿੱਲ ਦਾ ਵਿਰੋਧ ਕਰਨ ਲਈ ਕੁਝ ਵੀ ਨਹੀਂ ਕਿਹਾ ।ਉਹਨਾਂ ਨੇ ਇਸ ਦਾ ਵਿਰੋਧ ਕਰਨ ਦੀ ਗੱਲ ਕਹੀ ਸੀ ਪਰ ਉਹ ਚੁੱਪ ਕਰਕੇ ਬੈਠੀ ਹੋਈ ਹੈ ਜੇ ਪੰਜਾਬ ਦੀ ਸਰਕਾਰ ਨੇ ਇਸ ਬਿੱਲ ਦੇ ਵਿਰੋਧ ਵਿੱਚ ਅਸੈਂਬਲੀ ਦਾ ਵਿਸ਼ੇਸ਼ ਸੈਸ਼ਨ ਸੱਦ ਕੇ ਇਸ ਦੇ ਵਿਰੋਧ ਵਿੱਚ ਮਤਾ ਪਾਸ ਨਾ ਕੀਤਾ ਤਾਂ ਮਾਨ ਸਰਕਾਰ ਵਿਰੁੱਧ ਵੱਡਾ ਮੋਰਚਾ ਲਾਇਆ ਜਾਵੇਗਾ । ਫੈਸਲੇ ਮੁਤਾਬਕ ਇਸ ਸਬੰਧੀ ਪਾਵਰ ਕਾਮ ਦੀਆਂ ਸਾਰੀਆਂ ਸਬ ਡਿਵੀਜ਼ਨਾਂ ਗੁਰਦਾਸਪੁਰ, ਬਟਾਲਾ, ਕਲਾਨੌਰ, ਡੇਰਾ ਬਾਬਾ ਨਾਨਕ ਫਤਿਹਗੜ੍ਹ ਚੂੜੀਆਂ, ਕਾਦੀਆਂ ਸ੍ਰੀ ਹਰਬਿੰਦਪੁਰ, ਬਹਿਰਾਮਪੁਰ, ਦੀਨਾ ਨਗਰ, ਜੌੜਾ ਛਤਰਾਂ, ਕਾਹਨੂੰਵਾਨ ਆਦਿ ਥਾਵਾਂ ਤੇ 12 ਵਜੇ ਤੋਂ ਤਿੰਨ ਵਜੇ ਤੱਕ ਕਿਸਾਨਾਂ ਮਜ਼ਦੂਰਾਂ ਤੇ ਬਿਜਲੀ ਕਾਮਿਆਂ ਅਤੇ ਹੋਰ ਲੋਕ ਹਿਤੈਸ਼ੀ ਜਨਤਕ ਜਥੇਬੰਦੀਆਂ ਵੱਲੋਂ ਧਰਨੇ ਦੇ ਕੇ ਬਿੱਲ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ ।ਆਗੂਆਂ ਨੇ ਸਮੂਹ ਖਪਤਕਾਰਾਂ ਨੂੰ ਇਹਨਾਂ ਧਰਨਿਆਂ ਵਿੱਚ ਤੇ ਆਉਣ ਵਾਲੀ ਵੱਡੀ ਲੜਾਈ ਵਿੱਚ ਸ਼ਾਮਿਲ ਹੋਣ ਦੀ ਜੋਰਦਾਰ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਘਬੀਰ ਸਿੰਘ ਚਾਹਲ, ਗੁਰਮੀਤ ਸਿੰਘ ਥਾਣੇਵਾਲ, ਕੁਲਜੀਤ ਸਿੰਘ ਸਿੱਧਵਾਂ ਜਮੀਤਾ, ਰਣਜੀਤ ਸਿੰਘ ਰਾਣਾ, ਰਜਿੰਦਰ ਸਿੰਘ ਸੋਨਾ ਅਤੇ ਬਲਪ੍ਰੀਤ ਸਿੰਘ ਘਰਾਲਾ, ਬਲਬੀਰ ਸਿੰਘ ਮਾੜੇ ਤੋਂ ਇਲਾਵਾ ਬਹੁਤ ਸਾਰੇ ਹੋਰ ਆਗੂ ਵੀ ਸ਼ਾਮਲ ਸਨ। ਇਕ ਮਤੇ ਰਾਹੀਂ ਮਜ਼ਦੂਰ ਵਿਰੋਧੀ ਚਾਰ ਕੋਡਾਂ ਦਾ ਵਿਰੋਧ ਕੀਤਾ ਗਿਆ , ਠੇਕੇ ਤੇ ਕੰਮ ਕਰਦੇ ਵੱਖ ਵੱਖ ਵਿਭਾਗਾਂ ਦੇ ਕਰਮਚਾਰੀਆਂ ਦੀ ਲੜਾਈ ਦੀ ਹਮਾਇਤ ਕੀਤੀ ਗਈ ਅਤੇ ਲੇਬਰ ਦਫਤਰ ਗੁਰਦਾਸਪੁਰ ਤੋਂ ਬਟਾਲਾ ਲੈ ਕੇ ਜਾਣ ਦਾ ਜ਼ੋਰਦਾਰ ਵਿਰੋਧ ਕੀਤਾ ਗਿਆ।

ਸਪੋਰਟਸ ਮੀਟ 2025 ਦਾ ਆਯੋਜਨ

ਝਬਾਲ (ਹਰਜਿੰਦਰ ਸਿੰਘ ਸੋਨੀ)- ਅੰਮ੍ਰਿਤਸਰ ਕਾਲਜ ਆਫ ਨਰਸਿੰਗ ਅਤੇ ਅੰਮ੍ਰਿਤਸਰ ਇੰਸਟੀਚਿਊਟ ਆਫ ਪੈਰਾਮੈਡੀਕਲ ਸਾਇੰਸਿਜ਼ ਖੈਰਦੀ ਤਰਨਤਾਰਨ ਵੱਲੋਂ ਸਪੋਰਟਸ ਮੀਟ 2025 ਦਾ ਉਤਸ਼ਾਹਪੂਰਵਕ ਅਤੇ ਸਫਲ ਆਯੋਜਨ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਡਾ ਨਿਪੁਣ ਪਾਸੀ, ਡਾਇਰੈਕਟਰ ਨੇ ਆਪਣੀ ਹਾਜ਼ਰੀ ਭਰੀ, ਵਿਦਿਆਰਥੀਆਂ ਦੀ ਪ੍ਰਦਰਸ਼ਨਸ਼ੀਲਤਾ ਦੀ ਪ੍ਰਸ਼ੰਸਾ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਖੇਡਾਂ ਚਰਿੱਤਰ,ਆਤਮ ਵਿਸ਼ਵਾਸ ਅਤੇ ਸਾਫ਼ ਸੋਚ ਦਾ ਨਿਰਮਾਣ ਕਰਦੀਆਂ ਹਨ ਅਤੇ ਐਸੇ ਪ੍ਰੋਗਰਾਮ ਨੌਜਵਾਨਾਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਦੇ ਹਨ। ਪ੍ਰੋਗਰਾਮ ਦੀ ਮੇਜ਼ਬਾਨੀ ਪ੍ਰਿੰਸੀਪਲ ਡਾ ਸੰਦੀਪ ਸਿੰਘ ਨੇ ਕੀਤੀ,ਜਿਨ੍ਹਾਂ ਨੇ ਕਿਹਾ ਕਿ ਇਹ ਸਪੋਰਟਸ ਮੀਟ ਸੰਸਥਾਵਾਂ ਦੇ ਸਮੂਹਿਕ ਵਿਕਾਸ ਵੱਲ ਵਚਨਬੱਧਤਾ ਨੂੰ ਦਰਸਾਉਂਦੀ ਹੈ ਅਤੇ ਵਿਦਿਆਰਥੀਆਂ ਵੱਲੋਂ ਦਿਖਾਇਆ ਗਿਆ ਟੀਮਵਰਕ ਅਤੇ ਸਮਰਪਣ ਕਾਬਿਲ-ਏ-ਤਾਰੀਫ਼ ਹੈ।ਪ੍ਰਿੰਸੀਪਲ ਦਲੀਪ ਕੁਮਾਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਰਹੇ।ਮੁੱਖ ਇਵੈਂਟਾਂਵਿੱਚ ਬੈਡਮਿੰਟਨ,ਵਾਲੀਬਾਲ,ਕ੍ਰਿਕਟ, ਖੋ-ਖੋ, ਅਤੇ ਮੁੰਡਿਆਂ-ਕੁੜੀਆਂ ਦੀਆਂ 100 ਮੀਟਰ ਤੇ 200 ਮੀਟਰ ਦੌੜਾਂ ਵਿਸ਼ੇਸ਼ ਰੂਪ ਨਾਲ ਆਕਰਸ਼ਣ ਦਾ ਕੇਂਦਰ ਰਹੀਆਂ।

ਇਸ ਮੀਟ ਵਿੱਚ ਕਈ ਸਮਰਪਿਤ ਫੈਕਲਟੀ ਮੈਂਬਰ ਹਾਜ਼ਰ ਹੋਏ ਪ੍ਰੋ ਰਾਸਿਕ (ਕੋਆਰਡੀਨੇਟਰ - ਸਪੋਰਟਸ ਪ੍ਰੋ ਰਾਜਬੀਰ (ਕੋਆਰਡੀਨੇਟਰ - ਸਪੋਰਟਸ, ਪ੍ਰੋ ਜਸਵਿੰਦਰ ਕੌਰ,ਪ੍ਰੋ ਸੁਖਰਾਜ ਸਿੰਘ,ਪ੍ਰੋ ਰੋਜ਼ੀ,ਪ੍ਰੋ ਸੰਜਲ ਸ਼ਾਨ (ਅਕਾਦਮਿਕ ਕੋਆਰਡੀਨੇਟਰ) ਅਤੇ ਪ੍ਰੋ ਸ਼ਾਹੀਨ ਜਿਨ੍ਹਾਂ ਨੇ ਵਿਦਿਆਰਥੀਆਂ ਦਾ ਹੌਸਲਾ ਵਧਾਇਆ ਅਤੇ ਪ੍ਰੋਗਰਾਮ ਦੀ ਸਫਲਤਾ ਵਿੱਚ ਯੋਗਦਾਨ ਪਾਇਆ।ਪ੍ਰੋਗਰਾਮ ਦਾ ਸਮਾਪਨ ਇਨਾਮ ਵੰਡ ਸਮਾਰੋਹ ਨਾਲ ਹੋਇਆ,ਜਿਸ ਵਿੱਚ ਜੇਤੂਆਂ ਅਤੇ ਸਾਰੇ ਹਿੱਸਾ ਲੈਣ ਵਾਲਿਆਂ ਨੂੰ ਵਧਾਈ ਦਿੱਤੀ ਗਈ ਅਤੇ ਉਨ੍ਹਾਂ ਨੂੰ ਖੇਡ ਅਤੇ ਸਿੱਖਿਆ ਦੋਵੇਂ ਖੇਤਰਾਂ ਵਿੱਚ ਉਤਸ਼ਾਹ ਹਾਸਲ ਕੀਤਾ ਗਿਆ।

ਕਿਸਾਨ ਮਜ਼ਦੂਰ ਯੂਨੀਅਨ ਵੱਲੋਂ ਹੜ੍ਹ ਪੀੜਤਾਂ ਨੂੰ ਵੰਡੇ ਜਾ ਰਹੇ ਮੁਆਵਜ਼ੇ 'ਚ ਕੀਤੇ ਜਾ ਰਹੇ ਵਿਤਕਰੇ ਖਿਲਾਫ਼ ਰੋਸ ਧਰਨਾ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਸਰਕਾਰ ਵਲੋਂ ਹੜ ਪੀੜਤਾਂ ਨੂੰ ਵੰਡੇ ਜਾ ਰਹੇ ਮੁਆਵਜੇ ਨਾਲ ਸਬੰਧਿਤ ਕਿਸਾਨਾਂ-ਮਜ਼ਦੂਰਾਂ ਤੇ ਹੋਰ ਲੋਕਾਂ ਦੀਆਂ ਮੰਗਾਂ/ਮੁਸ਼ਕਲਾਂ ਅਤੇ ਸਮੱਸਿਆਵਾਂ ਨੂੰ ਲੈ ਕੇ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਵਲੋਂ ਜੋਗਿੰਦਰ ਸਿੰਘ ਖੰਨਾ ਚਮਾਰਾ, ਗੁਰਪਿੰਦਰ ਸਿੰਘ ਉੱਚਾ ਧਕਾਲਾ, ਸੁਖਵੰਤ ਸਿੰਘ ਸਠਿਆਲੀ, ਅਮਰਜੀਤ ਸਿੰਘ ਅਤੇ ਚਮਨ ਮਸੀਹ ਲੱਖੋਵਾਲ ਉਪਰ ਅਧਾਰਤ ਇਕ ਪ੍ਰਧਾਨਗੀ ਮੰਡਲ ਦੀ ਪ੍ਰਧਾਨਗੀ ਹੇਠ ਰੋਸ ਧਰਨਾ ਦਿੱਤਾ ਗਿਆ।

ਇਸ ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨਗੀ ਮੰਡਲ ਦੇ ਆਗੂ ਬਲਬੀਰ ਸਿੰਘ ਰੰਧਾਵਾ, ਸਤਬੀਰ ਸਿੰਘ ਖੋਦੇ ਬੇਟ, ਅਵਤਾਰ ਸਿੰਘ ਰੰਧਾਵਾ, ਮਾ: ਸੁੱਚਾ ਸਿੰਘ ਰਾਮ ਦੀਵਾਲੀ, ਚਰਨਜੀਤ ਸਿੰਘ ਲੱਖੋਵਾਲ , ਸਰਵਣ ਸਿੰਘ ਰੜੇਵਾਲੀ ਮੰਗਲ ਸਿੰਘ ਸੇਖਾ, ਨਵਦੀਪ ਸਿੰਘ ਤੁੰਗ, ਗੁਰਪਾਲ ਸਿੰਘ ਭਾਗੋਕਾਵਾਂ ਅਤੇ ਸੁਖਦੇਵ ਸਿੰਘ ਲੱਖੋਵਾਲ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੱਲੋਂ ਜੋ ਹੜ -ਪੀੜਤਾਂ ਨੂੰ ਮੁਆਵਜੇ ਦੀ ਵੰਡ ਕੀਤੀ ਜਾ ਰਹੀ ਹੈ ਉਸ ਵਿੱਚ ਜਿੱਥੇ ਸਿਆਸੀ ਵਿਤਕਰੇਬਾਜੀ ਕੀਤੀ ਜਾ ਰਹੀ ਹੈ। ਇਸ ਸਮੇਂ ਡਿਪਟੀ ਕਮਿਸ਼ਨਰ ਨੂੰ ਪੇਸ਼ ਕੀਤੇ ਗਏ ਇੱਕ ਮੰਗ ਪੱਤਰ ਵਿੱਚ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਮੰਗ ਕੀਤੀ ਗਈ ਕਿ ਕਿਸਾਨਾਂ ਮਜ਼ਦੂਰਾਂ ਤੇ ਹੋਰ ਲੋਕਾਂ ਨੂੰ ਮੁਆਵਜਾ ਵੰਡਣ ਵਿੱਚ ਕੀਤੀ ਜਾ ਰਹੀ ਸਿਆਸੀ ਵਿਤਕਰੇਬਾਜੀ ਬੰਦ ਕੀਤੀ ਜਾਵੇ ਅਤੇ ਬਿਨਾਂ ਭਿੰਨ -ਭੇਦ ਕੀਤਿਆਂ ਸਾਰੇ ਹੜ ਪੀੜਤਾਂ ਨੂੰ ਮੁਆਵਜਾ ਦਿੱਤਾ ਜਾਵੇ।

ਵਕਫ ਬੋਰਡ /ਸ਼੍ਰੋਮਣੀ ਕਮੇਟੀ ਜਾਂ ਹੋਰ ਅਦਾਰਿਆਂ ਦੀ ਜਮੀਨ ਠੇਕੇ ਪਟੇ ਉੱਪਰ ਲੈ ਕੇ ਖੇਤੀ ਕਰ ਰਹੇ ਕਿਸਾਨਾਂ ਨੂੰ ਮੁਆਵਜ਼ਾ ਦੇਣ ਦੀ ਪ੍ਰਕਿਰਿਆ ਸਰਲ ਬਣਾ ਕੇ ਇਹਨਾਂ ਕਿਸਾਨਾਂ ਨੂੰ ਵੀ ਮੁਆਵਜਾ ਦਿੱਤਾ ਜਾਣਾ ਯਕੀਨੀ ਬਣਾਇਆ ਜਾਵੇ। ਪਰਦੇਸ ਜਾਂ ਸੈਂਟਰ ਸਰਕਾਰ ਦੀ ਜਮੀਨ ਉੱਪਰ ਕਾਸ਼ਤ ਕਰ ਰਹੇ ਕਿਸਾਨਾਂ ਨੂੰ ਇਸ ਮੁਆਵਜੇ ਦਾ ਹੱਕਦਾਰ ਮੰਨ ਕੇ ਉਹਨਾਂ ਨੂੰ ਵੀ ਬਿਨ ਵਿਤਕਰਾ ਮੁਆਵਜਾ ਦਿੱਤਾ ਜਾਵੇ। ਬੇਜ਼ਮੀਨੇ ਅਤੇ ਮਜ਼ਦੂਰ ਪਰਿਵਾਰਾਂ ਨੂੰ ਆਪਣੀ ਜ਼ਿੰਦਗੀ ਨਵੇਂ ਸਿਰੇ ਤੋਂ ਸ਼ੁਰੂ ਕਰਨ ਲਈ ਇਕ ਲੱਖ ਰੁਪਏ ਪ੍ਰਤੀ ਪਰਿਵਾਰ ਤੁਰੰਤ ਦਿੱਤੇ ਜਾਣ ਅਤੇ ਹੜ ਪੀੜਤ ਇਲਾਕਿਆਂ ਵਿੱਚ ਮਨਰੇਗਾ ਸਕੀਮ ਦੇ ਤਹਿਤ ਤੁਰੰਤ ਕੰਮ ਸ਼ੁਰੂ ਕਰਕੇ ਮਨਰੇਗਾ ਕਾਰਡ ਧਾਰਕਾਂ ਨੂੰ ਕੰਮ ਮੁਹੱਈਆ ਕਰਵਾਇਆ ਜਾਵੇ। ਇਸ ਮੌਕੇ ਮੁਖਵਿੰਦਰ ਸਿੰਘ ਚਿਕੜੀ, ਡਾਗੁਰਮੀਤ ਸਿੰਘ ਹੱਲਾ, ਪ੍ਰਭ ਜੋਤ ਸਿੰਘ ਬਹਿਲੋਲਪੁਰ, ਗੁਰਨਾਮ ਸਿੰਘ ਭਾਗੋਕਾਵਾਂ, ਦਲੇਰ ਸਿੰਘ ਬਥਵਾਲਾ, ਸੁਖਬੀਰ ਸਿੰਘ ਰੰਧਾਵਾ, ਕੁਲਜੀਤ ਸਿੰਘ ਬਹਿਰਾਮਪੁਰ, ਲਾਡੀ ਠਾਕੁਰ, ਜਸਬੀਰ ਸਿੰਘ ਸੇਖਾ, ਸਰਬਜੀਤ ਸਿੰਘ ਤਲਵੰਡੀ, ਸਤਨਾਮ ਸਿੰਘ ਖੁਸ਼ੀਪੁਰ, ਅਮਨਦੀਪ ਸਿੰਘ ਗੁਰਾਇਆ, ਕੁਲਦੀਪ ਸਿੰਘ ਲਾਡੀ ਆਦਿ ਹਾਜ਼ਰ

5 Dec Page 12.qxd 12/4/2025 11:20 PM Page 1

ਚੇਤਨਾ ਪ੍ਰਾਜੈਕਟ ਦੀ ਸਫਲਤਾਪੂਰਵਕ ਸਮਾਪਤੀ

ਜਲੰਧਰ (ਸੁਰਿੰਦਰ ਕੁਮਾਰ)- ਚੇਤਨਾ ਪ੍ਰਾਜੈਕਟ, ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਦੀ ਵਿਦਿਆਰਥੀਆਂ ਨੂੰ ਜ਼ਰੂਰੀ, ਵਿਹਾਰਕ ਅਤੇ ਭਵਿੱਖ ਲਈ ਤਿਆਰ (ਫਿਊਚਰ ਰੇਡੀ) ਜੀਵਨ ਹੁਨਰਾਂ ਨਾਲ ਲੈਸ ਕਰਨ ਦੀ ਅਹਿਮ ਜ਼ਿਲ੍ਹਾ ਵਿਆਪੀ ਪਹਿਲ ਹੈ, ਜੋ 28 ਨਵੰਬਰ ਨੂੰ 'ਚੇਤਨਾ ਕਨਫਲੂਐਂਸ: ਸਕਿੱਲ ਤੇ ਸਰਵਾਈਵਲ' ਦੀ ਸਫ਼ਲਤਾਪੂਰਵਕ ਸਮਾਪਤੀ ਨਾਲ ਵੱਡਾ ਮੀਲ ਪੱਥਰ ਸਾਬਿਤ ਹੋਈ। 17 ਅਕਤੂਬਰ ਨੂੰ ਸ਼ੁਰੂ ਕੀਤੇ ਗਏ ਪ੍ਰਾਜੈਕਟ ਚੇਤਨਾ ਨੇ 70 ਤੋਂ ਜ਼ਿਆਦਾ ਸਕੂਲਾਂ ਤੱਕ ਤੇਜ਼ੀ ਨਾਲ ਵਿਸਥਾਰ ਕੀਤਾ, ਜਿਸ ਵਿੱਚ 15000 ਵਿਦਿਆਰਥੀਆਂ ਨੂੰ ਕਵਰ ਕਰਦੇ ਹੋਏ ਢਾਂਚਾਗਤ ਯੋਜਨਾਬੰਦੀ, ਡਿਜੀਟਲ ਢੰਗ ਨਾਲ ਨਿਗਰਾਨੀ ਅਤੇ ਮਿਆਰੀ ਸਿਖ਼ਲਾਈ ਮਡਿਊਲ ਅਤੇ 'ਸੇ-ਡੂ-ਆਸਕ' ਵਿਧੀ ਦੇ ਮਾਧਿਅਮ ਨਾਲ ਕਲਾਸਰੂਮਜ਼ ਵਿੱਚ ਬਦਲਾਅ ਲਿਆਂਦਾ ਜਾ ਰਿਹਾ ਹੈ। ਇਹ ਪ੍ਰਾਜੈਕਟ 6 ਮਹੱਤਵਪੂਰਣ ਵਿਸ਼ਿਆਂ 'ਤੇ ਕੇਂਦਰਿਤ ਹੈ -ਡਿਜੀਟਲ ਸਾਖ਼ਰਤਾ, ਵਿੱਤੀ ਜਾਗਰੂਕਤਾ, ਲਿੰਗ ਸੰਵੇਦਨਸ਼ੀਲਤਾ, ਸਵੱਛਤਾ ਅਤੇ ਸਫਾਈ, ਫਸਟ ਏਡ ਤੇ ਐਮਰਜੈਂਸੀ ਰਿਸਪਾਂਸ ਅਤੇ ਕਰੀਅਰ ਗਾਈਡੈਂਸ। ਡਿਪਟੀ ਕਮਿਸ਼ਨਰ ਜਲੰਧਰ ਡਾ. ਹਿਮਾਂਸ਼ੂ ਅਗਰਵਾਲ ਦੀ ਰਹਿਨੁਮਾਈ ਅਤੇ ਸਹਾਇਕ ਕਮਿਸ਼ਨਰ ਮੁਕਿਲਨ ਦੀ ਅਗਵਾਈ ਵਿੱਚ ਇਸ ਪ੍ਰਾਜੈਕਟ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਦਾ ਕੰਮ ਕ੍ਰਿਤਿਕਾ ਸੇਤੀਆ ਕਰ ਰਹੇ ਹਨ। ਤਿੰਨ ਗੇੜ ਦੀ ਅਧਿਆਪਕ ਸਿਖ਼ਲਾਈ, ਡੈਮੋ ਅਤੇ ਜ਼ਿਲ੍ਹਾ ਦਫ਼ਤਰਾਂ ਦੇ ਵਿਆਪਕ ਦੌਰਿਆਂ ਦੇ ਨਾਲ ਇਸ ਪਹਿਲ ਨੇ ਪਾਰਦਰਸ਼ਤਾ, ਰੀਅਲ ਵਰਲਡ ਲਰਨਿੰਗ ਅਤੇ ਲੋਕਾਂ ਦੀ ਸ਼ਮੂਲੀਅਤ ਨੂੰ ਆਪਣੇ ਮੂਲ ਵਿੱਚ ਸ਼ਾਮਲ ਕਰ ਲਿਆ ਹੈ।ਇਸ ਪ੍ਰਾਜੈਕਟ ਵਿੱਚ 6 ਮੁੱਖ ਵਿਸ਼ੇ ਸ਼ਾਮਲ ਹਨ: ਡਿਜੀਟਲ ਸਾਖ਼ਰਤਾ, ਵਿੱਤੀ ਜਾਗਰੂਕਤਾ, ਲਿੰਗ ਸੰਵੇਦਨਸ਼ੀਲਤਾ, ਸਵੱਛਤਾ ਅਤੇ ਸਫਾਈ, ਫਸਟ ਏਡ ਤੇ ਐਮਰਜੈਂਸੀ ਰਿਸਪਾਂਸ ਅਤੇ ਕਰੀਅਰ ਗਾਈਡੈਂਸ। ਹਰ ਸ਼ੁੱਕਰਵਾਰ, ਭਾਗ ਲੈਣ ਵਾਲੇ ਸਕੂਲਾਂ ਦੇ ਅਧਿਆਪਕ ਚੇਤਨਾ ਸੈਸ਼ਨ ਕਰਵਾਉਂਦੇ ਹਨ।28 ਨਵੰਬਰ ਨੂੰ ਸਮਾਪਤੀ ਸਮਾਰੋਹ ਵਿੱਚ ਜ਼ਿਲ੍ਹੇ ਭਰ ਦੇ ਵਿਦਿਆਰਥੀ ਇਕੱਤਰ ਹੋਏ, ਜੋ ਕਿ ਪ੍ਰਾਜੈਕਟ ਚੇਤਨਾ ਦੇ ਵਿਆਪਕ ਪ੍ਰਭਾਵ ਨੂੰ ਦਰਸਾਉਂਦਾ ਹੈ।

ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ 20 ਨੂੰ ਪੈਨਸ਼ਨਰ ਦਿਵਸ ਮਨਾਉਣ ਦਾ ਫੈਸਲਾ

ਜਲੰਧਰ (ਜਗਤਾਰ ਸਿੰਘ ਭੁੰਗਰਨੀ/ਰਾਜੇਸ਼ ਥਾਪਾ)- ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਵੱਲੋਂ 20 ਦਸੰਬਰ ਨੂੰ ਸਵੇਰੇ 10-30 ਵਜੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ, ਮੋਗਾ ਵਿਖੇ ਸੂਬਾ ਪੱਧਰੀ ਪੈਨਸ਼ਨਰ ਦਿਵਸ ਮਨਾਉਣ ,5 ਅਗਸਤ ਤੋਂ 13 ਅਗਸਤ ਤੱਕ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ ਮਿਤੀ 28 ਨਵੰਬਰ ਨੂੰ ਜਾਰੀ ਪੈਨਸ਼ਨਰ ਵਿਰੋਧੀ ਪੱਤਰ ਦੀਆਂ ਕਾਪੀਆਂ ਫੂਕਣ ਦੇ ਫੈਸਲੇ ਸਥਾਨਕ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਵਿਖੇ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਕੀਤੇ ਗਏ। ਮੀਟਿੰਗ ਦੇ ਸ਼ੁਰੂ ਵਿੱਚ ਪਿਛਲੇ ਸਮੇਂ ਦੌਰਾਨ ਸਦੀਵੀ ਵਿਛੋੜਾ ਦੇ ਗਏ ਵੱਖ ਵੱਖ ਵਿਅਕਤੀਆਂ ਨੂੰ ਯਾਦ ਕਰਦੇ ਹੋਏ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਵੱਲੋਂ 16 ਨਵੰਬਰ ਨੂੰ ਮੁੱਖ ਮੰਤਰੀ ਪੰਜਾਬ ਦੇ ਵਿਧਾਨ ਸਭਾ ਹਲਕਾ ਧੂਰੀ ਵਿਖੇ ਹੋਈ ਸੂਬਾ ਪੱਧਰੀ ਰੈਲੀ ਅਤੇ ਪੰਜਾਬ ਰੋਡਵੇਜ਼ ਤੇ ਪੀ ਆਰ ਟੀ ਸੀ ਦੇ ਕੱਚੇ ਕਾਮਿਆਂ ਵੱਲੋਂ ਕੀਤੀਆਂ ਜਾ ਰਹੀਆਂ ਲਗਾਤਾਰ ਹੜਤਾਲਾਂ ਅਤੇ ਸਰਕਾਰ ਵੱਲੋਂ ਅਪਣਾਏ ਗਏ ਦਮਨਕਾਰੀ ਰਵਈਏ ਬਾਰੇ ਸਾਰੇ ਤਾਜ਼ਾ ਹਾਲਤਾਂ ਸਬੰਧੀ ਰੌਸ਼ਨੀ ਪਾਈ ਗਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਚੇਅਰਮੈਨ ਗੁਰਦੀਪ ਸਿੰਘ ਮੋਤੀ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ, ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਮੁੱਖ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ, ਸੂਬਾ ਸਲਾਹਕਾਰ ਗੁਰਬਖਸ਼ ਸਿੰਘ ਢਿੱਲੋਂ, ਵਿੱਤ ਸਕੱਤਰ ਪ੍ਰਿਤਪਾਲ ਸਿੰਘ ਪੰਡੋਰੀ, ਅਧਿਆਪਕ ਆਗੂ ਬਲਕਾਰ ਵਲਟੋਹਾ ਨੇ ਕਿਹਾ ਕਿ 8 ਦਸੰਬਰ ਨੂੰ ਪੰਜਾਬ ਰਾਜ ਬਿਜਲੀ ਬੋਰਡ ਦੇ ਸਬ ਡਿਵੀਜ਼ਨ ਦਫਤਰਾਂ ਸਾਹਮਣੇ ਕਿਸਾਨਾਂ, ਮੁਲਾਜ਼ਮਾਂ ਤੇ ਹੋਰ ਇਨਸਾਫ ਪਸੰਦ ਜਥੇਬੰਦੀਆਂ ਵੱਲੋਂ ਦਿੱਤੇ ਜਾ ਰਹੇ ਰੋਸ ਧਰਨਿਆਂ ਵਿੱਚ ਪੰਜਾਬ ਪੈਨਸ਼ਨਰ ਯੂਨੀਅਨ ਵੱਲੋਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ 16 ਫੀਸਦੀ ਦੀ ਦਰ ਨਾਲ ਡੀ ਏ ਦੀਆਂ ਬਕਾਇਆ ਪਈਆਂ ਪੰਜ ਕਿਸਤਾਂ ਤੁਰੰਤ ਦਿੱਤੀਆਂ ਜਾਣ, ਤਨਖਾਹ ਕਮਿਸ਼ਨ ਦਾ ਬਣਦਾ ਬਕਾਇਆ ਤੁਰੰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕੀਤੀ ਜਾਵੇ, ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦਾ ਤੁਰੰਤ ਗਠਨ ਕੀਤਾ ਜਾਵੇ, ਠੇਕਾ ਅਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਤੁਰੰਤ ਰੈਗੂਲਰ ਕੀਤਾ ਜਾਵੇ, ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਦੇ ਤਨਖਾਹ ਸਕੇਲਾਂ ਸਬੰਧੀ ਮਾਨਯੋਗ ਸੁਪਰੀਮ ਕੋਰਟ ਦਾ ਫੈਸਲਾ ਤੁਰੰਤ ਜਨਰਲਾਈਜ਼ ਕੀਤਾ ਜਾਵੇ, ਪੰਜਾਬ ਰੋਡਵੇਜ਼ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹੱਕ ਵਿੱਚ ਹੋਏ ਵੱਖ ਵੱਖ ਅਦਾਲਤੀ ਫੈਸਲੇ ਤੁਰੰਤ ਲਾਗੂ ਕੀਤੇ ਜਾਣ, ਮੁੱਖ ਮੰਤਰੀ ਪੰਜਾਬ ਸਰਕਾਰ ਵੱਲੋਂ ਤੁਰੰਤ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੇ ਫਰੰਟ ਦੀ ਲੀਡਰਸ਼ਿਪ ਨਾਲ ਮੀਟਿੰਗ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਹੱਲ ਕੀਤੇ ਜਾਣ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਨਸੀਬ ਸਿੰਘ ਜੜੋਤ, ਬਲਵੰਤ ਸਿੰਘ ਸੰਧੂ ਫਿਰੋਜ਼ਪੁਰ, ਗੁਰਦੀਪ ਸਿੰਘ ਪਠਾਨਕੋਟ, ਅਜਮੇਰ ਸਿੰਘ ਮੋਗਾ, ਜਗਦੀਸ਼ ਸਿੰਘ ਜਗਰਾਉਂ, ਮਹਿੰਦਰ ਸਿੰਘ ਰੋਪੜ, ਕੁਲਵੰਤ ਸਿੰਘ ਚਾਨੀ ਫਰੀਦਕੋਟ ਆਦਿ ਹਾਜ਼ਰ ਸਨ।

ਖ਼ੂਨਦਾਨ ਕੈਂਪ 'ਚ 2287 ਯੂਨਿਟ ਖ਼ੂਨ ਇਕੱਤਰ

ਮੁਹਾਲੀ (ਗੁਰਜੀਤ ਬਿੱਲਾ)- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਬੁੱਢਾ ਦਲ ਦੇ ਸੱਤਵੇਂ ਜੱਥੇਦਾਰ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਬਲਬੀਰ ਸਿੰਘ ਪਾਰਸ ਅੰਮ੍ਰਿਤਸਰ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦਾ ਜੀਵਨ ਬ੍ਰਿਤਾਂਤ ਸੁਣਾਉਂਦੇ ਹੋਏ ਦੱਸਿਆ ਕਿ ਉਨਾਂ ਦਾ ਜਨਮ 1755 ਈ. ਵਿੱਚ ਪਿਤਾ ਗਰਜਾ ਸਿੰਘ ਬਾਠ ਦੇ ਗ੍ਰਹਿ ਵਿਖੇ ਮਾਤਾ ਹਰਨਾਮ ਕੌਰ ਦੀ ਕੁੱਖੋਂ ਪਿੰਡ ਨਾਰੰਗਪੁਰ ਵਾਲਾ ਜ਼ਿਲ੍ਹਾ ਫਿਰੋਜ਼ਪੁਰ ਵਿੱਖੇ ਹੋਇਆ। ਅੱਖਾਂ ਦੇ ਫਰੀ ਚੈੱਕਅੱਪ ਅਤੇ ਆਪਰੇਸ਼ਨ ਕੈਂਪ ਵਿੱਚ ਮਾਹਿਰ ਡਾਕਟਰਾਂ ਵਲੋਂ ਵੱਡੀ ਗਿਣਤੀ ਵਿੱਚ ਮਰੀਜ਼ਾਂ ਦੀਆਂ ਅੱਖਾਂ ਦਾ ਮੁਆਇਨਾ ਕੀਤਾ ਗਿਆ, ਲੋੜਵੰਦ ਮਰੀਜਾਂ ਦੇ ਅੱਖਾਂ ਦੇ ਅਪਰੇਸ਼ਨ ਪ੍ਰਬੰਧਕ ਕਮੇਟੀ ਵਲੋ ਕਰਵਾਏ ਜਾਣਗੇ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਸ੍ਰੀ ਦਰਬਾਰ ਸਾਹਿਬ ਜੀ ਦੀ ਅੰਦਰੋਂ ਵਿਸ਼ੇਸ਼ ਰੂਪ ਨਾਲ ਫੁੱਲਾਂ ਨਾਲ ਸਜਾਵਟ ਕੀਤੀ ਗਈ ਸੀ। ਸ੍ਰੀ ਦਰਬਾਰ ਸਾਹਿਬ ਜੀ ਨੂੰ ਬਾਹਰੋਂ ਅਤੇ ਗੇਟ ਤੱਕ ਦੇ ਰਸਤੇ ਨੂੰ ਰੰਗ ਬਿਰੰਗੀਆਂ ਲਾਈਟਾਂ ਨਾਲ ਬਹੁਤ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ। ਬਾਬਾ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰਖਦੇ ਹੋਏ ਹੈਲੀਕਾਪਟਰ ਨਾਲ ਅਸਮਾਨ ਤੋਂ ਫੁੱਲਾਂ ਦੀ ਵਰਖਾ ਕੀਤੀ ਗਈ। ਜਨਮ ਦਿਹਾੜੇ ਦੀ ਖੁਸ਼ੀ ਵਿੱਚ ਹਜਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਕਈ ਤਰ੍ਹਾਂ ਦੀਆਂ ਮਿਠਾਈਆਂ, ਪਕਵਾਨਾਂ ਅਤੇ ਗੁਰੂ ਕਾ ਲੰਗਰ ਸੰਗਤਾਂ ਨੂੰ ਸਾਰਾ ਦਿਨ ਅਤੁੱਟ ਵਰਤਾਇਆ ਗਿਆ। ਬ੍ਰਹਮਲੀਨ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦੇ ਬਚਨਾਂ ਸਦਕਾ ਧੰਨ ਧੰਨ ਅਮਰ ਸ਼ਹੀਦ ਜਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੀ ਯਾਦ ਵਿੱਚ ਸਮੂਹ ਮਾਨਵਤਾ ਦੇ ਭਲੇ ਲਈ ਵਿਸ਼ਾਲ ਖ਼ੂਨਦਾਨ ਕੈਂਪ ਦੀ ਅਰੰਭਤਾ ਸਵੇਰੇ 8:00 ਵਜੇ ਕੀਤੀ ਗਈ । ਇਸ ਖ਼ੂਨਦਾਨ ਕੈਂਪ ਵਿੱਚ ਪੀ ਜੀ ਆਈ, ਜਨਰਲ ਹਸਪਤਾਲ ਸੈਕਟਰ 16, ਸਰਕਾਰੀ ਹਸਪਤਾਲ ਸੈਕਟਰ 32, ਰੋਟਰੀ ਬਲੱਡ ਬੈਂਕ ਸੈਕਟਰ 37, ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਚੈਰੀਟੇਬਲ ਹਸਪਤਾਲ ਸੋਹਾਣਾ, ਸਿਵਲ ਹਸਪਤਾਲ ਮੋਹਾਲੀ, ਸਿਵਲ ਹਸਪਤਾਲ ਖਰੜ, ਸਿਵਲ ਹਸਤਪਾਲ ਰੋਪੜ ਅਤੇ ਮੈਕਸ ਹਸਪਤਾਲ ਮੋਹਾਲੀ ਦੇ ਬਲੱਡ ਬੈਂਕ ਦੀਆਂ ਟੀਮਾਂ ਨੇ ਲੋੜਵੰਦਾਂ ਵਾਸਤੇ ਖ਼ੂਨ ਇਕੱਤਰ ਕੀਤਾ। ਸ਼ਰਧਾਲੂਆਂ ਵਿੱਚ ਖ਼ੂਨਦਾਨ ਕਰਨ ਲਈ ਬਹੁਤ ਹੀ ਜਿਆਦਾ ਉਤਸ਼ਾਹ ਸੀ । ਇਨ੍ਹਾਂ ਸਾਰੀਆਂ ਬਲੱਡ ਬੈਂਕਾਂ ਦੀਆਂ ਟੀਮਾਂ ਵੱਲੋਂ ਕੁੱਲ 2287 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਇਸ ਦੌਰਾਨ ਸਾਰੇ ਖ਼ੂਨਦਾਨੀਆਂ ਨੂੰ ਹਰ ਵਾਰ ਦੀ ਤਰ੍ਹਾਂ ਪ੍ਰਬੰਧਕ ਕਮੇਟੀ ਵੱਲੋਂ ਦੇਸੀ ਘਿਓ ਦੀ ਪੰਜੀਰੀ, ਸਨਮਾਨ ਚਿੰਨ ਅਤੇ ਸਰਟੀਫਿਕੇਟ ਨਾਲ ਸਨਮਾਨਤ ਕੀਤਾ ਗਿਆ । ਇਸ ਖ਼ੂਨਦਾਨ ਕੈਂਪ ਵਿੱਚ ਸੰਤ ਬਾਬਾ ਮਹਿੰਦਰ ਸਿੰਘ ਜੀ ਲੰਬਿਆਂ ਵਾਲੇ, ਸੰਤ ਬਾਬਾ ਪਰਮਜੀਤ ਸਿੰਘ ਜੀ ਹੰਸਾਲੀ ਵਾਲੇ, ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ ਜੀ 96 ਕਰੋੜੀ ਅਤੇ ਕਈ ਸੰਤ-ਮਹਾਂਪੁਰਸ਼ਾਂ ਨੇ ਖ਼ੂਨਦਾਨੀਆਂ ਨੂੰ ਆਪ ਆ ਕੇ ਆਸ਼ੀਰਵਾਦ ਦਿੱਤਾ।

ਸਾਈਬਰ ਕ੍ਰਾਈਮ ਤੇ ਨਸ਼ਿਆਂ ਵਿਰੁੱਧ ਬੱਚਿਆਂ ਨੂੰ ਕੀਤਾ ਜਾਗਰੂਕ

ਫਿਲੌਰ (ਨਿਰਮਲ)- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਸੂਰਪੁਰ ਵਿਖੇ ਇਸ ਸਕੂਲ ਦੇ ਪੁਰਾਣੇ ਵਿਦਿਆਰਥੀ ਰਹਿ ਚੁੱਕੇ ਏ ਐੱਸ ਆਈ ਚਰਨਜੀਤ ਸਿੰਘ ਇੰਚਾਰਜ ਸਬ ਡਿਵੀਜ਼ਨ ਸਾਂਝ ਕੇਂਦਰ ਫਿਲੌਰ ਵੱਲੋਂ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਨੂੰ ਦਿਨੋਂ-ਦਿਨ ਵੱਧ ਰਹੇ ਸਾਈਬਰ ਕ੍ਰਾਈਮ ਤੋਂ ਬਚਣ ਲਈ ਪ੍ਰੇਰਿਤ ਕੀਤਾ। ਟਰੈਫ਼ਿਕ ਨਿਯਮਾਂ ਪ੍ਰਤੀ ਜਾਗਰੂਕ ਕੀਤਾ ਅਤੇ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਚੱਲ ਰਹੀ ਮੁਹਿਮ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਹਨਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਿ ਨਸ਼ਾ ਰੂਪੀ ਕੋਹੜ ਸਾਡੇ ਨੌਜਵਾਨਾਂ ਨੂੰ ਅੰਦਰੋਂ ਅੰਦਰੀ ਘੁਣ ਵਾਂਗ ਖਾ ਰਿਹਾ ਹੈ। ਸੈਂਕੜੇ ਨੌਜਵਾਨ ਕੀਮਤੀ ਜਾਨਾਂ ਅਜਾਈ ਗੁਆ ਰਹੇ ਹਨ। ਇਹਨਾਂ ਤੋਂ ਬਚਣ ਲਈ ਖੇਡਾਂ ਅਤੇ ਪੜ੍ਹਾਈ ਵਿੱਚ ਵਿਦਿਆਰਥੀਆਂ ਨੂੰ ਧਿਆਨ ਦੇਣਾ ਚਾਹੀਦਾ ਹੈ। ਮਾਸਟਰ ਅਵਤਾਰ ਲਾਲ ਨੇ ਚਰਨਜੀਤ ਸਿੰਘ ਵੱਲੋਂ ਇਸ ਮੌਕੇ ਅਤੇ ਇਸ ਤੋਂ ਪਹਿਲਾਂ ਸਕੂਲ ਲਈ ਪਾਏ ਬਹੁਮੁੱਲੇ ਯੋਗਦਾਨ ਲਈ ਧੰਨਵਾਦ ਕੀਤਾ। ਸਕੂਲ ਵੱਲੋਂ ਉਹਨਾਂ ਨੂੰ ਮੋਮੈਂਟੋ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਮੈਡਮ ਰੇਖਾ ਮਹਿਤਾ, ਗੁਰਬਖਸ਼ ਕੌਰ, ਸੁਰਜੀਤ ਕੁਮਾਰ, ਮੈਡਮ ਵਸੂਧਾ, ਸ਼ੁਭਮ ਗੋਇਲ, ਕੁਲਵਿੰਦਰ ਕੌਰ, ਮੈਡਮ ਸ਼ੀਤਲ, ਹਿਨਾ ਰੰਕੇਸ਼, ਅਮਰਜੀਤ ਕੌਰ, ਪ੍ਰਭਜੋਤ ਕੌਰ ਆਦਿ ਹਾਜ਼ਰ ਸਨ।

ਅਚਾਨਕ ਪਸ਼ੂ ਅੱਗੇ ਆਉਣ ਨਾਲ 2 ਕਾਰਾਂ ਆਪਸ 'ਚ ਟਕਰਾਈਆਂ

ਬਲਾਚੌਰ (ਜਸਵਿੰਦਰ ਬੈਂਸ)- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਰੋਪੜ੍ਹ ਨੈਸ਼ਨਲ ਹਾਈਵੇ ਤੇ ਮੌਜੂਦ ਪਿੰਡ ਜਮੀਤਗੜ੍ਹ ਨਜ਼ਦੀਕ ਬੇਸਹਾਰਾ ਪਸ਼ੂ ਅਚਾਨਕ ਕਾਰਾਂ ਦੇ ਅੱਗੇ ਆਉਣ ਕਾਰਨ ਦੋ ਕਾਰਾਂ ਆਪਸ ਵਿੱਚ ਟਕਰਾਉਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ । ਇਸ ਐਕਸੀਡੈਂਟ ਬਾਰੇ ਜਾਣਕਾਰੀ ਦਿੰਦੇ ਹੋਏ ਐੱਸ ਐੱਸ ਐੱਫ ਟੀਮ ਦੇ ਇੰਚਾਰਜ ਏ ਐਸ ਆਈ ਕੁਲਦੀਪ ਕੁਮਾਰ ਨੇ ਦੱਸਿਆ ਕਿ ਉਹਨਾਂ ਨੂੰ ਰਾਹਗੀਰਾਂ ਸੂਚਨਾ ਮਿਲੀ ਸੀ ਕਿ ਪਿੰਡ ਜਮੀਤਗੜ੍ਹ ਭੱਲਾ ਨੈਸ਼ਨਲ ਹਾਈਵੇ ਤੇ ਗੁਰਦੁਆਰਾ ਸਾਹਿਬ ਦੇ ਸਾਹਮਣੇ ਐਕਸੀਡੈਂਟ ਹੋ ਗਿਆ ਹੈ ਉਹਨਾਂ ਦੀ ਟੀਮ ਨੇ ਜਾ ਕੇ